ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 11 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੬ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ

# ਕੈਪਟਨ ਹਰਚਰਨ ਸਿੰਘ ਰੋਡੇ ਨੂੰ ਹਜ਼ਾਰਾਂ ਲੋਕਾਂ ਨੇ ਭੋਗ ਤੇ ਦਿੱਤੀ ਸ਼ਰਧਾਂਜਲੀ

## ਕੈਪਟਨ ਹਰਚਰਨ ਸਿੰਘ ਰੋਡੇ ਨੂੰ ਇਤਿਹਾਸ ਵਿੱਚ ਉਸ ਦਰਦ ਲਈ ਯਾਦ ਕੀਤਾ ਜਾਵੇਗਾ ਜੋ ਉਨ੍ਹਾਂ ਨੇ ਸਹਿਣ ਕੀਤਾ ਤਾਂ ਜੋ ਦੂਸਰੇ ਆਜ਼ਾਦ ਹੋ ਸਕਣ : ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ







**ਮੋਗਾ/ਨਵੀਂ ਦਿੱਲੀ 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਭਰਾ ਕੈਪਟਨ ਹਰਚਰਨ ਸਿੰਘ ਰੋਡੇ ਦੇ ਭੋਗ ਅਤੇ ਅੰਤਿਮ ਅਰਦਾਸ ਵਿੱਚ ਹਜ਼ਾਰਾਂ ਲੋਕ ਨੇ ਸੋਮਵਾਰ ਨੂੰ ਪਿੰਡ ਰੋਡੇ ਦੇ ਗੁਰਦੁਆਰਾ ਸੰਤ ਖਾਲਸਾ ਵਿਖੇ ਸ਼ਰਧਾਂਜਲੀਆਂ ਦਿੱਤੀਆਂ। ਕੈਪਟਨ ਹਰਚਰਨ ਸਿੰਘ ਰੋਡੇ ਸਿੱਖ ਪੰਥ ਦੀ ਉੱਚੀ ਸ਼ਖ਼ਸੀਅਤ ਸਨ। ਕੈਪਟਨ ਰੋਡੇ ਦਾ 1 ਨਵੰਬਰ, 2025 ਨੂੰ ਦੇਹਾਂਤ ਹੋ ਗਿਆ ਸੀ। ਉਹ ਯੂਨਾਈਟਿਡ ਅਕਾਲੀ ਦਲ ਦੇ ਪ੍ਰਧਾਨ ਸਵਰਗੀ ਬਾਬਾ ਜੋਗਿੰਦਰ ਸਿੰਘ ਦੇ ਪੁੱਤਰ ਸਨ. ਉਹਨਾਂ ਨੇ ਆਪਣੀ ਸਾਰੀ ਜ਼ਿੰਦਗੀ ਦੌਰਾਨ

ਆਵਾਜ਼ਿ ਕੌਮ
AWAZE QAUM
International Newspaper & WEB TV

ਆਪਣੇ ਪਰਿਵਾਰ ਦੀ ਸਿੱਖ ਕੌਮ ਪ੍ਰਤੀ ਨਿਰਸਵਾਰਥ ਸੇਵਾ ਦੀ ਵਿਰਾਸਤ ਨੂੰ ਅੱਗੇ ਵਧਾਇਆ। ਗੁਰਦੁਆਰੇ ਦਾ ਮਾਹੌਲ ਭਾਵਨਾਵਾਂ ਨਾਲ ਭਰਿਆ ਹੋਇਆ ਸੀ। ਜਿਵੇਂ ਹੀ ਅੰਤਿਮ ਅਰਦਾਸ ਲਾਊਡਸਪੀਕਰਾਂ ਰਾਹੀਂ ਗੂੰਜ ਰਹੀ ਸੀ, ਸੰਗਤਾਂ ਕੈਪਟਨ ਹਰਚਰਨ ਸਿੰਘ ਰੋਡੇ ਨੂੰ ਯਾਦ ਕਰ ਰਹੀਆਂ ਸਨ ਜਿਨ੍ਹਾਂ ਨੇ 90' ਦੇ ਦਹਾਕੇ ਵਿੱਚ ਨਿਰਦੋਸ਼ ਸਿੱਖਾਂ ਅਤੇ ਬੇਇਨਸਾਫ਼ੀ ਵਿਚਕਾਰ ਢਾਲ ਬਣ ਕੇ ਖੜ੍ਹਾ ਸੀ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਮਦਮੀ ਟਕਸਾਲ, ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਤੇ ਅਣਗਿਣਤ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਆਪਣੀ ਹਾਜ਼ਰੀ ਲਗਵਾਈ। ਅਕਾਲ ਤਖ਼ਤ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਪਰਿਵਾਰ ਨੇ ਕੌਮ ਲਈ ਬੇਅੰਤ ਦਰਦ ਝੱਲਿਆ। ਉਨ੍ਹਾਂ ਕਿਹਾ, ਰੋਡੇ ਪਰਿਵਾਰ ਤੇ ਕੈਪਟਨ ਹਰਚਰਨ ਸਿੰਘ ਰੋਡੇ ਨੇ ਸਿਖਾਂ ਦੇ ਹੱਕਾਂ ਲਈ ਕਈ ਜੇਲ੍ਹਾਂ ਦੀਆਂ ਸਜ਼ਾਵਾਂ ਕੱਟੀਆਂ ਹਨ। ਕੈਪਟਨ ਹਰਚਰਨ ਸਿੰਘ ਰੋਡੇ ਨੂੰ ਇਤਿਹਾਸ ਵਿੱਚ ਉਸ ਦਰਦ ਲਈ ਯਾਦ ਕੀਤਾ ਜਾਵੇਗਾ ਜੋ ਉਨ੍ਹਾਂ ਨੇ ਸਹਿਣ ਕੀਤਾ ਤਾਂ ਜੋ ਦੂਸਰੇ ਆਜ਼ਾਦ ਹੋ ਸਕਣ। ਇਹ ਅਕਾਲ ਤਖ਼ਤ ਦੇ ਸਾਬਕਾ ਜਥੇਦਾਰ ਜਸਬੀਰ ਸਿੰਘ ਰੋਡੇ ਸਨ ਜਿਨ੍ਹਾਂ ਨੇ ਕੈਪਟਨ ਰੋਡੇ ਦੀ ਹਿੰਮਤ ਦੀ ਬਾਰੇ ਚਾਨਣਾ ਪਾਇਆ। "ਕੈਪਟਨ ਰੋਡੇ ਨੇ ਪੁਲਿਸ ਅਧਿਕਾਰੀਆਂ ਦੇ ਸਾਹਮਣੇ ਖੜ੍ਹੇ ਹੋਣ ਦੀ ਹਿੰਮਤ ਕੀਤੀ ਭਾਵੇਂ ਉਨ੍ਹਾਂ ਦੇ ਰੈਂਕ ਕੋਈ ਵੀ ਹੋਵੇ ਤੇ ਆਪਣੀ ਆਵਾਜ਼ ਪੂਰੇ ਜੋਸ਼ ਨਾਲ ਉਠਾਈ। ਕੈਪਟਨ ਰੋਡੇ ਨੇ ਬਹੁਤ ਸਾਰੇ ਨੌਜਵਾਨਾਂ ਨੂੰ ਪੁਲਿਸ ਹੱਥੋਂ ਗੈਰ-ਨਿਆਇਕ ਕਤਲ ਹੋਣ ਤੋਂ ਬਚਾਇਆ। ਭਾਈ ਜਸਬੀਰ ਸਿੰਘ ਰੋਡੇ ਨੇ ਕਿਹਾ ਕਿ ਜਦੋਂ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਪੁੱਤਰ ਭਾਈ ਈਸ਼ਰ ਸਿੰਘ ਨੂੰ ਪੁਲਿਸ ਨੇ ਗਿਰਫ਼ਤਾਰ ਕਰਕੇ ਤਸੀਹੇ ਦਿੱਤੇ ਜਾ ਰਹੇ ਸਨ ਤਾਂ ਕੈਪਟਨ ਹਰਚਰਨ ਸਿੰਘ ਰੋਡੇ ਨੇ ਓਹਨਾ ਦੀ ਰਿਹਾਈ ਤੱਕ ਅਣਥੱਕ ਲੜਾਈ ਲੜੀ। ਕੈਪਟਨ ਰੋਡੇ ਇਹੀ ਉਹੋ ਜਿਹਾ ਆਦਮੀ ਸਨ ਜੋ ਜ਼ੁਲਮ ਦੇ ਸਾਹਮਣੇ ਨਿਡਰ ਸਨ।

ਜਦੋਂ ਸਾਬਕਾ ਸੰਸਦ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਰੋਡੇ ਪਰਿਵਾਰ ਦੇ ਯੋਗਦਾਨ ਪ੍ਰਤੀ ਉਨ੍ਹਾਂ ਦੀ ਸ਼ਰਧਾਂਜਲੀ ਦਿਤੀ। ਮੋਦੀ ਸਰਕਾਰ ਨੇ ਵਿਦੇਸ਼ੀ ਧਰਤੀ 'ਤੇ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਹੈ ਜਿਹਨਾਂ ਵਿਚ ਭਾਈ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ, ਲਖਵੀਰ ਸਿੰਘ ਰੋਡੇ, ਅਵਤਾਰ ਸਿੰਘ ਖੰਡਾ, ਜਦਕਿ ਗੁਰਪਤਵੰਤ ਸਿੰਘ ਪੰਨੂ ਨੂੰ ਅਮਰੀਕੀ ਏਜੰਸੀਆਂ ਨੇ ਬਚਾ ਲਿਆ ਸੀ ਅਸੀਂ ਮੋਦੀ ਸਰਕਾਰ ਦੁਆਰਾ ਅਜਿਹੇ ਅੱਤਿਆਚਾਰਾਂ ਨੂੰ ਬਰਦਾਸ਼ਤ ਨਹੀਂ ਕਰਾਂਗੇ। ਮਾਨ ਨੇ ਸੰਗਤ ਨੂੰ ਇਹ ਵੀ ਯਾਦ ਦਿਵਾਇਆ ਕਿ ਸੰਘਰਸ਼ ਜਾਰੀ ਹੈ ਤੇ ਭਾਈ ਜਸਬੀਰ ਸਿੰਘ ਰੋਡੇ ਦਾ ਪੁੱਤਰ ਗੁਰਮੁਖ ਸਿੰਘ ਪਹਿਲਾਂ ਹੀ ਸਿੱਖ ਭਾਈਚਾਰੇ ਲਈ ਜੇਲ੍ਹ ਵਿੱਚ ਹੈ।" ਪੰਜਾਬ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਆਪਣੇ ਪੁਰਾਣੇ ਸਬੰਧਾਂ ਬਾਰੇ ਗੱਲ ਕਰਦੇ ਹੋਏ ਕਿਹਾ ਕਿ ਭਾਈ ਜੋਗਿੰਦਰ ਸਿੰਘ ਨੇ 1989 ਦੀਆਂ ਚੋਣਾਂ ਦੌਰਾਨ ਮੇਰੇ ਸਵਰਗੀ ਪਿਤਾ ਜਗਦੇਵ ਸਿੰਘ ਖੁੱਡੀਆਂ ਦਾ ਸਮਰਥਨ ਕੀਤਾ। ਜਦੋਂ ਮੈਂ ਪਹਿਲੀ ਵਾਰ ਕੈਪਟਨ ਹਰਚਰਨ ਸਿੰਘ ਰੋਡੇ ਨੂੰ ਮਿਲਿਆ ਸੀ ਤਾਂ ਮੈਂ ਕਾਫ਼ੀ ਛੋਟਾ ਸੀ ਤੇ ਇਸ ਪਰਿਵਾਰ ਨਾਲ ਮੇਰਾ ਸਬੰਧ ਹੁਣ ਤੱਕ ਜਾਰੀ ਹੈ। ਕੈਪਟਨ ਹਰਚਰਨ ਸਿੰਘ ਦੇ ਜਾਣ ਨਾਲ ਪੈਦਾ ਹੋਇਆ ਖਲਾਅ ਕਦੇ ਵੀ ਭਰਿਆ ਨਹੀਂ ਜਾ ਸਕਦਾ।" ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕੈਪਟਨ ਰੋਡੇ ਦੇ ਸਿੱਖ ਕੌਮ ਲਈ ਅਣਥੱਕ ਯੋਗਦਾਨ ਦੀ ਸ਼ਲਾਘਾ ਕੀਤੀ।

## ਮੋਦੀ ਸਰਕਾਰ ਨੇ ਵਿਦੇਸ਼ੀ ਧਰਤੀ 'ਤੇ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਹੈ ਜਿਹਨਾਂ ਵਿਚ ਭਾਈ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ, ਲਖਵੀਰ ਸਿੰਘ ਰੋਡੇ, ਅਵਤਾਰ ਸਿੰਘ ਖੰਡਾ, ਜਦਕਿ ਗੁਰਪਤਵੰਤ ਸਿੰਘ ਪੰਨੂ ਨੂੰ ਅਮਰੀਕੀ ਏਜੰਸੀਆਂ ਨੇ ਬਚਾ ਲਿਆ ਸੀ ਅਸੀਂ ਮੋਦੀ ਸਰਕਾਰ ਦੁਆਰਾ ਅਜਿਹੇ ਅੱਤਿਆਚਾਰਾਂ ਨੂੰ ਬਰਦਾਸ਼ਤ ਨਹੀਂ ਕਰਾਂਗੇ : ਸਿਮਰਨਜੀਤ ਸਿੰਘ ਮਾਨ

ਇਸ ਤੋਂ ਇਲਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਸਾਬਕਾ ਵਿਧਾਇਕ ਸੁੱਚਾ ਸਿੰਘ ਛੋਟੇਪੁਰ ਅਤੇ ਯੂਨਾਈਟਿਡ ਅਕਾਲੀ ਦਲ ਦੇ ਆਗੂ, ਸਾਬਕਾ ਰਾਜ ਸਭਾ ਮੈਂਬਰ ਅਤੇ ਵੱਖ-ਵੱਖ ਟਕਸਾਲਾਂ ਦੇ ਧਾਰਮਿਕ ਮੁਖੀ ਦੂਰ-ਦੁਰਾਡੇ ਪਿੰਡਾਂ ਤੋਂ ਆਏ ਆਮ ਸਿੱਖਾਂ ਨੇ ਕੈਪਟਨ ਰੋਡੇ ਦੀ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਏ। ਮਰਹੂਮ ਸਿੱਖ ਕਾਰਕੁਨ ਅਵਤਾਰ ਸਿੰਘ ਖੰਡਾ ਦੀ ਮਾਤਾ ਚਰਨਜੀਤ ਕੌਰ ਵੀ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਏ।



ਕੈਪਟਨ ਹਰਚਰਨ ਸਿੰਘ ਰੋਡੇ
ਸੰਤ ਜਰਨੈਲ ਸਿੰਘ
ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਵੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



ਭਾਈ ਕਪਤਾਨ ਸਿੰਘ
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖ਼ੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣਾਂ-ਅੱਜ
## 11 ਨਵੰਬਰ 2025
**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**
**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--✶ ਜਾਰੀ ਕਰਤਾ ✶--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On
Visit on facebook
https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 11 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੬ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਤਰਨਤਾਰਨ ਜ਼ਿਮਨੀ ਚੋਣ ਦੀਆਂ ਤਿਆਰੀਆਂ ਮੁਕੰਮਲ, ਸੁਰੱਖਿਆ ਦੇ ਸਖ਼ਤ ਪ੍ਰਬੰਧ



**ਤਰਨ ਤਾਰਨ, 10 ਨਵੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-ਵਿਧਾਨ ਸਭਾ ਹਲਕਾ 021-ਤਰਨ ਤਾਰਨ ਦੀ ਭਲਕੇ 11 ਨਵੰਬਰ ਨੂੰ ਹੋਣ ਵਾਲੀ ਉਪ ਚੋਣ ਲਈ ਪ੍ਰਬੰਧ ਮੁਕੰਮਲ ਹੋ ਗਏ ਹਨ। ਰਿਟਰਨਿੰਗ ਅਫ਼ਸਰ ਸ੍ਰੀ ਗੁਰਮੀਤ ਸਿੰਘ ਦੀ ਅਗਵਾਈ ਹੇਠ ਸਾਰੀਆਂ ਪੋਲਿੰਗ ਪਾਰਟੀਆਂ ਨੂੰ ਚੋਣ ਸਮੱਗਰੀ ਸਮੇਤ ਇੰਟਰਨੈਸ਼ਨਲ ਕਾਲਜ ਆਫ਼ ਨਰਸਿੰਗ, ਪਿੱਦੀ ਤੋਂ ਰਵਾਨਾ ਕੀਤਾ ਗਿਆ ਜੋ ਅੱਜ ਸ਼ਾਮ ਤੱਕ ਵਿਧਾਨ ਸਭਾ ਹਲਕੇ ਦੇ ਸਾਰੇ ਪੋਲਿੰਗ ਬੂਥਾਂ ਉੱਪਰ ਪਹੁੰਚ ਗਈਆਂ ਹਨ। 11 ਨਵੰਬਰ ਨੂੰ ਹੋ ਰਹੀ ਤਰਨ ਤਾਰਨ ਉਪ ਚੋਣ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਰਾਹੁਲ, ਆਈ.ਏ.ਐੱਸ. ਨੇ ਦੱਸਿਆ ਕਿ ਵੋਟਾਂ ਸਵੇਰੇ 7:00 ਵਜੇ ਤੋਂ ਸ਼ਾਮ 6:00 ਵਜੇ ਤੱਕ ਪੈਣਗੀਆਂ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ 021-ਤਰਨ ਤਾਰਨ ਵਿੱਚ ਵੋਟਰਾਂ ਦੀ ਕੁੱਲ ਗਿਣਤੀ 1,92,838 ਹੈ। ਇਸ ਵਿੱਚ 1,00,933 ਪੁਰਸ਼ ਵੋਟਰ, 91,897 ਮਹਿਲਾ ਵੋਟਰ ਅਤੇ 8 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ। ਇਸ ਤੋਂ ਇਲਾਵਾ ਕੁੱਲ ਸਰਵਿਸ ਵੋਟਰ 1,357, ਜਦਕਿ 85 ਸਾਲ ਦੀ ਉਮਰ ਤੋਂ ਵੱਧ ਵਾਲੇ ਕੁੱਲ ਵੋਟਰਾਂ ਦੀ ਗਿਣਤੀ 1,657 ਹੈ। ਉੱਥੇ ਹੀ ਕੁੱਲ ਐਨ.ਆਰ.ਆਈ ਵੋਟਰ 306 ਅਤੇ ਦਿਵਿਆਂਗ ਵੋਟਰਾਂ ਦੀ ਕੁੱਲ ਗਿਣਤੀ 1,488 ਹੈ। ਇਸ ਦੇ ਨਾਲ ਹੀ 18 ਤੋਂ 19 ਸਾਲ ਦੀ ਉਮਰ ਵਾਲੇ ਵੋਟਰਾਂ ਦੀ ਕੁੱਲ ਗਿਣਤੀ 3,333 ਹੈ। ਜ਼ਿਮਨੀ ਚੋਣ 'ਚ ਕੁੱਲ 15 ਉਮੀਦਵਾਰ ਮੈਦਾਨ 'ਚ ਹਨ, ਜਿਨ੍ਹਾਂ 'ਚੋਂ ਚਾਰ ਰਿਵਾਇਤੀ ਪਾਰਟੀਆਂ ਦੇ ਹਨ, ਦੋ ਰਜਿਸਟਰਡ ਪਾਰਟੀਆਂ ਹਨ ਅਤੇ 9 ਆਜ਼ਾਦ ਉਮੀਦਵਾਰ ਹਨ। ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਰਾਹੁਲ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਤਰਨ ਤਾਰਨ ਵਿੱਚ 114 ਪੋਲਿੰਗ ਲੋਕੇਸ਼ਨਾਂ ਉੱਪਰ 222 ਪੋਲਿੰਗ ਬੂਥ ਬਣਾਏ ਗਏ ਹਨ ਜਿਨ੍ਹਾਂ ਵਿੱਚ 4 ਮਾਡਲ ਪੋਲਿੰਗ ਬੂਥ ਬਣਾਏ ਗਏ ਹਨ। ਇਸ ਤੋਂ ਇਲਾਵਾ 3 ਪਿੰਕ ਵੂਮੈਨ ਬੂਥ ਬਣਾਏ ਗਏ ਹਨ ਜਿੱਥੇ ਸਾਰਾ ਸਟਾਫ਼ ਮਹਿਲਾਵਾਂ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 1 ਪੀ.ਡਬਲਿਊ.ਡੀ. ਪੋਲਿੰਗ ਬੂਥ ਵੀ ਬਣਾਇਆ ਗਿਆ ਹੈ। ਜ਼ਿਲ੍ਹਾ ਚੋਣ ਅਧਿਕਾਰੀ ਨੇ ਅੱਗੇ ਦੱਸਿਆ ਕਿ ਸਾਰੇ 222 ਪੋਲਿੰਗ ਸਟੇਸ਼ਨਾਂ 'ਤੇ ਲਾਜ਼ਮੀ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪੀ.ਡਬਲਿਊ.ਡੀ. ਅਤੇ ਸੀਨੀਅਰ ਸਿਟੀਜ਼ਨ ਵੋਟਰਾਂ ਦੀ ਸਹਾਇਤਾ ਲਈ ਹਰ ਪੋਲਿੰਗ ਬੂਥ ਉੱਪਰ ਵਲੰਟੀਅਰ ਵੀ ਤਾਇਨਾਤ ਕੀਤੇ ਗਏ ਹਨ।

# ਲਾਲ ਕਿਲ੍ਹੇ ਨੇੜੇ ਵੱਡਾ ਧਮਾਕਾ : 14 ਮੌਤਾਂ, 30 ਜ਼ਖ਼ਮੀ

## ਦਿੱਲੀ, ਯੂ. ਪੀ., ਮੁੰਬਈ ਸਮੇਤ ਕਈ ਰਾਜਾਂ 'ਚ ਹਾਈ ਅਲਰਟ



**ਨਵੀਂ ਦਿੱਲੀ, 10 ਨਵੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਇੱਕ ਵੱਡਾ ਧਮਾਕਾ ਹੋਇਆ ਹੈ। ਇਹ ਘਟਨਾ ਲਾਲ ਕਿਲ੍ਹੇ ਦੇ ਨੇੜੇ ਵਾਪਰੀ, ਜਿੱਥੇ ਇੱਕ ਖੜ੍ਹੀ ਕਾਰ ਵਿੱਚ ਧਮਾਕਾ ਹੋਇਆ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਧਮਾਕੇ ਤੋਂ ਤੁਰੰਤ ਬਾਅਦ ਕਾਰ ਨੂੰ ਅੱਗ ਲੱਗ ਗਈ। ਅੱਗ ਨੇ ਨੇੜਲੀਆਂ ਦੋ ਹੋਰ ਕਾਰਾਂ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ, ਜਿਸ ਨਾਲ ਉਹ ਸੜ ਕੇ ਸੁਆਹ ਹੋ ਗਈਆਂ। ਘਟਨਾ 'ਚ ਘੱਟੋ-ਘੱਟ 30 ਲੋਕ ਜ਼ਖ਼ਮੀ ਦੱਸੇ ਜਾ ਰਹੇ ਹਨ ਅਤੇ ਕਰੀਬ 14 ਲੋਕਾਂ ਦੀ ਮੌਤ ਹੋ ਗਈ ਹੈ। ਪੁਲਸ ਅਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਹਨ। ਦੱਸਿਆ ਜਾ ਰਿਹਾ ਹੈ ਕਿ ਘਟਨਾ ਗੇਟ ਨੰਬਰ-1 ਲਾਲ ਕਿਲ੍ਹਾ ਮੈਟਰੋ ਸਟੇਸ਼ਨ ਨੇੜੇ ਹੋਈ ਹੈ। ਫਾਇਰ ਬ੍ਰਿਗੇਡ ਦੀਆਂ 5 ਗਡੀਆਂ ਮੌਕੇ 'ਤੇ ਪਹੁੰਚ ਗਈਆਂ ਹਨ। ਦੱਸ ਦੇਈਏ ਕਿ ਇਹ ਬੇਹੱਦ ਭੀੜ-ਭਾੜ ਵਾਲਾ ਇਲਾਕਾ ਹੈ। ਇਥੇ ਸ਼ਾਮ ਦੇ ਸਮੇਂ ਕਾਫੀ ਭੀੜ ਰਹਿੰਦੀ ਹੈ। ਇਹ ਧਮਾਕਾ ਕਾਰ 'ਚ ਸੀ.ਐੱਨ.ਜੀ. ਲੀਕ ਹੋਣ ਦੇ ਚੱਲਦੇ ਹੋਇਆ ਹੈ ਜਾਂ ਕਿਸੇ ਹੋਰ ਕਾਰਨ, ਅਜੇ ਤਕ ਇਹ ਸਾਫ ਨਹੀਂ ਹੋਇਆ। ਅਧਿਕਾਰੀ ਮੌਕੇ 'ਤੇ ਪਹੁੰਚੇ ਹਨ। ਹਰ ਐਂਗਲ ਤੋਂ ਜਾਂਚ ਜਾਰੀ ਹੈ। ਇਸ ਹਾਦਸੇ 'ਤੇ ਦਿੱਲੀ ਫਾਇਰ ਡਿਪਾਰਟਮੈਂਟ ਨੇ ਵੱਡੀ ਜਾਣਕਾਰੀ ਦਿੱਤੀ ਹੈ। ਵਿਭਾਗ ਵੱਲੋਂ ਦੱਸਿਆ ਗਿਆ ਹੈ ਕਿ ਲਾਲ ਕਿਲ੍ਹਾ ਮੈਟਰੋ ਸਟੇਸ਼ਨ ਦੇ ਗੇਟ ਨੰਬਰ-1 ਨੇੜੇ ਇਕ ਕਾਰ 'ਚ ਧਮਾਕਾ ਹੋਣ ਦੀ ਸੂਚਨਾ ਮਿਲੀ ਸੀ। ਇਸਤੋਂ ਬਾਅਦ 3 ਤੋਂ 4 ਹੋਰ ਵਾਹਨ ਵੀ ਅੱਗ ਦੀ ਲਪੇਟ 'ਚ ਆ ਗਏ ਅਤੇ ਸੜ ਕੇ ਸੁਆਹ ਹੋ ਗਏ। ਇਸ ਧਮਾਕੇ ਨੂੰ ਲੈ ਕੇ ਇਕ ਚਸ਼ਮਦੀਦ ਨੇ ਦੱਸਿਆ ਕਿ ਧਮਾਕਾ ਇੰਨਾ ਭਿਆਨਕ ਸੀ ਕਿ ਆਸਪਾਸ ਦੇ ਘਰ ਹਿੱਲ ਗਏ। ਇੰਨਾ ਹੀ ਨਹੀਂ ਘਟਨਾ ਵਾਲੀ ਥਾਂ 'ਤੇ ਨੇੜੇ ਦੀਆਂ ਦੁਕਾਨਾਂ ਦੇ ਸ਼ੀਸ਼ੇ ਟੁੱਟ ਗਏ। ਪੁਲਸ ਨੇ ਪੂਰੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਇੱਕ ਫੋਰੈਂਸਿਕ ਟੀਮ ਘਟਨਾ ਸਥਾਨ 'ਤੇ ਮੌਜੂਦ ਹੈ। ਆਲੇ-ਦੁਆਲੇ ਦੇ ਇਲਾਕੇ ਦੇ ਸੀਸੀਟੀਵੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਦਿੱਲੀ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ।




## ਅਦਾਕਾਰ ਧਰਮਿੰਦਰ ਦੀ ਸਿਹਤ ਨਾਜ਼ੁਕ, ਵੈਂਟੀਲੇਟਰ 'ਤੇ ਕੀਤਾ ਸ਼ਿਫਟ, ਕਈ ਦਿਨਾਂ ਤੋਂ ਹਸਪਤਾਲ ਵਿੱਚ ਭਰਤੀ

**ਮੁੰਬਈ, 10 ਨਵੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-



ਅਦਾਕਾਰ ਧਰਮਿੰਦਰ ਦੀ ਸਿਹਤ ਠੀਕ ਨਹੀਂ ਹੈ। ਉਨ੍ਹਾਂ ਨੂੰ ਪਿਛਲੇ ਕਈ ਦਿਨਾਂ ਤੋਂ ਬ੍ਰੀਚ ਕੈਂਡੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਨੂੰ ਹਾਲ ਹੀ ਵਿੱਚ ਮੁਲਾਕਾਤੀਆਂ ਨੂੰ ਰੋਕਣ ਲਈ ਆਈਸੀਯੂ ਵਿੱਚ ਰੱਖਿਆ ਗਿਆ ਹੈ। ਹਾਲਾਂਕਿ, ਅੱਜ ਸਵੇਰੇ ਉਨ੍ਹਾਂ ਦੀ ਹਾਲਤ ਵਿਗੜ ਗਈ, ਜਿਸ ਕਾਰਨ ਕੁਝ ਪਰਿਵਾਰਕ ਮੈਂਬਰਾਂ ਦੇ ਆਉਣ-ਜਾਣ ਦਾ ਰੁਝਾਨ ਵਧ ਗਿਆ। ਸੂਤਰਾਂ ਅਨੁਸਾਰ, ਧਰਮਿੰਦਰ ਨੂੰ ਅੱਜ ਉਨ੍ਹਾਂ ਦੀ ਹਾਲਤ ਵਿਗੜਨ ਤੋਂ ਬਾਅਦ ਆਈਸੀਯੂ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ ਤੇ ਵੈਂਟੀਲੇਟਰ 'ਤੇ ਰੱਖਿਆ ਗਿਆ ਹੈ। ਉਹ ਇਲਾਜ ਦਾ ਜਵਾਬ ਦੇ ਰਹੇ ਹਨ। ਹਾਲਾਂਕਿ, ਪਰਿਵਾਰ ਜਾਂ ਹਸਪਤਾਲ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਇਸ ਤੋਂ ਪਹਿਲਾਂ, 3 ਨਵੰਬਰ ਨੂੰ, ਧਰਮਿੰਦਰ ਦੀ ਦੂਜੀ ਪਤਨੀ, ਹੇਮਾ ਮਾਲਿਨੀ ਨੇ ਅਭਿਨੇਤਾ ਬਾਰੇ ਸਿਹਤ ਬਾਰੇ ਜਾਣਕਾਰੀ ਦਿੱਤੀ।

## ਪੰਜਾਬ ਯੂਨੀਵਰਸਿਟੀ 'ਚ ਭਖਿਆ ਮਾਹੌਲ, ਬੈਰੀਕੇਡ ਤੋੜ ਕਿਸਾਨ ਪਹੁੰਚੇ ਚੰਡੀਗੜ੍ਹ

# ਵਿਦਿਆਰਥੀ ਗ੍ਰਿਫ਼ਤਾਰ, ਪ੍ਰਦਰਸ਼ਨਕਾਰੀਆਂ 'ਤੇ ਲਾਠੀਚਾਰਜ

**ਚੰਡੀਗੜ੍ਹ, 10 ਨਵੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-ਚੰਡੀਗੜ੍ਹ ਵਿੱਚ ਪੰਜਾਬ ਯੂਨੀਵਰਸਿਟੀ ਵਿੱਚ ਸੈਨੇਟ ਚੋਣਾਂ ਦੀ ਤਰੀਕ ਦੇ ਐਲਾਨ ਦੀ ਮੰਗ ਨੂੰ ਲੈ ਕੇ ਵਿਦਿਆਰਥੀਆਂ ਦਾ ਵਿਰੋਧ ਪ੍ਰਦਰਸ਼ਨ ਜਾਰੀ ਹੈ। ਇਸ ਕਰਕੇ ਸਾਰੇ ਪਾਸੇ ਹਫੜਾ-ਦਫੜੀ ਮਚੀ ਹੋਈ ਹੈ, ਯੂਨੀਵਰਸਿਟੀ ਦਾ ਮਾਹੌਲ ਪੂਰੀ ਤਰ੍ਹਾਂ ਭੱਖਿਆ ਹੋਇਆ ਹੈ। ਮੋਹਾਲੀ-ਚੰਡੀਗੜ੍ਹ ਬਾਰਡਰ ਵੱਲ ਜਾਣ ਅਤੇ ਆਉਣ ਵਾਲੀਆਂ ਸਾਰੀਆਂ ਸੜਕਾਂ ਬੰਦ ਕਰ ਦਿੱਤੀਆਂ ਗਈਆਂ ਹਨ, ਜਿਸ ਕਾਰਨ ਬੱਚਿਆਂ ਨੂੰ ਸਕੂਲ ਤੋਂ ਲਿਆਉਣ ਵਾਲੇ ਮਾਪੇ ਵੀ ਫਸੇ ਹੋਏ ਹਨ। ਪੁਲਿਸ ਨਾਲ ਝੜਪ ਤੋਂ ਬਾਅਦ ਵਿਦਿਆਰਥੀਆਂ ਨੇ ਪੀਜੀਆਈ ਦੇ ਸਾਹਮਣੇ ਵਾਲਾ ਗੇਟ ਨੰਬਰ 1 ਤੋੜ ਦਿੱਤਾ। ਚੰਡੀਗੜ੍ਹ ਦੀ ਐਸ.ਐਸ.ਪੀ. ਕੰਵਰਦੀਪ ਕੌਰ ਉਨ੍ਹਾਂ ਨੂੰ ਰੋਕਣ ਲਈ ਗੇਟ 'ਤੇ ਚੜ੍ਹੀ, ਪਰ ਵਿਦਿਆਰਥੀ ਨਹੀਂ ਮੰਨੇ। ਇਸ ਤੋਂ ਬਾਅਦ ਪੁਲਿਸ ਨੇ ਬੈਰੀਕੇਡਿੰਗ ਤੋੜਨ ਵਾਲੇ ਵਿਦਿਆਰਥੀਆਂ 'ਤੇ ਲਾਠੀਚਾਰਜ ਕੀਤਾ। ਇਸ ਤੋਂ ਪਹਿਲਾਂ ਵਿਦਿਆਰਥੀ ਗੇਟ ਤੋੜ ਕੇ ਅੰਦਰ ਵੜ ਗਏ ਸਨ, ਜਿਸ ਦੌਰਾਨ ਉਨ੍ਹਾਂ ਦੀ ਪੁਲਿਸ ਨਾਲ ਝੜਪ ਹੋਈ ਸੀ। ਹਾਲਾਂਕਿ, ਗੇਟ ਨੰਬਰ 1 ਹੁਣ ਪੂਰੀ ਤਰ੍ਹਾਂ ਖੋਲ੍ਹ ਦਿੱਤਾ ਗਿਆ ਹੈ। ਵਿਦਿਆਰਥੀ ਅਤੇ ਪ੍ਰਦਰਸ਼ਨਕਾਰੀ, ਜਿਨ੍ਹਾਂ ਵਿੱਚ ਨਿਹੰਗ ਸਿੰਘ ਵੀ ਸ਼ਾਮਲ ਹਨ, ਇੱਥੋਂ ਯੂਨੀਵਰਸਿਟੀ ਵਿੱਚ ਵੜ ਗਏ ਹਨ। ਕਿਸਾਨਾਂ ਨੇ ਮੋਹਾਲੀ-ਚੰਡੀਗੜ੍ਹ ਸਰਹੱਦ 'ਤੇ ਫੇਜ਼ 6 ਵਿੱਚ ਪੁਲਿਸ ਬੈਰੀਕੇਡ ਤੋੜ ਦਿੱਤਾ ਹੈ। ਉਹ ਹੁਣ ਚੰਡੀਗੜ੍ਹ ਵਿੱਚ ਪੀਯੂ ਵੱਲ ਵਧ ਰਹੇ ਹਨ। ਪੁਲਿਸ ਨੇ ਪਹਿਲਾਂ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਸੀ ਪਰ ਅਸਫਲ ਰਹੀ। ਕਿਸਾਨ ਆਗੂ ਬਲਵੀਰ ਰਾਜੇਵਾਲ ਨੇ ਕਿਹਾ ਕਿ ਮੋਹਾਲੀ ਵਿੱਚ ਹਰਿਆਣਾ ਦੀ ਪੁਲਿਸ ਕਿਉਂ ਲਾਈ ਗਈ ਹੈ। ਚੰਡੀਗੜ੍ਹ ਵਿੱਚ ਵੜਨ ਤੋਂ ਰੋਕਣ ਤੋਂ ਬਾਅਦ, ਨਿਹੰਗ ਵਾਈਪੀਐਸ ਚੌਕ, ਮੋਹਾਲੀ ਵੱਲ ਵਧੇ। ਟ੍ਰੈਫਿਕ ਜਾਮ ਹੋਣ ਦਾ ਅੰਦਾਜ਼ਾ ਲਗਾਉਂਦਿਆਂ ਹੋਇਆਂ ਪੁਲਿਸ ਨੇ ਹਰ ਪਾਸਿਓਂ ਨਾਕਾਬੰਦੀ ਕਰ ਦਿੱਤੀ ਹੈ। ਉੱਥੇ ਹੀ ਪੁਲਿਸ ਦੇ ਇੰਤਜ਼ਾਮ ਨੂੰ ਦੇਖ ਕੇ ਵਿਦਿਆਰਥੀਆਂ ਨੇ ਆਪਣੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਜਿੱਥੇ ਵੀ ਪੁਲਿਸ ਉਨ੍ਹਾਂ ਨੂੰ ਰੋਕੇ, ਉਹ ਉੱਥੇ ਹੀ ਬੈਠ ਕੇ ਵਿਰੋਧ ਕਰਨ ਲੱਗ ਜਾਣ। ਉਨ੍ਹਾਂ ਨੇ ਦੇਰ ਰਾਤ ਤੱਕ ਯੂਨੀਵਰਸਿਟੀ ਦੇ ਗੇਟ 'ਤੇ ਆਪਣਾ ਧਰਨਾ ਪ੍ਰਦਰਸ਼ਨ ਜਾਰੀ ਰੱਖਿਆ।



## ਪੰਜਾਬ ਯੂਨੀਵਰਸਿਟੀ ਸੈਨੇਟ ਇਲੈਕਸ਼ਨ ਜਲਦ ਕਰਵਾਉਣ ਲਈ ਹਾਈਕੋਰਟ 'ਚ ਅਰਜ਼ੀ ਦਾਖਲ

**ਚੰਡੀਗੜ੍ਹ, 10 ਨਵੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-ਪੰਜਾਬ ਯੂਨੀਵਰਸਿਟੀ ਦੀ ਸੈਨੇਟ ਦੇ ਜਲਦ ਤੋਂ ਜਲਦ ਚੋਣ ਦੀ ਨੋਟੀਫਿਕੇਸ਼ਨ ਕਰਵਾਏ ਜਾਣ ਦੀ ਮੰਗ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਅਰਜੀ ਦਾਖਲ ਕੀਤੀ ਗਈ ਹੈ। ਦੱਸ ਦਈਏ ਕਿ ਪਿਛਲੇ ਸਾਲ ਅਕਤੂਬਰ ਤੋਂ ਸੈਨੇਟ ਦੇ ਚੋਣ ਪੈਂਡਿੰਗ ਹਨ। ਪਿਛਲੇ ਸਾਲ ਵੀ ਇਸ ਮਾਮਲੇ ਨੂੰ ਲੈ ਕੇ ਪਟੀਸ਼ਨ ਦਾਖਿਲ ਕੀਤੀ ਗਈ ਸੀ। ਉਸੇ ਪਟੀਸ਼ਨ 'ਚ ਇਹ ਅਰਜੀ ਦਾਖਲ ਕੀਤੀ ਗਈ ਹੈ। ਦੱਸ ਦਈਏ ਕਿ 12 ਨਵੰਬਰ ਤੱਕ ਹਾਈਕੋਰਟ ਇਸ ਪਟੀਸ਼ਨ 'ਤੇ ਸੁਣਵਾਈ ਕਰੇਗੀ। ਪਿਛਲੇ ਸਾਲ ਦਾਇਰ ਕੀਤੀ ਪਟੀਸ਼ਨ ਵਿੱਚ ਕਿਹਾ ਗਿਆ ਸੀ ਕਿ ਪੰਜਾਬ ਯੂਨੀਵਰਸਿਟੀ ਸੈਨੇਟ ਦੀ ਮਿਆਦ ਅਕਤੂਬਰ 2024 ਵਿੱਚ ਖਤਮ ਹੋ ਗਈ ਸੀ, ਪਰ ਅਜੇ ਤੱਕ ਚੋਣਾਂ ਨਹੀਂ ਹੋਈਆਂ ਹਨ। ਜਦਕਿ ਪੰਜਾਬ ਯੂਨੀਵਰਸਿਟੀ ਐਕਟ ਦੇ ਉਪਬੰਧਾਂ ਦੇ ਤਹਿਤ, ਇਹ ਚੋਣਾਂ ਸੈਨੇਟ ਦੀ ਮਿਆਦ ਖਤਮ ਹੋਣ ਤੋਂ ਪਹਿਲਾਂ ਹੋਣੀਆਂ ਚਾਹੀਦੀਆਂ ਸਨ, ਇਹ ਅਜੇ ਵੀ ਸਪੱਸ਼ਟ ਨਹੀਂ ਹੈ ਕਿ ਚੋਣਾਂ ਕਦੋਂ ਹੋਣਗੀਆਂ। ਪੀਯੂ ਸੈਨੇਟ ਯੂਨੀਵਰਸਿਟੀ ਦੀ ਸਭ ਤੋਂ ਉੱਚੀ ਨੀਤੀ-ਨਿਰਮਾਣ ਸੰਸਥਾ ਹੈ, ਅਤੇ ਇਸਦੀ ਗੈਰ-ਮੌਜੂਦਗੀ ਵਿੱਚ ਬਹੁਤ ਸਾਰੇ ਵੱਡੇ ਨੀਤੀਗਤ ਫੈਸਲੇ ਨਹੀਂ ਲਏ ਜਾ ਸਕਦੇ। ਹੁਣ ਜਦੋਂ ਸੈਨੇਟ ਦੀ ਮਿਆਦ ਖਤਮ ਹੋ ਗਈ ਹੈ, ਪੀਯੂ ਦਾ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ। ਪਟੀਸ਼ਨਰ ਨੇ ਇਹ ਵੀ ਮੰਗ ਕੀਤੀ ਹੈ ਕਿ 10 ਸਭ ਤੋਂ ਸੀਨੀਅਰ ਪ੍ਰੋਫੈਸਰਾਂ ਦੀ ਇੱਕ ਸੰਸਥਾ ਸੈਨੇਟ ਚੋਣਾਂ ਕਰਵਾਉਣ ਅਤੇ ਚੋਣਾਂ ਹੋਣ ਤੱਕ ਪੀਯੂ ਦੇ ਰੋਜ਼ਾਨਾ ਦੇ ਕੰਮਕਾਜ ਦੀ ਨਿਗਰਾਨੀ ਕਰਨ ਲਈ ਨਿਯੁਕਤ ਕੀਤੀ ਜਾਵੇ। ਪਟੀਸ਼ਨਰ ਨੇ ਪੀਯੂ ਦੇ ਵਾਈਸ-ਚਾਂਸਲਰ, ਰਜਿਸਟਰਾਰ ਅਤੇ ਹੋਰਾਂ ਨੂੰ ਵੀ ਪ੍ਰਤੀਨਿਧਤਾਵਾਂ ਸੌਂਪੀਆਂ ਹਨ। ਇਸ ਲਈ, ਪਟੀਸ਼ਨਰ ਨੇ ਹੁਣ ਹਾਈ ਕੋਰਟ ਵਿੱਚ ਇੱਕ ਜਨਹਿਤ ਪਟੀਸ਼ਨ ਦਾਇਰ ਕਰਕੇ ਮੰਗ ਕੀਤੀ ਹੈ ਕਿ ਸੈਨੇਟ ਚੋਣਾਂ ਜਲਦੀ ਤੋਂ ਜਲਦੀ ਕਰਵਾਈਆਂ ਜਾਣ। ਪਟੀਸ਼ਨ ਵਿੱਚ ਪੀਯੂ ਵੀਸੀ, ਰਜਿਸਟਰਾਰ, ਪੀਯੂ ਚਾਂਸਲਰ, ਕੇਂਦਰ ਅਤੇ ਪੰਜਾਬ ਸਰਕਾਰਾਂ ਨੂੰ ਵੀ ਧਿਰ ਬਣਾਇਆ ਗਿਆ ਹੈ।



# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.


ਆਵਾਜ਼ਿ ਕੌਮ
AWAZE QAUM
International Newspaper & WEB TV

# ਹਲਕਾ ਤਰਨਤਾਰਨ ਦੇ ਸਮੂਹ ਵੋਟਰਾਂ ਨੂੰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਪੁਰਜ਼ੋਰ ਅਪੀਲ ✶ ਭਾਈ ਮਨਦੀਪ ਸਿੰਘ ਨੂੰ ਜਿਤਾਓ-ਪੰਜਾਬ ਨੂੰ ਬਚਾਓ



ਗੁਰਦੁਆਰਾ ਦਾਦੂ ਸਾਹਿਬ ਤੋਂ

# 350 ਸਾਲਾ ਸ਼ਹੀਦੀ ਨਗਰ ਕੀਰਤਨ ਦੀ ਹੋਈ ਆਰੰਭਤਾ

## ਸੰਗਤਾਂ ਨੇ ਥਾਂ ਥਾਂ ਕੀਤਾ ਭਰਵਾਂ ਸਵਾਗਤ - ਜਥੇਦਾਰ ਦਾਦੂਵਾਲ





ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣਾ ਸਰਕਾਰ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਸਮਰਪਿਤ ਹਰਿਆਣਾ ਪ੍ਰਦੇਸ਼ ਵਿੱਚ ਕੀਤੀ ਜਾ ਰਹੀ ਮਹਾਨ ਸ਼ਹੀਦੀ ਯਾਤਰਾ ਨਗਰ ਕੀਰਤਨ ਅੱਜ ਦੂਜੇ ਦਿਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਤੋਂ ਸਤਿਕਾਰ ਸਹਿਤ ਆਰੰਭ ਹੋਈ ਜਿਸ ਦਾ ਥਾਂ ਥਾਂ ਤੇ ਸੰਗਤਾਂ ਵੱਲੋਂ ਸਵਾਗਤੀ ਗੇਟ ਅਤੇ ਲੰਗਰ ਲਗਾ ਕੇ ਭਰਵਾਂ ਸਵਾਗਤ ਕੀਤਾ ਗਿਆ ਮੀਡੀਆ ਨਾਲ ਗੱਲਬਾਤ ਕਰਦਿਆਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕੇ ਪੂਰੇ ਹਰਿਆਣਾ ਪ੍ਰਦੇਸ਼ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣਾ ਸਰਕਾਰ ਵੱਲੋਂ 4 ਸ਼ਹੀਦੀ ਯਾਤਰਾਵਾਂ ਕੀਤੀਆਂ ਜਾ ਰਹੀਆਂ ਹਨ ਜੋ ਨੌਵੇਂ ਪਾਤਸ਼ਾਹ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹਨ ਜਥੇਦਾਰ ਦਾਦੂਵਾਲ ਜੀ ਨੇ ਦੱਸਿਆ ਕੇ ਪਹਿਲਾ ਨਗਰ ਕੀਰਤਨ 8 ਨਵੰਬਰ ਨੂੰ ਰੋੜੀ ਪਿੰਡ ਤੋਂ ਆਰੰਭ ਹੋ ਕੇ ਵੱਖ ਵੱਖ ਨਗਰਾਂ ਵਿੱਚ ਹੁੰਦਾ ਹੋਇਆ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਪੁੱਜਾ ਸੀ ਜਿੱਥੇ ਰਾਤਰੀ ਦਾ ਵਿਸ਼ਰਾਮ ਕੀਤਾ ਗਿਆ ਅਤੇ 9 ਤਰੀਕ ਨੂੰ ਦੂਜੇ ਦਿਨ ਗੁਰਦੁਆਰਾ ਦਾਦੂ ਸਾਹਿਬ ਤੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਵਿੱਚ ਨਗਰ ਕੀਰਤਨ ਆਰੰਭ ਹੋਇਆ ਆਰੰਭਤਾ ਸਮੇਂ ਨਗਰ ਦਾਦੂ ਸਾਹਿਬ ਅਤੇ ਇਲਾਕਾ ਨਿਵਾਸੀ ਸਿੱਖ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ਜਿਨਾਂ ਵਿੱਚ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ,ਰਜਿੰਦਰ ਸਿੰਘ ਦੇਸੂਯੋਧਾ, ਸਰਪੰਚ ਗੁਰਮੀਤ ਸਿੰਘ ਚਕੇਰੀਆਂ,ਸਰਪੰਚ ਮੋਹਣਪ੍ਰੀਤ ਸਿੰਘ ਸਿੰਘਪੁਰਾ,ਟੀਸੂ ਪ੍ਰਧਾਨ ਕਾਲਾਂਵਾਲੀ, ਸਾਬਕਾ ਸਰਪੰਚ ਦਰਸ਼ਨ ਸਿੰਘ ਤਾਰੂਆਣਾ, ਦਲਬੀਰ ਸਿੰਘ ਤਾਰੂਆਣਾ, ਜਗਤਾਰ ਸਿੰਘ ਮੈਡੀਕਲ ਤਾਰੂਆਣਾ,ਬੰਤਾ ਸਿੰਘ ਬੜਿੰਗ ਜਲਾਲਆਣਾ,ਮੰਦਰ ਸਿੰਘ ਦੇਸੂ ਮਲਕਾਣਾ, ਕਾਕਾ ਸਿੰਘ ਦੇਸੂ ਮਲਕਾਣਾ,ਰਾਮ ਸਿੰਘ ਕਾਲਾਂਵਾਲੀ,ਮਹਿੰਦਰ ਸਿੰਘ ਚਹਿਲ ਕਾਲਾਂਵਾਲੀ,ਡਾਕਟਰ ਹਰਬੰਸ ਸਿੰਘ ਕੇਵਲ, ਦਰਸ਼ਨ ਸਿੰਘ ਤਖਤਮੱਲ,ਗੁਰਬਖਸ਼ ਸਿੰਘ ਤਖਤਮੱਲ,ਮੱਖਣ ਸਿੰਘ ਤਿਲੋਕੇਵਾਲਾ,ਮਿਸਤਰੀ ਗੁਲਾਬ ਸਿੰਘ ਤਿਲੋਕੇਵਾਲਾ,ਕੁਲਦੀਪ ਸਿੰਘ ਤਿਲੋਕੇਵਾਲਾ,ਜਸਵਿੰਦਰ ਸਿੰਘ ਗੋਸ਼ਾ ਦਾਦੂ ਸਾਹਿਬ,ਸਾਬਕਾ ਸਰਪੰਚ ਦਰਸ਼ਨ ਸਿੰਘ ਦਾਦੂ ਸਾਹਿਬ ਸਮੇਤ ਵੱਡੀ ਗਿਣਤੀ ਚ ਸਿੱਖ ਸੰਗਤਾਂ ਹਾਜ਼ਰ ਸਨ ਇਸ ਨਗਰ ਕੀਰਤਨ ਦਾ ਪਿੰਡ ਦਾਦੂ ਸਾਹਿਬ, ਧਰਮਪੁਰਾ, ਕੇਵਲ, ਤਖਤਮੱਲ, ਤਿਲੋਕੇਵਾਲਾ,ਤਾਰੂਆਣਾ, ਕਾਲਾਂਵਾਲੀ ਮੰਡੀ ਅਤੇ ਪਿੰਡ ਵਿੱਚ ਭਰਵਾਂ ਸਵਾਗਤ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਬਰੈਂਪਟਨ ਵਿੱਚ ਭਾਰੀ ਬਰਫਬਾਰੀ ਦੇ ਬਾਵਜੂਦ**

# ਨਿੱਕੇ-ਨਿੱਕੇ ਬੱਚਿਆਂ ਸਮੇਤ ਸਿੱਖਾਂ ਨੇ ਕੀਤਾ ਭਾਰਤੀ ਕੌਂਸਲੇਟਾਂ ਦਾ ਵਿਰੋਧ



**ਨਵੀਂ ਦਿੱਲੀ 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਕੈਨੇਡਾ ਦੇ ਬਰੈਂਪਟਨ ਵਿੱਚ ਲਾਈਫ ਸਰਟੀਫਿਕੇਟ ਵੰਡ ਰਹੇ ਭਾਰਤੀ ਕੌਂਸਲੇਟਾਂ ਦਾ ਸਿੱਖ ਹੈਰੀਟੇਜ ਸੈਂਟਰ ਦੇ ਬਾਹਰ ਭਾਰੀ ਬਰਫਬਾਰੀ ਦੇ ਬਾਵਜੂਦ ਕੈਨੇਡੀਅਨ ਸਿੱਖਾਂ ਵਲੋਂ ਛੋਟੇ ਛੋਟੇ ਬੱਚਿਆਂ ਸਮੇਤ ਭਾਰੀ ਵਿਰੋਧ ਕੀਤਾ ਗਿਆ । ਜਿਕਰਯੋਗ ਹੈ ਕਿ ਬੀਤੇ ਕੁਝ ਦਿਨ ਪਹਿਲਾਂ ਬਲੂਮਬਰਗ ਵਲੋਂ ਜਾਰੀ ਕੀਤੀ ਰਿਪੋਰਟ ਜਿਸ ਵਿਚ ਦਸਿਆ ਗਿਆ ਕਿ ਭਾਈ ਨਿੱਝਰ, ਭਾਈ ਖੰਡਾ ਦੇ ਕਤਲ ਅਤੇ ਗੁਰਪਤਵੰਤ ਪਨੂੰ ਦੇ ਕਤਲ ਦੀ ਸਾਜ਼ਿਸ਼ ਵਿਚ ਭਾਰਤ ਦਾ ਹੱਥ ਹੋਣ ਦੇ ਸਬੂਤ ਯੂਕੇ ਵਲੋਂ ਕੈਨੇਡਾ ਨੂੰ ਦਿੱਤੇ ਗਏ ਸਨ, ਮਗਰੋਂ ਵਿਦੇਸ਼ਾਂ ਵਿਚ ਰਾਜਨੀਤੀ ਗਰਮਾ ਗਈ ਹੈ । ਮੁਜਾਹਿਰਾ ਕਰ ਰਹੇ ਮੁਜਾਹਿਰਾਕਾਰੀਆਂ ਵਲੋਂ ਭਾਈ ਨਿੱਝਰ ਦੇ ਕਤਲ ਵਿਚ ਸ਼ਕੀ ਭਾਰਤੀ ਰਾਜਦੂਤਾਂ ਨੂੰ ਕੈਨੇਡੀਅਨ ਕਨੂੰਨ ਹੇਠ ਲਿਆ ਕੇ ਉਨ੍ਹਾਂ ਉਪਰ ਕਨੂੰਨੀ ਕਾਰਵਾਈ ਦੀ ਭਾਰੀ ਮੰਗ ਕੀਤੀ ਗਈ ।ਇਸ ਮੌਕੇ ਇੰਦਰਜੀਤ ਸਿੰਘ ਗੋਸਲ, ਕੁਲਜੀਤ ਸਿੰਘ ਗੋਸਲ ਰਣਜੀਤ ਸਿੰਘ ਖਾਲਸਾ ਮਹਿੰਦਰ ਸਿੰਘ, ਰਵਿੰਦਰ ਸਿੰਘ ਸੋਹਲ ਅਤੇ ਨਿੱਕੇ ਨਿੱਕੇ ਬੱਚਿਆਂ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਿਰੀ ਭਰ ਕੇ ਭਾਰਤ ਵਿਰੁੱਧ ਆਪਣਾ ਰੋਸ ਪ੍ਰਗਟ ਕੀਤਾ ਸੀ।

**ਸੰਤ ਬਾਬਾ ਗੁਰਬਖਸ਼ ਸਿੰਘ ਜੀ ਅਕੈਡਮੀ ਜੱਬੋਵਾਲ ਦੇ**

# 7 ਵਿਦਿਆਰਥੀਆਂ ਨੇ ਬੋਕਸਿੰਗ ਐਂਟਰ ਕਲੱਬ ਇਨ ਪਾਰਟੀਸਪੇਟ ਵਿੱਚ ਭਾਗ ਲਿਆ




**ਜੰਡਿਆਲਾ ਗੁਰੂ, 10 ਨਵੰਬਰ (ਕੁਲਵੰਤ ਸਿੰਘ ਵਿਰਦੀ )-** ਸੰਤ ਬਾਬਾ ਗੁਰਬਖਸ਼ ਸਿੰਘ ਜੀ ਸੰਗੀਤ ਐਂਡ ਗਤਕਾ ਜੱਬੋਵਾਲ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਖਾਲਸਾ ਜੀ ਦੀ ਅਗਵਾਈ ਹੇਠ ਚੱਲ ਰਹੀ ਅਕੈਡਮੀ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਸੱਤ ਵਿਦਿਆਰਥੀਆਂ ਨੇ ਲਾਈਨਸ ਐਸ ਐਸ ਏ ਬਾਕਸਿੰਗ ਕਲੱਬ ਤਰਨ ਤਾਰਨ ਬੌਕਸਿੰਗ ਐਂਟਰ ਕਲੱਬ ਇਨ ਪਾਰਟੀਸਪੇਟ ਵਿੱਚ ਭਾਗ ਲਿਆ। ਚੈਂਪੀਅਨ ਵਿੱਚ ਰਾਜਦੀਪ ਸਿੰਘ, ਰਣਜੋਧ ਸਿੰਘ, ਗੁਰਸ਼ਰਨਪ੍ਰੀਤ ਸਿੰਘ,ਗੁਰਜੋਤ ਸਿੰਘ ,ਅਤੇ ਓਕਾਰ ਸਿੰਘ ਨੇ ਗੋਲਡ ਮੈਡਲ ਜਿੱਤ ਕੇ ਪਹਿਲਾ ਸਥਾਨ ਅਭੀ ਜੋਤ ਸਿੰਘ ਨੇ ਸਿਲਵਰ ਮੈਡਲ ਜਿੱਤ ਕੇ ਦੂਸਰਾ ਸਥਾਨ ਅਤੇ ਸੁਖਪ੍ਰੀਤ ਸਿੰਘ ਨੇ ਬਰੋਜ ਕਾਂਸ਼ੀ ਮੈਡਲ ਜਿੱਤ ਕੇ ਤੀਸਰਾ ਸਥਾਨ ਪ੍ਰਾਪਤ ਕਰਕੇ ਵਿਦਿਆਰਥੀਆਂ ਨੇ ਖਾਲਸਾ ਅਕੈਡਮੀ ਜੱਬੋਵਾਲ ਦਾ ਨਾਮ ਰੋਸ਼ਨ ਕੀਤਾ। ਭਾਈ ਮਲਕੀਤ ਸਿੰਘ ਨੇ ਇਹਨਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।। ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਅਤੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ। ਇਹਨਾਂ ਵਿਦਿਆਰਥੀਆਂ ਨੇ ਖਾਲਸਾ ਅਕੈਡਮੀ ਜੱਬੋਵਾਲ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ।। ਥੋੜਾ ਸਮਾਂ ਪਹਿਲਾਂ ਇਹ ਖਾਲਸਾ ਅਕੈਡਮੀ ਜੱਬੋਵਾਲ ਦੇ ਵਿਦਿਆਰਥੀਆਂ ਨੇ, ਬਾਕਸਿੰਗ ਵਿੱਚ ਸਟੇਟ ਅਤੇ ਨੈਸ਼ਨਲ ਲੈਵਲ ਤੇ ਖੇਡ ਕੇ ਗੋਲਡ ਮੈਡਲ ਜਿੱਤ ਕੇ ਵੱਡੀਆਂ ਮੱਲਾਂ ਮਾਰੀਆਂ ।ਇਸ ਅਕੈਡਮੀ ਵਿੱਚ ਭਾਈ ਮਲਕੀਤ ਸਿੰਘ ਖਾਲਸਾ ਦੀ ਅਗਵਾਈ ਹੇਠ ਅਨੇਕਾਂ ਸ਼ਹੀਦਾਂ ਅਤੇ ਲੋੜਵੰਦ ਬੱਚੇ ਬੱਚੀਆਂ ਨੂੰ ਪੜ੍ਹਾਈ ਅਤੇ ਗੁਰਬਾਣੀ ਦੀ ਸ਼ੁੱਧ ਸੰਖਿਆ ਗਤਕਾ ਕੀਰਤਨ ਕਥਾ ਖੇਡਾਂ ਵੱਲ ਵੀ ਪ੍ਰੇਰਿਤ ਕੀਤਾ ਜਾਂਦਾ। ਅਤੇ ਬਹੁਤ ਸਾਰੇ ਧਾਰਮਿਕ ਸਮਾਗਮ ਵੀ ਅਕੈਡਮੀ ਵਿੱਚ ਕਰਵਾਏ ਜਾਂਦੇ ਹਨ। ਅਕੈਡਮੀ ਦੇ ਸਾਰੇ ਬੱਚੇ ਬੱਚੀਆਂ ਬਾਣੀ ਬਾਣੇ ਦੇ ਧਾਰਨੀ ਹਨ ਅਨੇਕਾਂ ਲੋੜਵੰਦ ਅਤੇ ਸ਼ਹੀਦਾਂ ਸਿੰਘਾਂ ਦੇ ਬੱਚੇ ਬੱਚੀਆਂ ਦੇ ਗੁਰ ਮਰਿਆਦਾ ਨਾਲ ਆਨੰਦ ਕਾਰਜ ਕੀਤੇ ਜਾਂਦੇ ਹਨ ਭਾਈ ਮਲਕੀਤ ਸਿੰਘ ਜਿੱਥੇ ਸਮਾਜ ਦੇ ਭਲੇ ਲਈ ਕਾਰਜ ਕਰਦੇ ਹਨ, ਉੱਥੇ ਉਹ ਆਪਣੇ ਹੱਥਾਂ ਨਾਲ ਕਿਰਤ ਵੀ ਕਰਦੇ। ਅਤੇ ਇਹ ਅਕੈਡਮੀ ਇਲਾਕੇ ਵਿੱਚ ਲੋੜਵੰਦਾਂ ਦੀ ਮਦਦ ਲਈ ਵਰਦਾਨ ਸਾਬਿਤ ਹੋ ਰਹੀ। ਅਤੇ ਇਸ ਅਕੈਡਮੀ ਵਿੱਚ ਰਾਸ਼ਨ ਵੀ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਜਾਂਦਾ ਹੈ ।ਇਸ ਮੌਕੇ ਤੇ ਭਾਈ ਮਲਕੀਤ ਸਿੰਘ ਖਾਲਸਾ ਮੁੱਖ ਸੇਵਾਦਾਰ ਇਸ ਤੋਂ ਇ,ਲਾਵਾ ਗਿਆਨੀ ਤੇਜਬੀਰ ਸਿੰਘ ਕਨੇਡਾ ,ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ,ਸੁਪਰਡੈਂਟ ਗੁਰਪਿੰਦਰ ਸਿੰਘ, ਬੋਕ ਸਿੰਘ ਕੋਚ ਕਰਨਜੀਤ ਸਿੰਘ, ਸਮੂਹ ਅਧਿਆਪਕ ਸਾਹਿਬਾਨ ਅਤੇ ਭਾਈ ਸੁਖਚੈਨ ਸਿੰਘ ਭਾਈ ਬੂਟਾ ਸਿੰਘ ਭਾਈ ਅਰਜਨ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਥਕ ਜਥੇਬੰਦੀਆਂ ਦੇ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਦੇ ਹੱਕ 'ਚ ਮਾਨ ਦਲ ਨੇ ਕੀਤਾ ਟਰੈਕਟਰ ਮਾਰਚ ਅਤੇ ਰੋਡ ਸ਼ੋਅ

## ਕਾਂਗਰਸ, ਬਾਦਲ, ਭਾਜਪ ਤੇ ਝਾੜੂ ਪਾਰਟੀ ਨੂੰ ਸਬਕ ਸਿਖਾਉਣ ਲੋਕ : ਪੰਥਕ ਆਗੂ



**ਅੰਮ੍ਰਿਤਸਰ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਫ਼ਿਰਕੂ ਹਿੰਦੂਤਵੀ ਸੁਧੀਰ ਸੂਰੀ ਅਤੇ ਥਾਣੇਦਾਰ ਸੂਬਾ ਸਰਹੰਦ ਨੂੰ ਸੋਧਣ ਵਾਲੇ ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਦੇ ਵੱਡੇ ਭਰਾ ਅਤੇ ਪੰਥਕ ਜਥੇਬੰਦੀਆਂ ਦੇ ਤਰਨ ਤਾਰਨ ਜ਼ਿਮਨੀ ਚੋਣ ਵਿੱਚ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਖ਼ਾਲਸਾ ਦੇ ਹੱਕ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪਿੰਡ ਗੱਗੋਬੂਹਾ ਤੋਂ ਬੀੜ ਬਾਬਾ ਬੁੱਢਾ ਸਾਹਿਬ ਤੱਕ ਟਰੈਕਟਰ ਮਾਰਚ ਅਤੇ ਰੋਡ ਸ਼ੋਅ ਕੀਤਾ ਗਿਆ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕੌਮੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ, ਕੌਮੀ ਜਨਰਲ ਸਕੱਤਰ ਭਾਈ ਹਰਪਾਲ ਸਿੰਘ ਬਲੇਰ, ਭਾਈ ਸੰਦੀਪ ਸਿੰਘ ਦੀਪ ਸਿੱਧੂ ਦੇ ਭਰਾ ਭਾਈ ਮਨਦੀਪ ਸਿੰਘ ਸਿੱਧੂ, ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਹਰਦੀਪ ਸਿੰਘ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ, ਬੀਬੀ ਕੁਲਵਿੰਦਰ ਕੌਰ ਖਾਲਸਾ ਆਦਿ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮਾਰਚ ਦਾ ਪ੍ਰਬੰਧ ਜਥੇਦਾਰ ਭਾਈ ਹਰਪਾਲ ਸਿੰਘ ਬਲੇਰ ਵੱਲੋਂ ਕੀਤਾ ਗਿਆ। ਆਗੂਆਂ ਨੇ ਹਲਕਾ ਤਰਨ ਤਾਰਨ ਦੀ ਵਿਧਾਨ ਸਭਾ ਜ਼ਿਮਨੀ ਚੋਣ ਵਿੱਚ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਨੂੰ ਜਿਤਾਉਣ ਲਈ ਲੋਕਾਂ ਨੂੰ ਅਪੀਲ ਕੀਤੀ ਅਤੇ ਪੰਥ ਤੇ ਪੰਜਾਬ ਉੱਤੇ ਹੋ ਰਹੇ ਹਮਲਿਆਂ ਬਾਰੇ ਜਾਗਰੂਕ ਕੀਤਾ। ਉਹਨਾਂ ਕਿਹਾ ਕਿ ਅੱਜ ਦਾ ਇਹ ਮਾਰਚ ਇਕੱਲਾ ਚੋਣ ਪ੍ਰਚਾਰ ਹੀ ਨਹੀਂ, ਸਗੋਂ ਪੰਥ ਦੇ ਬੋਲ ਬਾਲੇ ਕਰਨ ਲਈ ਇੱਕ ਹਲੂਣਾ ਅਤੇ ਹੋਕਾ ਹੈ। ਉਹਨਾਂ ਕਿਹਾ ਕਿ ਤਰਨ ਤਾਰਨ ਇਲਾਕਾ ਜੋ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਵਸਾਈ ਨਗਰੀ ਹੈ, ਪੁਰਾਤਨ ਤੇ ਅਜੋਕੇ ਸਮੇਂ ਵਿੱਚ ਇਸ ਇਲਾਕੇ ਦੇ ਬੇਅੰਤ ਸਿੰਘਾਂ ਨੇ ਸ਼ਹਾਦਤਾਂ ਦਿੱਤੀਆਂ ਹਨ। ਅੱਜ ਗੁਰੂਆਂ ਤੇ ਸ਼ਹੀਦਾਂ ਦੇ ਵਾਰਸਾਂ ਦਾ ਫਰਜ਼ ਬਣਦਾ ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਜਿਤਾਉਣ। ਉਹਨਾਂ ਕਿਹਾ ਕਿ ਕਾਂਗਰਸੀਆਂ, ਬਾਦਲਾਂ, ਭਾਜਪਾਈਆਂ ਅਤੇ ਝਾੜੂ ਪਾਰਟੀ ਦੇ ਰਾਜ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਹੋ ਰਹੀਆਂ ਨੇ, ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਬੰਦੀ ਸਿੰਘਾਂ ਨੂੰ ਰਿਹਾ ਨਹੀਂ ਕੀਤਾ, ਨਸ਼ਿਆਂ ਰਾਹੀਂ ਪੰਜਾਬ ਦੀ ਨੌਜਵਾਨੀ ਦੀ ਨਸਲਕੁਸ਼ੀ ਕੀਤੀ ਜਾ ਰਹੀ, ਭ੍ਰਿਸ਼ਟਾਚਾਰੀ ਅਤੇ ਬੇਰੁਜ਼ਗਾਰੀ ਬੇਹੱਦ ਵੱਧ ਚੁੱਕੀ ਹੈ, ਪੰਥ ਤੇ ਪੰਜਾਬ ਨੂੰ ਲੁੱਟਿਆ-ਕੁੱਟਿਆ ਜਾ ਰਿਹਾ ਹੈ ਜਿਸ ਨੂੰ ਰੋਕਣ ਲਈ ਪੰਥਕ ਜਥੇਬੰਦੀਆਂ ਦੇ ਉਮੀਦਵਾਰ ਨੂੰ ਕਾਮਯਾਬ ਕਰਨ ਦੀ ਲੋੜ ਹੈ। ਇਸ ਮੌਕੇ ਭਾਈ ਅਮਰੀਕ ਸਿੰਘ ਨੰਗਲ, ਮਲਕੀਤ ਸਿੰਘ ਖਾਲਸਾ, ਤੇਜਿੰਦਰ ਕੌਰ ਭਿੱਖੀਵਿੰਡ, ਬੀਬੀ ਸਵਿੰਦਰ ਕੌਰ, ਬੀਬੀ ਕੁਲਵੰਤ ਕੌਰ ਆਦਿ ਅਨੇਕਾਂ ਸੰਗਤਾਂ ਹਾਜ਼ਰ ਸਨ।

# ਪਰਮਜੀਤ ਸਿੰਘ ਵੀਰਜੀ ਨੇ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧ ਉਪਰ ਚੁੱਕੇ ਗੰਭੀਰ ਸੁਆਲ



ਨਵੀਂ ਦਿੱਲੀ 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਗੁਰਦੁਆਰਾ ਕਮੇਟੀ ਦਾ ਜੋ ਮੌਜੂਦਾ ਦੌਰ ਚਲ ਰਿਹਾ ਹੈ ਸਿੱਖ ਇਤਿਹਾਸ ਵਿਚ ਓਸ ਤੋਂ ਬੁਰਾ ਦੌਰ ਕੌਈ ਦੇਖਣ ਪੜਨ ਨੂੰ ਨਹੀਂ ਮਿਲ਼ ਰਿਹਾ ਹੈ ਕਿਉਕਿ ਇਸ ਤੇ ਕਾਬਿਜ ਪ੍ਰਬੰਧਕਾਂ ਨੇ ਸਭ ਕੁਝ ਸਰਕਾਰ ਦੇ ਅਧੀਨ ਕਰ ਦਿੱਤਾ ਹੈ ਜਿਸ ਬਾਰੇ ਹਰਮੀਤ ਸਿੰਘ ਕਾਲਕਾ ਨੇ ਬੀਤੇ ਦਿਨੀਂ ਇਕ ਪ੍ਰੈਸ ਕਾਨਫਰੰਸ ਵਿਚ ਆਪਣੇ ਮੂੰਹ ਤੋਂ ਇਸ ਗੱਲ ਨੂੰ ਕਬੂਲ ਕੀਤਾ ਸੀ ।ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ, ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸਿੱਖ ਪੰਥ ਲਈ ਇਸ ਤੋਂ ਵਡੀ ਨਮੋਸ਼ੀ ਦੀ ਗੱਲ ਨਹੀਂ ਕਿ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਦੀ ਨਾਕਾਬਲੀਅਤ ਕਰਕੇ ਕਮੇਟੀ ਅਧੀਨ ਚਲ ਰਹੇ ਕੁਝ ਆਈ ਟੀ ਆਈ ਕਾਲਜ ਬੰਦ ਹੋ ਗਏ ਹਨ ਤੇ ਕਈ ਸਕੂਲਾਂ ਦੇ ਹਾਲਾਤ ਵੀਂ ਇੰਨ੍ਹਾ ਦੇ ਨੇੜੇ ਤੇੜੇ ਪਹੁੰਚ ਚੁੱਕੇ ਹਨ । ਕਮੇਟੀ ਅਧੀਨ ਚਲ ਰਹੇ ਕਾਲਜਾਂ ਵਿਚ 2024 ਤੋਂ 2028 ਅਤੇ 2025 ਤੋਂ 2029 ਤਕ ਦੇ ਸੈਸ਼ਨਾਂ ਵਿਚ ਮਿਲੀਆਂ ਅਲਾਟਮੈਂਟਾਂ ਦੇ ਮੁਕਾਬਲੇ ਉਂਗਲਾਂ ਤੇ ਗਿਣਤੀ ਕੀਤੇ ਜਾਣ ਵਾਲੇ ਬੱਚਿਆਂ ਨੇ ਕਾਲਜਾਂ ਵਿਚ ਦਾਖਲਾ ਲੈ ਕੇ ਇੰਨ੍ਹਾ ਦੀ ਪ੍ਰਬੰਧਕੀ ਕਾਬਲੀਅਤ ਉਪਰ ਸੁਆਲ ਚੁੱਕੇ ਹਨ ।ਗੁਰਦੁਆਰਾ ਕਮੇਟੀ ਉਪਰ ਭਾਰੀ ਭਰਕਮ ਕਰਜਾ ਚੜਿਆ ਹੋਇਆ ਹੈ ਜੋ ਘਟਣ ਦੀ ਥਾਂ ਹੋਰ ਵੱਧ ਰਿਹਾ ਹੈ ।ਕਮੇਟੀ ਪ੍ਰਬੰਧਕਾਂ ਉਪਰ ਅਣਗਿਣਤ ਅਦਾਲਤੀ ਕੇਸ ਚਲ ਰਹੇ ਹਨ ਜਿਸ ਕਰਕੇ ਕੌਮ ਦਾ ਵੱਡਾ ਸਰਮਾਇਆ ਵਕੀਲਾਂ ਉਪਰ ਖਰਚਿਆ ਜਾ ਰਿਹਾ ਹੈ ।ਪੰਥ ਦਾ ਕੋਈ ਗੰਭੀਰ ਮਸਲਾ ਇੰਨ੍ਹਾ ਦੀ ਪ੍ਰਬੰਧਕੀ ਅਧੀਨ ਹੱਲ ਨਹੀਂ ਹੋ ਸਕਿਆ ਹੈ ਜਿਨ੍ਹਾਂ ਵਿੱਚੋਂ ਇਕ ਮੁੱਖ ਮਸਲਾ ਬੰਦੀ ਸਿੰਘਾਂ ਦੀ ਰਿਹਾਈ ਦਾ ਸੀ ਜਿਸ ਲਈ ਕਮੇਟੀ ਪ੍ਰਧਾਨ ਨੇ ਹਰ ਹੀਲਾ ਵਰਤ ਕੇ ਐਸਜੀਪੀਸੀ ਵਲੋਂ ਬਣਾਈ ਕਮੇਟੀ ਵਿਚ ਆਪਣਾ ਨਾਮ ਇਹ ਕਹਿ ਕੇ ਲਿਖਵਾਇਆ ਸੀ ਕਿ ਸਰਕਾਰੇ ਦਰਬਾਰੇ ਵਿਚ ਸਾਡੀ ਗੱਲਬਾਤ ਹੈ ਤੇ ਅਸੀਂ ਇਸ ਨੂੰ ਸੁਲਝਾਵਾਂਗੇ ਪਰ ਇੰਨ੍ਹਾ ਦੇ ਦਾਖਿਲੇ ਮਗਰੋਂ ਕੇਂਦਰ ਸਰਕਾਰ ਨੇ ਇਸ ਮਸਲੇ ਤੇ ਐਸਜੀਪੀਸੀ ਪ੍ਰਬੰਧਕਾਂ ਨੂੰ ਮਿਲਣ ਅਤੇ ਉਨ੍ਹਾਂ ਵਲੋਂ ਲਿਖੇ ਗਏ ਪੱਤਰਾ ਦਾ ਜੁਆਬ ਤਕ ਨਹੀਂ ਦਿੱਤਾ ਜਿਸ ਨਾਲ ਇਹ ਪ੍ਰਬੰਧਕ ਕਿਤਨੀ ਸੰਜੀਦਗੀ ਨਾਲ ਕਿਨ੍ਹਾ ਲਈ ਕੰਮ ਕਰ ਰਹੇ ਹਨ ਸੰਗਤਾਂ ਆਪ ਭਲੀ ਭਾਂਤ ਜਾਣੂ ਹੋ ਚੁਕੀਆਂ ਹਨ, ਤੇ ਹਰਮੀਤ ਸਿੰਘ ਕਾਲਕਾ ਵੀਂ ਆਪਣੇ ਮੂੰਹ ਤੋਂ ਦਸ ਚੁੱਕੇ ਹਨ ।ਅੰਤ ਵਿਚ ਉਨ੍ਹਾਂ ਕਿਹਾ ਕਿ ਸਾਡੀ ਤੁਹਾਨੂੰ ਸਲਾਹ ਹੈ ਕਿ ਕਮੇਟੀ ਦਾ ਸਰਮਾਇਆ ਬਹੁਤ ਘਾਲਣਾ ਤੋਂ ਬਾਅਦ ਹੋਂਦ ਵਿਚ ਆਇਆ ਹੈ ਜਿਸ ਨੂੰ ਤੁਹਾਡੇ ਵਰਗੇ ਨਾਕਾਬਿਲ ਪ੍ਰਬੰਧਕ ਸੰਭਾਲਣ ਵਿਚ ਨਾਕਾਮਯਾਬ ਹਨ ਇਸ ਲਈ ਤੁਰੰਤ ਆਪਣੇ ਉਹਦਿਆ ਤੋਂ ਅਸਤੀਫ਼ਾ ਦੇ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਇਸ ਦਾ ਪ੍ਰਬੰਧਨ ਦਿੱਤਾ ਜਾਏ ਜੋ ਕਿ ਆਪਣੇ ਤਜੁਰਬੇਆਂ ਨਾਲ ਮੁੜ ਤੋਂ ਇੰਨ੍ਹਾ ਨੂੰ ਲੀਹਾ ਤੇ ਵਾਪਿਸ ਲੈ ਕੇ ਆਏ ਅਤੇ ਸਿੱਖ ਪੰਥ ਦਾ ਉੱਜੜ ਰਿਹਾ ਸਰਮਾਇਆ ਬਚਾਇਆ ਜਾ ਸਕੇ ।

### ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ

# 350 ਸਾਲਾ ਸ਼ਤਾਬਦੀ ਨੂੰ ਸਮਰਪਿਤ 8 ਰੋਜ਼ਾ ਗੁਰਮਤਿ ਸਮਾਗਮ ਆਰੰਭ



**ਜੰਡਿਆਲਾ ਗੁਰੂ**, 10 **ਨਵੰਬਰ ( ਕੁਲਵੰਤ ਸਿੰਘ ਵਿਰਦੀ**)-ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 8 ਰੋਜਾ ਸਮਾਗਮਾਂ ਦੀ ਹੋਈ ਆਰੰਭਤਾ ਇਸ ਸੰਬੰਧੀ ਜਾਣਕਾਰੀ ਦਿੰਦਿਆ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਦੱਸਿਆ ਕਿ ਇਸ ਸਾਲ 9ਵੇਂ ਸਲਾਨਾ ਗੁਰਮਤਿ ਸਮਾਗਮ ਨੂੰ ਸਮਰਪਿਤ 8 ਦਿਨਾਂ ਦੇ ਸਮਾਗਮ ਆਰੰਭ ਹੋ ਚੁੱਕੇ ਹਨ ! ਪਹਿਲੇ ਪੜਾਅ ਚ ਅੱਜ 10 ਨਵੰਬਰ ਨੂੰ ਤਿੰਨ ਸ੍ਰੀ ਆਖੰਡ ਪਾਠ ਸਾਹਿਬ ਜੀ,ਜਪੁਜੀ ਸਾਹਿਬ, ਸ੍ਰੀ ਸੁਖਮਨੀ ਸਾਹਿਬ ਜੀ ਆਰੰਭ ਕੀਤੇ ਗਏ ਜਿੰਨਾਂ ਦੇ ਭੋਗ 12 ਨਵੰਬਰ ਨੂੰ ਪੈਣਗੇ ਅਤੇ ਦੂਜੇ ਪੜਾਅ ਚ 12 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ ਅਤੇ ਜਿਨਾਂ ਦੇ ਭੋਗ 14 ਨਵੰਬਰ ਨੂੰ ਪੈਣਗੇ ਅਤੇ ਤੀਜੇ ਪੜਾਅ ਚ 14 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ ਅਤੇ ਜਿੰਨਾ ਦੇ ਭੋਗ 16 ਨਵੰਬਰ ਨੂੰ ਪੈਣਗੇ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ ! ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਸਮਾਗਮਾਂ ਦੀ ਸੰਪੂਰਨਤਾ 17 ਨਵੰਬਰ ਨੂੰ ਹੋਵੇਗੀ ਜਿਸ ਵਿੱਚ 17 ਨਵੰਬਰ ਨੂੰ ਪ੍ਰਕਾਸ ਪੁਰਬ ਨੂੰ ਸਮਰਪਿਤ ਅਤੇ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਵਿਸਾਲ ਨਗਰ ਕੀਰਤਨ ਸਜਾਇਆ ਜਾਵੇਗਾ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਆਰੰਭ ਹੋ ਕਿ ਪਿੰਡ ਗੋਰੇਵਾਲ, ਗੁੰਨੋਵਾਲ, ਗੁਰੂ ਤੇਗ ਬਹਾਦਰ ਕਲੋਨੀ, ਪਿੰਡ ਮੱਲ੍ਹੀਆਂ, ਪਿੰਡ ਤਾਰਾਗੜ੍ਹ, ਪਿੰਡ ਤਿੰਮੋਵਾਲ ਬਾਬਾ ਗੁਰਦਿੱਤਾ ਸਾਹਿਬ , ਪਿੰਡ ਏਕਲਗੱਡਾ, ਪਿੰਡ ਦੀਨੇਵਾਲ, ਪਿੰਡ ਜਹਾਂਗੀਰ ਤੋਂ ਹੁੰਦਾ ਹੋਇਆ ਪਿੰਡ ਧਾਰੜ, ਅਤੇ ਸਹਿਰ ਜੰਡਿਆਲਾ ਗੁਰੂ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਸਮਾਪਤ ਹੋਵੇਗਾ ! ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਜਿੰਨਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ, ਮੋਟਰਸਾਇਕਲ ਆਦਿ ਸਾਧਨ ਬਖਸੇ ਹਨ ਉਹ ਸੰਗਤਾਂ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨਾਂ ਤੇ ਪਹੁੰਚ ਕਿ ਅਤੇ ਇਲਾਕੇ ਦੀ ਸੰਗਤ ਨੂੰ ਟਰਾਲੀਆਂ ਸਾਧਨਾਂ ਤੇ ਲੈ ਕਿ ਸਾਮਲ ਹੋਵੋ ਅਤੇ ਗੁਰੂ ਸਾਹਿਬ ਜੀ ਦੀਆਂ ਖੁਸੀਆਂ ਪ੍ਰਾਪਤ ਕਰੋ ! ਇਸ ਮੌਕੇ ਬਾਪੂ ਬਲਵੰਤ ਸਿੰਘ ਹੁੰਦਲ ਡੇਅਰੀ, ਭਾਈ ਦਲੀਪ ਸਿੰਘ ਏਕਲਗੱਡਾ, ਡਾ: ਰਣਜੋਤ ਸਿੰਘ, ਭਾਈ ਸੁਰਿੰਦਰ ਪਾਲ ਸਿੰਘ ਤਲਪੁਰਾ ( ਅਜਨਾਲਾ ) , ਡਾਕਟਰ ਸਤਨਾਮ ਸਿੰਘ ਜੌਹਲ ਰਾਜੂ ਸਿੰਘ , ਸਿਮਰਨਜੀਤ ਸਿੰਘ, ਭਾਈ ਜੋਰਾ ਸਿੰਘ, ਮੰਗਲ ਸਿੰਘ ਨੰਬਰਦਾਰ, ਕਾਲਾ ਸਿੰਘ, ਦਵਿੰਦਰ ਸਿੰਘ ਕਾਲਾ ,ਗੁਰਪ੍ਰੀਤ ਸਿੰਘ ਗੋਪੀ, ਹਰਮੀਤ ਸਿੰਘ, ਅਮਰੀਕ ਸਿੰਘ ਚੰਦੀ, ਸਰੂਪ ਸਿੰਘ, ਕਵਲਜੀਤ ਸਿੰਘ, ਦਲਜੀਤ ਸਿੰਘ ਲੱਕੀ, ਬਲਬੀਰ ਸਿੰਘ ਗੁੰਨੋਵਾਲ, ਭਾਈ ਭੀਮ ਸਿੰਘ ਗੋਰੇਵਾਲ,ਮਨਿੰਦਰਪਾਲ ਸਿੰਘ ਹਨੀ , ਵਰਿੰਦਰਪਾਲ ਸਿੰਘ ਪਟਵਾਰੀ, ਬਾਪੂ ਜਸਬੀਰ ਸਿੰਘ ਮੱਲ੍ਹੀਆਂ, ਭਾਈ ਬਿਕਰਮਜੀਤ ਸਿੰਘ ਨਰੈਣਗੜ੍ਹ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਜਤਿੰਦਰ ਸਿੰਘ ਮਹਿਤਾ ਚੌਂਕ , ਭਾਈ ਬਚਿੱਤਰ ਸਿੰਘ ਤਰਸਿੱਕਾ , ਭਾਈ ਜਰਮਨਜੀਤ ਸਿੰਘ , ਭਾਈ ਹਰਦੇਵ ਸਿੰਘ ਸੈਦਪੁਰ ਆਦਿ ਅਕਾਲ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਹਾਜ਼ਰ ਸਨ।

**17 ਨਵੰਬਰ ਨੂੰ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ ਤੋਂ ਸਜਾਇਆ ਜਾਵੇਗਾ-ਬਾਬਾ ਬਿਬੇਕ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

### ਆਕਲੈਂਡ ਦੇ ਗਾਂਧੀ ਸੈਂਟਰ ਦੇ ਬਾਹਰ ਨਿਊਜ਼ੀਲੈਂਡ ਦੇ ਸਿੱਖਾਂ ਨੇ

# 1984 ਦੀ ਸਿੱਖ ਨਸਲਕੁਸ਼ੀ ਦੀ ਯਾਦ ਵਿਚ ਕੱਢੀ ਰੈਲੀ




**ਨਵੀਂ ਦਿੱਲੀ**, 10 **ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਬੀਤੀ 8 ਨਵੰਬਰ ਨੂੰ, ਨਿਊਜ਼ੀਲੈਂਡ ਭਰ ਦੇ ਸਿੱਖ 1984 ਦੀ ਸਿੱਖ ਨਸਲਕੁਸ਼ੀ ਦੇ ਪੀੜਤਾਂ ਦੀ ਯਾਦ ਨੂੰ ਮਨਾਉਣ ਲਈ ਆਕਲੈਂਡ ਦੇ ਗਾਂਧੀ ਸੈਂਟਰ ਦੇ ਬਾਹਰ ਇਕੱਠੇ ਹੋਏ। ਇਹ ਰੈਲੀ ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਭਾਰਤ ਵਿੱਚ ਇਕ ਗਿਣੀ ਸਾਜ਼ਿਸ਼ ਤਹਿਤ ਕੀਤੀ ਗਈ ਹਿੰਸਾ ਦੌਰਾਨ ਮਾਰੇ ਗਏ ਹਜ਼ਾਰਾਂ ਸਿੱਖਾਂ ਨੂੰ ਸ਼ਰਧਾਂਜਲੀ ਦੇਣ ਲਈ ਆਯੋਜਿਤ ਕੀਤੀ ਗਈ ਸੀ। ਰਵਿੰਦਰ ਸਿੰਘ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਰੈਲੀ ਵਿਚ ਭਾਗ ਲੈਣ ਵਾਲਿਆਂ ਨੇ ਸਿੱਖ ਕਤਲੇਆਮ ਦੇ ਪੀੜਤਾਂ ਦੀ ਯਾਦ ਵਿੱਚ ਨਾਅਰੇ ਲਗਾਏ ਅਤੇ ਸਿੱਖਾਂ ਲਈ ਇੱਕ ਆਜ਼ਾਦ ਮੁੱਲਕ ਖਾਲਿਸਤਾਨ ਦੀ ਮੰਗ ਕੀਤੀ, ਜਿਸਨੂੰ ਉਨ੍ਹਾਂ ਨੇ ਭਵਿੱਖ ਵਿੱਚ ਹੋਣ ਵਾਲੀਆਂ ਸਿੱਖ ਨਸਲਕੁਸ਼ੀ ਨੂੰ ਰੋਕਣ ਦਾ ਇੱਕੋ ਇੱਕ ਹੱਲ ਦੱਸਿਆ। ਰੈਲੀ ਤੋਂ ਬਾਅਦ, ਹਾਜ਼ਰ ਲੋਕ ਕਵੀਨ ਸਟਰੀਟ ਚਲੇ ਗਏ, ਜਿੱਥੇ 1984 ਦੀ ਸਿੱਖ ਨਸਲਕੁਸ਼ੀ ਅਤੇ ਦੁਨੀਆ ਭਰ ਦੇ ਸਿੱਖ ਭਾਈਚਾਰੇ 'ਤੇ ਇਸ ਦੇ ਚੱਲ ਰਹੇ ਪ੍ਰਭਾਵ ਬਾਰੇ ਜਨਤਾ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਭਾਰਤੀ ਕੌਂਸਲੇਟ ਇਮਾਰਤ ਦੇ ਸਾਹਮਣੇ ਪੈਂਫਲੇਟ ਵੰਡੇ ਗਏ। ਇਸ ਦੌਰਾਨ ਉਨ੍ਹਾਂ ਰਾਹਗੀਰਾਂ ਨੂੰ ਦਸਿਆ ਕਿ ਕਿਸ ਤਰ੍ਹਾਂ ਦਿੱਲੀ ਅਤੇ ਵੱਖ ਵੱਖ ਰਾਜਾਂ ਅੰਦਰ ਸਿੱਖ ਪਰਿਵਾਰਾਂ ਦੇ ਘਰਾਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ ਨੂੰ ਘਰੋਂ ਕਢ ਕੇ ਮਾਰਿਆ ਜਲਾਇਆ ਗਿਆ, ਬੀਬੀਆਂ ਨਾਲ ਜਬਰਜਿਨਾਹ ਕੀਤਾ ਗਿਆ ਤੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਵੀਂ ਨਹੀਂ ਬਖਸ਼ਿਆ ਗਿਆ । ਉਨ੍ਹਾਂ ਇਹ ਵੀਂ ਦਸਿਆ ਕਿ ਸੰਸਾਰ ਅੰਦਰ ਇਕੋ ਇਕ ਵਿਧਵਾ ਕੋਲੋਨੀ ਬਣੀ ਹੋਈ ਹੈ ਜਿੱਥੇ ਹਜਾਰਾਂ ਦੀ ਤਾਦਾਦ ਅੰਦਰ ਸਿੱਖਾਂ ਦੀਆਂ ਪਤਨੀਆਂ ਰਹਿੰਦੀਆਂ ਹਨ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਤੱਤਕਾਲੀ ਸਰਕਾਰ ਦੇ ਨੇਤਾਵਾਂ ਦੇ ਇਸ਼ਾਰੇਆ ਤੇ ਮਾਰਿਆ ਜਲਾਇਆ ਗਿਆ ਸੀ ਤੇ ਉਨ੍ਹਾਂ ਦੀ ਅਰਬਾਂ ਰੁਪਏ ਦੀ ਜਾਇਦਾਦ ਬਰਬਾਦ ਅਤੇ ਲੁਟ ਲਿੱਤੀ ਗਈ ਸੀ ਤੇ ਇਸ ਵਿਚ ਉਨ੍ਹਾਂ ਨੇ ਪੁਲਿਸ ਦੀ ਭੂਮਿਕਾ ਬਾਰੇ ਵੀਂ ਜਾਣਕਾਰੀ ਦਿੱਤੀ ਕਿ ਕਿਸ ਤਰ੍ਹਾਂ ਉਨ੍ਹਾਂ ਸਿੱਖਾਂ ਨੂੰ ਭੀੜਾ ਦੇ ਹਵਾਲੇ ਕਰਣ ਵਿਚ ਸਹਿਯੋਗ ਦਿੱਤਾ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਇੰਡੀਅਨ ਟੈਲੈਂਟ ਓਲੰਪੀਆਡ ਵੱਲੋਂ ਮੁੰਬਈ ਚ ਕਰਵਾਏ ਗਏ ਸਮਾਗਮ 'ਚ ਪ੍ਰਿੰ: ਡਾ ਅਮਰਪ੍ਰੀਤ ਕੌਰ ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ

### ਸਕੂਲ ਪਹੁੰਚਣ ਤੇ ਡਾਇਰੈਕਟਰ ਮੰਗਲ ਸਿੰਘ ਕਿਸ਼ਨਪੁਰੀ ਤੇ ਸਕੂਲ ਮੈਨੇਜਮੈਂਟ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ



**ਜੰਡਿਆਲਾ ਗੁਰੂ**, 10 **ਨਵੰਬਰ ( ਕੁਲਵੰਤ ਸਿੰਘ ਵਿਰਦੀ**)-ਬੀਤੇ ਦਿਨ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੂੰ ਇੰਡੀਅਨ ਟੈਲੈਂਟ ਓਲੰਪੀਆਡ ਵੱਲੋਂ ਬੈਸਟ ਪ੍ਰਿੰਸੀਪਲ ਅਤੇ ਸਕੂਲ ਦੇ ਕੋਆਰਡੀਨੇਟਰ ਸ੍ਰੀਮਤੀ ਸ਼ਿਲਪਾ ਸ਼ਰਮਾ ਨੂੰ ਬੈਸਟ ਟੀਚਰ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ।ਇਸ ਸਬੰਧੀ ਵਿਸ਼ਨੂ ਦਾਸ ਨਾਟਕ ਗ੍ਰਹਿ ਮੁੰਬਈ ਵਿੱਚ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ ।ਇਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ਼੍ਰੀਮਤੀ ਕਿਰਨ ਬੇਦੀ (ਪਹਿਲੀ ਮਹਿਲਾ ਆਈਪੀਐਸ ਅਧਿਕਾਰੀ ਉੱਘੇ ਸਮਾਜ ਸੁਧਾਰਕ ਤੇ ਪਾਂਡੂਚਰੀ ਦੀ ਸਾਬਕਾ ਲੈਫਟੀਨੈਂਟ ਗਵਰਨਰ) ਅਤੇ ਸ੍ਰੀਮਤੀ ਸਾਈਨਾ ਨੇਹਵਾਲ (ਬੈਡਮਿੰਟਨ ਖਿਡਾਰਨ ਓਲੰਪਿਕ ਤਗਮਾ ਜੇਤੂ ਅਤੇ ਪਦਮ ਭੂਸ਼ਣ ਪੁਰਸਕਾਰ) ਜੀ ਨੇ ਵਿਸ਼ੇਸ਼ ਤੌਰ ਤੇ ਹਿੱਸਾ ਲਿਆ ਸੇਂਟ ਸੋਲਜਰ ਸਕੂਲ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਇਸ ਸਮਾਗਮ ਵਿੱਚ ਸਾਡੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਡਾ: ਅਮਰਪ੍ਰੀਤ ਕੌਰ ਜੀ ਨੂੰ ਉਹਨਾਂ ਦੀ ਦੂਰਅੰਦੇਸ਼ੀ ਸੋਚ ,ਕੰਮ ਕਰਨ ਦੀ ਲਾਲਸਾ ਮਿਹਨਤੀ ਸੁਭਾਅ, ਅਨੁਸ਼ਾਸਨ ਅਤੇ ਕੰਮ ਪ੍ਰਤੀ ਲਗਨ ਅਤੇ ਸਫਲਤਾ ਕਰਕੇ ਉਹਨਾਂ ਨੂੰ ਬੈਸਟ ਪ੍ਰਿੰਸੀਪਲ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ. ਕਿਉਂਕਿ ਉਹਨਾਂ ਦੀ ਅਗਵਾਈ ਦੇ ਵਿੱਚ ਉਹਨਾਂ ਦੀ ਸੁਚਾਰੂ ਮੈਨੇਜਮੈਂਟ ਅਤੇ ਬੱਚਿਆਂ ਵਿੱਚ ਆਤਮ ਵਿਸ਼ਵਾਸ ਲਿਆਉਣ ਲਈ ਨਵੀਂ ਊਰਜਾ ਪੈਦਾ ਕਰਨਾ ਅਤੇ ਮਿਹਨਤ ਦੀ ਭਾਵਨਾ ਨੂੰ ਬਣਾਉਣਾ ਅਤੇ ਪੜ੍ਹਾਈ ਵਿੱਚ ਨਵੀਨਤਮ ਕਿਰਿਆਵਾਂ ਕਰਕੇ ਸਕੂਲ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰ ਰਿਹਾ ਹੈ ਇਸ ਦੇ ਨਾਲ ਹੀ ਸਕੂਲ ਦੇ ਕੁਆਰਡੀਨੇਟਰ ਸ੍ਰੀਮਤੀ ਸ਼ਿਲਪਾ ਸ਼ਰਮਾ ਨੂੰ ਵੀ ਉਹਨਾਂ ਦੇ ਸ਼ਾਨਦਾਰ ਅਧਿਆਪਨ ਹੁਨਰ ਰਚਨਾਤਮਕ ਕਲਾਵਾਂ ਅਤੇ ਉਹਨਾਂ ਦਾ ਹਰੇਕ ਵਿਦਿਆਰਥੀ ਨੂੰ ਸਭ ਤੋਂ ਵਧੀਆ ਬਣਾਉਣ ਦਾ ਯਤਨ ਅਤੇ ਨਿਰੰਤਰ ਯਤਨਾਂ ਲਈ ਉਨਾਂ ਨੂੰ ਬੈਸਟ ਅਧਿਆਪਕ ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ:ਮੰਗਲ ਸਿੰਘ ਕਿਸ਼ਨਪੁਰੀ, ਸਮੂਹ ਸਟਾਫ ਅਤੇ ਬੱਚਿਆਂ ਨੇ ਉਹਨਾਂ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ ਤੇ ਡਾ:ਮੰਗਲ ਸਿੰਘ ਕਿਸ਼ਨਪੁਰੀ ਜੀ ਵੱਲੋਂ ਦੋਵਾਂ ਪੁਰਸਕਾਰ ਜੇਤੂਆਂ ਨੂੰ ਉਹਨਾਂ ਦੀ ਬੇਮਿਸਾਲ ਪ੍ਰਾਪਤੀਆਂ ਅਤੇ ਸੰਸਥਾ ਨੂੰ ਸਨਮਾਨ ਦਿਵਾਉਣ ਲਈ ਪ੍ਰਸ਼ੰਸ਼ਾ ਕੀਤੀ ਅਤੇ ਵਧਾਈ ਦਿੱਤੀ। ਅਤੇ ਸਕੂਲ ਨੂੰ ਵਿਦਿਅਕ ਉੱਤਮਤਾ ਦਾ ਚਾਨਣ ਮੁਨਾਰਾ ਬਣਾਉਣ ਵਿੱਚ ਉਹਨਾਂ ਦੇ ਮਿਹਨਤ ਲਗਨ ਤੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਤੇ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਨੇ ਆਪਣੇ ਇਸ ਐਵਾਰਡ ਨੂੰ ਸਮੂਹ ਸਟਾਫ ਦੀ ਮਿਹਨਤ ਅਤੇ ਬੱਚਿਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਨੂੰ ਸਮਰਪਣ ਕੀਤਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ , ਸ਼ਿਲਪਾ ਸ਼ਰਮਾ ਕੋਆਰਡੀਨੇਟਰ, ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਵੀਕੇ, ਸੰਗਰੂਰ ਵੱਲੋਂ ਪਿੰਡ ਪੰਨਵਾ ਵਿੱਚ ਸਮਾਰਟ ਸੀਡਰ ਨਾਲ ਕਣਕ ਦੀ ਬਿਜਾਈ ਸਬੰਧੀ ਖੇਤ ਪ੍ਰਦਰਸ਼ਨੀ




ਭਵਾਨੀਗੜ੍ਹ/ਸੰਗਰਰ ( ਰਣਜੀਤ ਸਿੰਘ ਪੇਧਨੀ ) - ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਪਿੰਡ ਪੰਨਵਾ, ਬਲਾਕ ਭਵਾਨੀਗੜ੍ਹ ਵਿਖੇ ਸ੍ਰੀ ਮੇਹਰ ਚੰਦ ਦੇ ਖੇਤ ਵਿੱਚ ਸਮਾਰਟ ਸੀਡਰ ਨਾਲ ਝੋਨੇ ਦੀ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਕਣਕ ਦੀ ਬਿਜਾਈ ਸਬੰਧੀ ਖੇਤ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਦੀ ਟੀਮ ਵਿਚੋਂ ਡਾ. ਮਨਦੀਪ ਸਿੰਘ, ਇੰਚਾਰਜ ਕੇਵੀਕੇ ਖੇੜੀ, ਅਤੇ ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਮੌਜੂਦ ਸਨ। ਪ੍ਰਦਰਸ਼ਨੀ ਦੌਰਾਨ ਪੀ.ਏ.ਯੂ. ਲੁਧਿਆਣਾ ਦੇ ਪੇਂਡੂ ਖੇਤੀਬਾੜੀ ਕਾਰਜ ਤਜ਼ਰਬਾ ਪ੍ਰੋਗਰਾਮ ਅਧੀਨ ਟ੍ਰੇਨਿੰਗ ਪ੍ਰਾਪਤ ਕਰ ਰਹੇ ਬੀ.ਐਸ.ਸੀ. ਐਗਰੀਕਲਚਰ ਆਖਰੀ ਸਾਲ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ। ਡਾ. ਮਨਦੀਪ ਸਿੰਘ ਨੇ ਕਿਸਾਨਾਂ ਅਤੇ ਵਿਦਿਆਰਥੀਆਂ ਨੂੰ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ ਦੇ ਫਾਇਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਤਰੀਕਾ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਂਦਾ ਹੈ ਅਤੇ ਹਵਾ ਪ੍ਰਦੂਸ਼ਣ ਤੋਂ ਬਚਾਉਂਦਾ ਹੈ। ਡਾ. ਸੁਨੀਲ ਕੁਮਾਰ ਨੇ ਸਮਾਰਟ ਸੀਡਰ ਨਾਲ ਬਿਜਾਈ ਦੀ ਤਕਨੀਕ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਮਸ਼ੀਨ ਨਾਲ ਖੇਤ ਵਿੱਚ ਕਣਕ ਦੀ ਬਿਜਾਈ ਵੀ ਕਰਵਾਈ। ਇਸ ਮੌਕੇ ਸ੍ਰੀ ਮੇਹਰ ਚੰਦ ਜੀ ਤੋਂ ਇਲਾਵਾ ਸ. ਰਜਿੰਦਰ ਸਿੰਘ, ਸ. ਦਰਸ਼ਨ ਦਾਸ, ਸ. ਸੁਖਦੇਵ ਸਿੰਘ ਅਤੇ ਸ. ਟੇਕ ਸਿੰਘ ਸਮੇਤ ਹੋਰ ਕਿਸਾਨ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

## ਯੂਕੇ ਪੀਐਮ ਕੀਰ ਸਟਾਰਮਰ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦਿੱਤੀ ਵਧਾਈ ਅਤੇ

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਹਾਦਰੀ ਨੂੰ ਕੀਤਾ ਯਾਦ


The Labour Party
Rt Hon. Sir Keir Starmer KC
Prime Minister and Leader of the Labour Party

20 Rushworth Street
London, SE1 0SS
0845 092 2299 | labour.org.uk/contact
KeirStarmerLabour
@Keir_Starmer

November 2025

Dear Sadh Sangat Ji,

Waheguru Ji Ka Khalsa, Waheguru Ji Ki Fateh,

The Gurpurabs to mark the birth anniversary of Guru Nanak Dev Ji and the 350th anniversary of the martyrdom of Guru Tegh Bahadur Ji invite both joyous celebration and solemn reflection. Guru Nanak Dev Ji's Gurpurab reminds us of his teachings that we are all one and interconnected, beyond divisions of faith, background, or status. Guru Tegh Bahadur Ji gave his life defending the fundamental rights of all to live with freedom and dignity and to practice their faith freely. His legacy continues to inspire all who value freedom of religion and belief, justice and protecting the vulnerable in society.

Together, these two anniversaries celebrate the enduring message of the Sikh Gurus, to stand for truth, serve selflessly, and build unity in our communities. Their example and the timeless principles of Sarbat da Bhala, working for the welfare of all, have never been more needed. As a community you continue to embody these values through your seva and commitment to Sarbat da Bhala.

At the heart of my vision for Britain is a call for national renewal, for a Britain built for all - underpinned by the values of hard work, decency, patriotism and service. I am committed to leading this national effort, and it is not a task for government alone. Thank you for everything you do, day in day out, to uplift our communities and strengthen the bonds that unite us.

During this month of November, I hope Guru Nanak Dev Ji's wisdom and Guru Tegh Bahadur Ji's valour will continue to guide us towards serving our communities, protecting human rights, and working for greater understanding, peace, and unity.

With respect and gratitude,

Rt Hon. Sir Keir Starmer KC MP
Prime Minister and Leader of the Labour Party

Labour

**ਨਵੀਂ ਦਿੱਲੀ, 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਯੂਕੇ ਦੇ ਪੀਐਮ ਅਤੇ ਲੇਬਰ ਪਾਰਟੀ ਦੇ ਮੁੱਖੀ ਕੀਰ ਸਟਾਰਮਰ ਨੇ ਸਿੱਖ ਪੰਥ ਦੇ ਪਹਿਲੇ ਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਧਾਈ ਦਿੱਤੀ ਹੈ ਅਤੇ ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਮੌਕੇ ਉਨ੍ਹਾਂ ਦੀ ਬਹਾਦਰੀ ਨੂੰ ਯਾਦ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਅਤੇ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੀ 350ਵੀਂ ਵਰ੍ਹੇਗੰਢ ਨੂੰ ਮਨਾਉਣ ਵਾਲੇ ਗੁਰਪੁਰਬ ਖੁਸ਼ੀ ਦੇ ਜਸ਼ਨ ਅਤੇ ਗੰਭੀਰ ਚਿੰਤਨ ਦੋਵਾਂ ਨੂੰ ਸੱਦਾ ਦਿੰਦੇ ਹਨ। ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਦੀ ਯਾਦ ਦਿਵਾਉਂਦਾ ਹੈ ਕਿ ਵਿਸ਼ਵਾਸ, ਪਿਛੋਕੜ ਜਾਂ ਰੁਤਬੇ ਦੀਆਂ ਵੰਡਾਂ ਤੋਂ ਪਰੇ ਅਸੀਂ ਸਾਰੇ ਇੱਕ ਹਾਂ ਅਤੇ ਆਪਸ ਵਿੱਚ ਜੁੜੇ ਹੋਏ ਹਾਂ। ਗੁਰੂ ਤੇਗ ਬਹਾਦਰ ਜੀ ਨੇ ਆਜ਼ਾਦੀ ਅਤੇ ਮਾਣ ਨਾਲ ਰਹਿਣ ਅਤੇ ਆਪਣੇ ਵਿਸ਼ਵਾਸ ਦਾ ਸੁਤੰਤਰ ਅਭਿਆਸ ਕਰਨ ਦੇ ਸਾਰਿਆਂ ਦੇ ਮੌਲਿਕ ਅਧਿਕਾਰਾਂ ਦੀ ਰੱਖਿਆ ਕਰਦੇ ਹੋਏ ਆਪਣਾ ਜੀਵਨ ਦਿੱਤਾ। ਉਨ੍ਹਾਂ ਦੀ ਵਿਰਾਸਤ ਉਨ੍ਹਾਂ ਸਾਰਿਆਂ ਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ ਜੋ ਧਰਮ ਅਤੇ ਵਿਸ਼ਵਾਸ, ਨਿਆਂ ਦੀ ਆਜ਼ਾਦੀ ਅਤੇ ਸਮਾਜ ਵਿੱਚ ਕਮਜ਼ੋਰ ਲੋਕਾਂ ਦੀ ਰੱਖਿਆ ਦੀ ਕਦਰ ਕਰਦੇ ਹਨ। ਇਕੱਠੇ ਮਿਲ ਕੇ, ਇਹ ਦੋਵੇਂ ਵਰ੍ਹੇਗੰਢ ਸਿੱਖ ਗੁਰੂਆਂ ਦੇ ਸਦੀਵੀ ਸੰਦੇਸ਼, ਸੱਚ ਲਈ ਖੜ੍ਹੇ ਹੋਣ, ਨਿਰਸਵਾਰਥ ਸੇਵਾ ਕਰਨ ਅਤੇ ਸਾਡੇ ਭਾਈਚਾਰਿਆਂ ਵਿੱਚ ਏਕਤਾ ਬਣਾਉਣ ਦਾ ਜਸ਼ਨ ਮਨਾਉਂਦੇ ਹਨ। ਉਨ੍ਹਾਂ ਦੀ ਉਦਾਹਰਣ ਅਤੇ ਸਰਬੱਤ ਦਾ ਭਲਾ ਦੇ ਸਦੀਵੀ ਸਿਧਾਂਤ, ਸਾਰਿਆਂ ਦੀ ਭਲਾਈ ਲਈ ਕੰਮ ਕਰਨ ਦੀ, ਕਦੇ ਵੀ ਇੰਨੀ ਜ਼ਿਆਦਾ ਲੋੜ ਨਹੀਂ ਰਹੀ। ਇੱਕ ਭਾਈਚਾਰੇ ਦੇ ਤੌਰ 'ਤੇ ਤੁਸੀਂ ਆਪਣੀ ਸੇਵਾ ਅਤੇ ਸਰਬੱਤ ਦਾ ਭਲਾ ਪ੍ਰਤੀ ਵਚਨਬੱਧਤਾ ਰਾਹੀਂ ਇਨ੍ਹਾਂ ਕਦਰਾਂ-ਕੀਮਤਾਂ ਨੂੰ ਅਪਣਾਉਂਦੇ ਰਹਿੰਦੇ ਹੋ। ਬ੍ਰਿਟੇਨ ਲਈ ਮੇਰੇ ਦ੍ਰਿਸ਼ਟੀਕੋਣ ਦੇ ਕੇਂਦਰ ਵਿੱਚ ਰਾਸ਼ਟਰੀ ਨਵੀਨੀਕਰਨ ਦਾ ਸੱਦਾ ਹੈ, ਇੱਕ ਅਜਿਹਾ ਬ੍ਰਿਟੇਨ ਜੋ ਸਾਰਿਆਂ ਲਈ ਬਣਾਇਆ ਗਿਆ ਹੈ - ਸਖ਼ਤ ਮਿਹਨਤ, ਸ਼ਿਸ਼ਟਾਚਾਰ, ਦੇਸ਼ ਭਗਤੀ ਅਤੇ ਸੇਵਾ ਦੇ ਮੁੱਲਾਂ ਦੁਆਰਾ ਅਧਾਰਤ। ਮੈਂ ਇਸ ਰਾਸ਼ਟਰੀ ਯਤਨ ਦੀ ਅਗਵਾਈ ਕਰਨ ਲਈ ਵਚਨਬੱਧ ਹਾਂ, ਅਤੇ ਇਹ ਇਕੱਲੇ ਸਰਕਾਰ ਦਾ ਕੰਮ ਨਹੀਂ ਹੈ। ਸਾਡੇ ਭਾਈਚਾਰਿਆਂ ਨੂੰ ਉੱਚਾ ਚੁੱਕਣ ਅਤੇ ਸਾਨੂੰ ਇਕਜੁੱਟ ਕਰਨ ਵਾਲੇ ਬੰਧਨਾਂ ਨੂੰ ਮਜ਼ਬੂਤ ਕਰਨ ਲਈ ਤੁਸੀਂ ਦਿਨ-ਬ-ਦਿਨ ਜੋ ਵੀ ਕਰਦੇ ਹੋ, ਉਸ ਲਈ ਤੁਹਾਡਾ ਧੰਨਵਾਦ ਕਰਦਾ ਹਾਂ। ਨਵੰਬਰ ਦੇ ਇਸ ਮਹੀਨੇ ਦੌਰਾਨ, ਮੈਨੂੰ ਉਮੀਦ ਹੈ ਕਿ ਗੁਰੂ ਨਾਨਕ ਦੇਵ ਜੀ ਵਲੋਂ ਦਿੱਤਾ ਗਿਆਨ ਅਤੇ ਗੁਰੂ ਤੇਗ ਬਹਾਦਰ ਜੀ ਦੀ ਬਹਾਦਰੀ ਸਾਨੂੰ ਸਾਡੇ ਭਾਈਚਾਰਿਆਂ ਦੀ ਸੇਵਾ ਕਰਨ ਲਈ ਮਾਰਗਦਰਸ਼ਨ ਕਰਦੀ ਰਹੇਗੀ। ਜਿਕਰਯੋਗ ਹੈ ਕਿ ਬੀਤੇ ਵਰ੍ਹੇ ਪੀਐਮ ਕੀਰ ਸਟਾਰਮਰ ਵਲੋਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕੋਈ ਬਿਆਨ ਜਾਰੀ ਨਾ ਕਰਕੇ ਸਿੱਖਾਂ ਵਲੋਂ ਭਾਰੀ ਰੋਸ ਪ੍ਰਗਟ ਕੀਤਾ ਗਿਆ ਸੀ ਤੇ ਓਸ ਨੂੰ ਦੇਖਦੇ ਹੋਏ ਉਨ੍ਹਾਂ ਵਲੋਂ ਇਸ ਵਾਰ ਸਿੱਖ ਪੰਥ ਦੀ ਨਰਾਜਗੀ ਨੂੰ ਦੂਰ ਕਰਦਿਆਂ ਸਮੇਂ ਸਿਰ ਆਪਣਾ ਫਰਜ਼ ਅਦਾ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਜ਼ਿਲ੍ਹੇ ਵਿਚਲੇ ਵਿਕਾਸ ਕਾਰਜ ਸਮੇਂ ਸਿਰ ਤੇ

# ਮਿਆਰੀ ਤਰੀਕੇ ਨਾਲ ਪੂਰੇ ਹੋਣੇ ਯਕੀਨੀ ਬਣਾਏ ਜਾਣ: ਰਾਹੁਲ ਚਾਬਾ




### ਡਿਪਟੀ ਕਮਿਸ਼ਨਰ ਵੱਲੋਂ ਸਥਾਨਕ ਸਰਕਾਰਾਂ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਸਪਸ਼ਟ ਹਦਾਇਤਾਂ

**ਸੰਗਰੂਰ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਨਕ ਸਰਕਾਰਾਂ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਸਪਸ਼ਟ ਹਦਾਇਤਾਂ ਜਾਰੀ ਕੀਤੀਆਂ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਅਤੇ ਨਵੇਂ ਮਨਜ਼ੂਰਸ਼ੁਦਾ ਵਿਕਾਸ ਕਾਰਜਾਂ ਦੀ ਗਤੀ ਤੇ ਗੁਣਵੱਤਾ ਦੋਹਾਂ ਨੂੰ ਯਕੀਨੀ ਬਣਾਇਆ ਜਾਵੇ। ਸ਼੍ਰੀ ਚਾਬਾ ਨੇ ਕਿਹਾ ਕਿ ਜਿਹੜੇ ਕੰਮਾਂ ਦੇ ਟੈਂਡਰ ਹੋ ਚੁੱਕੇ ਹਨ, ਉਹਨਾਂ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਸ਼ੁਰੂ ਕੀਤਾ ਜਾਵੇ। ਜਿਹੜੇ ਕੰਮ ਮੌਜੂਦਾ ਸਮੇਂ ਚੱਲ ਰਹੇ ਹਨ, ਉਹਨਾਂ ਦੀ ਨਿਗਰਾਨੀ ਕਰਦੇ ਹੋਏ ਉਹ ਕੰਮ ਹਰ ਹਾਲਤ ਵਿੱਚ ਨਿਰਧਾਰਤ ਸਮੇਂ ਅੰਦਰ ਪੂਰੇ ਕਰਵਾਏ ਜਾਣ। ਵਿਕਾਸ ਕਾਰਜਾਂ ਦੇ ਮਿਆਰ 'ਤੇ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਵੀ ਕੰਮ ਦੇ ਗੈਰਮਿਆਰੀ ਹੋਣ ਬਾਰੇ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਸਬੰਧਤ ਅਧਿਕਾਰੀ ਤੇ ਠੇਕੇਦਾਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਮੌਕੇ 'ਤੇ ਨਿਰੰਤਰ ਜਾਂਚ ਕੀਤੀ ਜਾਵੇ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਦੀ ਰਿਪੋਰਟ ਨਿਯਮਿਤ ਤੌਰ 'ਤੇ ਉਹਨਾਂ ਨੂੰ ਭੇਜੀ ਜਾਵੇ। ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿਚਲੇ ਵਿਕਾਸ ਪ੍ਰੋਜੈਕਟ ਪ੍ਰਾਥਮਿਕਤਾ ਅਧਾਰ 'ਤੇ ਪੂਰੇ ਕੀਤੇ ਜਾਣ। ਮੀਟਿੰਗ ਦੌਰਾਨ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਐੱਸ.ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਦਿਆਰਥੀ ਭਵਨੇਸ਼ ਦਾ ਪੀ-ਐੱਚ.ਡੀ ਲਈ ਪੋਲੈਂਡ ਦੀ ਯੂਨੀਵਰਸਿਟੀ ਵਿੱਚ ਦਾਖ਼ਲਾ




**ਧੂਰੀ ( ਰਣਜੀਤ ਸਿੰਘ ਪੇਧਨੀ )**-ਯੂਨੀਵਰਸਿਟੀ ਕਾਲਜ ਬੇਨੜਾ ਤੋਂ ਬੀ. ਐੱਸ-ਸੀ ਨਾਨ ਮੈਡੀਕਲ ਦੀ ਡਿਗਰੀ ਕਰਨ ਵਾਲੇ ਵਿਦਿਆਰਥੀ ਭਵਨੇਸ਼ ਨੇ ਫਿਜ਼ਿਕਸ ਵਿਸ਼ੇ ਵਿੱਚ ਆਪਣੀ ਮਾਸਟਰ ਡਿਗਰੀ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਲੌਂਗੋਵਾਲ ਤੋਂ ਕਰਨ ਉਪਰੰਤ ਪੋਲੈਂਡ ਦੀ ਜਾਗੀਲੋਨੀਅਨ ਯੂਨੀਵਰਸਿਟੀ ਕਰਾਕੋਵ ਵਿਖੇ ਸਕਾਲਰਸ਼ਿਪ ਪ੍ਰਾਪਤ ਕਰਕੇ ਫਿਜ਼ਿਕਸ ਫੈਕਲਟੀ ਵਿੱਚ ਪੀ-ਐੱਚ.ਡੀ. ਲਈ ਦਾਖ਼ਲਾ ਲਿਆ ਹੈ। ਇਹ ਯੂਰਪ ਦੀ ਇੱਕ ਪੁਰਾਣੀ ਯੂਨੀਵਰਸਿਟੀ ਹੈ ਜਿਹੜੀ 1364 ਵਿੱਚ ਸਥਾਪਿਤ ਹੋਈ ਸੀ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਨੇ ਭਵਨੇਸ਼ ਦਾ ਮੂੰਹ ਮਿੱਠਾ ਕਰਵਾਉਂਦੇ ਸਮੇਂ ਕਾਲਜ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਾਲਜ ਦੇ ਪਾਸ ਆਊਟ ਵਿਦਿਆਰਥੀ ਭਵਨੇਸ਼ ਦੀ ਪ੍ਰਾਪਤੀ ਪਿੱਛੇ ਉਸ ਦੀ ਮਿਹਨਤ ਅਤੇ ਅਧਿਆਪਕਾਂ ਦੀ ਪ੍ਰੇਰਨਾ ਦੱਸਿਆ। ਵਿਦਿਆਰਥੀ ਨੂੰ ਮੁਬਾਰਕਬਾਦ ਦਿੰਦੇ ਹੋਏ ਉਨ੍ਹਾਂ ਨੇ ਉਸ ਦੇ ਭਵਿੱਖ ਦੇ ਸਫ਼ਰ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਿਦਿਆਰਥੀ ਦੇ ਪਿਤਾ ਡਾ. ਮੇਵਾ ਰਾਮ ਤੋਂ ਇਲਾਵਾ ਕਾਲਜ ਦੇ ਸਾਇੰਸ ਵਿਭਾਗ ਦੇ ਅਧਿਆਪਕ ਡਾ. ਅਸ਼ੋਕ ਕੁਮਾਰ, ਡਾ. ਰਾਕੇਸ਼ ਕੁਮਾਰ ਤੇ ਡਾ. ਗਗਨਦੀਪ ਸਿੰਘ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਵਿਖੇ ਹੋਣ ਵਾਲੀ ਗਣਤੰਤਰ ਦਿਵਸ 2026 ਦੀ ਪਰੇਡ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਰਾਜ ਪੱਧਰੀ ਚੋਣ ਕੈਂਪ ਸ਼ੁਰੂ

## 40 ਵਲੰਟੀਅਰਾਂ ਦੀ ਕੀਤੀ ਜਾਵੇਗੀ ਚੋਣ





**ਤਲਵੰਡੀ ਸਾਬੋ, 10 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਭਾਰਤ ਸਰਕਾਰ ਦੇ ਯੁਵਾ ਅਤੇ ਖੇਡ ਮੰਤਰਾਲੇ ਦੇ ਅਧੀਨ ਡਾਇਰੈਕਟੋਰੇਟ ਆਫ਼ ਐਨ.ਐਸ.ਐਸ. ਚੰਡੀਗੜ੍ਹ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ 26 ਜਨਵਰੀ 2026 ਦੀ ਪਰੇਡ ਲਈ ਐਨ.ਐਸ.ਐਸ. ਵਲੰਟੀਅਰਾਂ ਦਾ ਰਾਜ ਪੱਧਰੀ ਚੋਣ ਕੈਂਪ ਜੈ ਭਗਵਾਨ, ਖੇਤਰੀ ਡਾਇਰੈਕਟਰ ਚੰਡੀਗੜ੍ਹ ਦੀ ਦੇਖ-ਰੇਖ ਹੇਠ ਸ਼ੁਰੂ ਹੋਇਆ। ਇਸ ਮੌਕੇ ਕੁਲਵਿੰਦਰ ਸਿੰਘ, ਡਿਪਟੀ ਡਾਇਰੈਕਟਰ, ਯੂਥ ਸਰਵਿਸਜ਼ ਚੰਡੀਗੜ੍ਹ ਤੇ ਸ਼੍ਰੀ ਪਰਵੀਨ ਠਾਕੁਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਚੋਣ ਕੈਂਪ ਵਿੱਚ 31 ਯੂਨੀਵਰਸਿਟੀਆਂ 250 ਤੋਂ ਵੱਧ ਪ੍ਰਤੀਭਾਗੀਆਂ ਨੇ ਹਿੱਸਾ ਲਿਆ ਜਿੰਨ੍ਹਾਂ ਵਿੱਚੋਂ ਗਣਤੰਤਰ ਦਿਵਸ ਪਰੇਡ ਲਈ 40 ਵਲੰਟੀਅਰਾਂ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਕਰਵਾਏ ਗਏ ਸਮਾਰੋਹ ਵਿੱਚ ਮੁੱਖ ਮਹਿਮਾਨ, ਜੈ ਭਗਵਾਨ ਨੇ ਚੋਣ ਕੈਂਪ ਦੀ ਨਿਰਪੱਖ ਅਤੇ ਪਾਰਦਰਸ਼ੀ ਪ੍ਰਕਿਰਿਆਵਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਚੋਣ ਕਮੇਟੀ ਦੇ ਮੈਂਬਰਾਂ ਵੱਲੋਂ ਸਮੂਹ ਪ੍ਰਤੀਭਾਗੀਆਂ ਵੱਲੋਂ ਲਏ ਅੰਕ ਭਰੇ ਜਾਣਗੇ ਤੇ ਚੁਣੇ ਗਏ ਵਲੰਟੀਅਰਾਂ ਦੀ ਚੋਣ ਕੰਪਿਊਟਰ ਰਾਹੀਂ ਕੀਤੀ ਜਾਵੇਗੀ। ਵਿਸ਼ੇਸ਼ ਮਹਿਮਾਨ ਠਾਕੁਰ ਦੀ ਦੇਖ-ਰੇਖ ਹੇਠ ਕੈਂਪ ਵਿੱਚ ਵਿਦਿਆਰਥੀਆਂ ਦੇ ਸਰੀਰਕ ਟੈਸਟ, ਕੱਦ, ਸਟੈਮਿਨੇ ਦੀ ਜਾਂਚ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਾਰੇ ਟੈਸਟਾਂ ਤੋਂ ਬਾਦ ਚੁਣੇ ਗਏ ਵਿਦਿਆਰਥੀਆਂ ਦੀ ਇੰਟਰਵਿਊ ਤੋਂ ਬਾਦ ਯੋਗ ਉਮੀਦਵਾਰਾਂ ਦੇ ਨਾਮ ਐਲਾਨੇ ਜਾਣਗੇ। ਇਸ ਮੌਕੇ ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਵਲੰਟੀਅਰਾਂ ਨੂੰ ਐਨ.ਐਸ.ਐਸ. ਦੀ ਮਹੱਤਤਾ ਦੱਸਦੇ ਹੋਏ ਕਿਹਾ ਕਿ ਇਹ ਤੁਹਾਡੇ ਸਰਵਪੱਖੀ ਵਿਕਾਸ ਵਿੱਚ ਮਹਤੱਵਪੂਰਨ ਯੋਗਦਾਨ ਅਦਾ ਕਰਦੀ ਹੈ। ਉਨ੍ਹਾਂ ਐਸ.ਐਸ.ਐਸ. ਦਾ ਨਾਅਰੇ "ਮੈਂ ਨਹੀਂ ਪਰ ਤੁਸੀਂ" ਦੀ ਵਿਆਖਿਆ ਕਰਦੇ ਹੋਏ ਕਿਹਾ ਕਿ ਨੌਜਵਾਨ ਪੀੜੀ ਨੂੰ ਰਾਸ਼ਟਰ ਦੇ ਵਿਕਾਸ ਲਈ ਤਿਆਰ ਰਹਿਣਾ ਚਾਹੀਦਾ ਹੈ। ਨਰਿੰਦਰ ਕੌਰ, ਕੁਆਰਡੀਨੇਟਰ ਐਨ.ਐਸ.ਐਸ. ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਐਨ.ਐਸ.ਐਸ. ਵੱਲੋਂ ਚਲਾਈਆਂ ਜਾਂਦੀਆਂ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਸੱਭਿਆਚਾਰਕ ਪ੍ਰੋਗਰਾਮ ਸਭਨਾਂ ਦੀ ਖਿੱਚ ਦਾ ਕੇਂਦਰ ਰਿਹਾ। ਲਵਲੀਨ ਸੱਚਦੇਵਾ, ਡਿਪਟੀ ਡਾਇਰੈਕਟਰ ਨੇ ਆਪਣੇ ਵਿਲੱਖਣ ਸ਼ਾਇਰਾਨਾ ਅੰਦਾਜ਼ ਵਿੱਚ ਦਿਲ ਖਿੱਚਵਾਂ ਮੰਚ ਸੰਚਾਲਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਗੁਰਬਾਣੀ ਸ਼ਬਦ ਸੁਰਤਿ ਟਕਸਾਲ ॥ ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




## ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ। ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਗੁਰਮਤਿ ਸਮਾਗਮ



**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ




ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204



## ਸਰਦਾਰਨੀ ਹਰਭਜਨ ਕੌਰ ਮਾਨ ਜਲਾਲ ਉਸਮਾ ਦੀ

# ਅੰਤਿਮ ਅਰਦਾਸ ਵਿੱਚ ਵੱਖ ਵੱਖ ਸ਼ਖ਼ਸੀਅਤਾਂ ਨੇ ਲਵਾਈ ਹਾਜ਼ਰੀ

## ਅਰਦਾਸ ਉਪਰੰਤ ਕੀਰਤਨ ਜਥਾ ਰਾਗੀ ਸਿੰਘ ਭਾਈ ਸਤਨਾਮ ਸਿੰਘ ਜਵੱਦੀ ਕਲਾ ਦਰਬਾਰ ਸਾਹਿਬ, ਕਥਾ ਵਿਚਾਰ ਰਾਹੀਂ ਗਿਆਨੀ ਜਸਵੰਤ ਸਿੰਘ ਜੀ ਮੰਜੀ ਸਾਹਿਬ ਸਨਮੁਖ ਹੋਏ















**ਚੌਕ ਮਹਿਤਾ, 10 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿਛਲੇ ਦਿਨੀ ਧਰਮਜੀਤ ਸਿੰਘ ਮਾਨ, ਸੁਖਜੀਤ ਸਿੰਘ ਮਾਨ ਜਨਰਲ ਸਕੱਤਰ ਕਿਸਾਨ ਵਿੰਗ ਕਾਂਗਰਸ ਅਤੇ ਗੁਰਮੀਤ ਸਿੰਘ ਮਾਨ ਦੇ ਸਤਿਕਾਰਯੋਗ ਮਾਤਾ ਜੀ , ਮਾਤਾ ਹਰਭਜਨ ਕੌਰ ਪਤਨੀ ਸਵਰਗਵਾਸੀ ਸ੍ਰ ਗੁਰਦਿਆਲ ਸਿੰਘ ਮਾਨ ਪਿੰਡ ਜਲਾਲ ਉਸਮਾ (ਨਾਥ ਦੀ ਖੂਹੀ) ਸੰਖੇਪ ਬੀਮਾਰੀ ਤੋਂ ਬਾਅਦ ਅਕਾਲ ਚਲਾਣਾ ਕਰ ਗਏ ਹਨ।ਅੱਜ ਉਹਨਾਂ ਦੇ ਭੋਗ ਪਿੰਡ ਜਲਾਲ ਉਸਮਾ ਦੇ ਗੁਰਦੁਆਰਾ ਸਾਹਿਬ ਬਾਬਾ ਸ੍ਰੀ ਚੰਦ ਵਿਖੇ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਭੋਗ ਇਹ ਅਰਦਾਸ ਉਪਰੰਤ ਕੀਰਤਨ ਜਥਾ ਰਾਗੀ ਸਿੰਘ ਭਾਈ ਸਤਨਾਮ ਸਿੰਘ ਜਵੱਦੀ ਕਲਾ ਦਰਬਾਰ ਸਾਹਿਬ, ਕਥਾ ਵਿਚਾਰ ਰਾਹੀਂ ਗਿਆਨੀ ਜਸਵੰਤ ਸਿੰਘ ਜੀ ਮੰਜੀ ਸਾਹਿਬ ਸਨਮੁਖ ਹੋਏ ਅਰਦਾਸ ਮੁੱਖ ਅਰਦਾਸੀਏ ਭਾਈ ਗੁਰਚਰਨ ਸਿੰਘ ਜੀ ਦਰਬਾਰ ਸਾਹਿਬ ਵਾਲੇ ਭਾਈ ਸੁਖਦੇਵ ਸਿੰਘ ਜੀ ਬਾਠ ਸਾਧਪੁਰ, ਬਾਬਾ ਨੰਦ ਸਿੰਘ ਜੀ ਮੁੰਡਾ ਪਿੰਡ, ਸਾਬਕਾ ਰਾਜ ਸਭਾ ਮੈਂਬਰ ਭੁਪਿੰਦਰ ਸਿੰਘ ਮਾਨ, ਗੁਰਪ੍ਰਤਾਪ ਸਿੰਘ ਮਾਨ ਚੰਡੀਗੜ੍ਹ, ਐਡਵੋਕੇਟ ਦਿਆਲਪ੍ਰਤਾਪ ਸਿੰਘ ਰੰਧਾਵਾ ਚੰਡੀਗੜ੍ਹ, ਐਡਵੋਕੇਟ ਕਰਨਬੀਰ ਸਿੰਘ ਚੰਡੀਗੜ੍ਹ, ਸਾਬਕਾ ਚੇਅਰਮੈਨ ਤਰਲੋਕ ਸਿੰਘ ਬਾਠ, ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਜੰਡਿਆਲਾ ਗੁਰੂ, ਬਾਬਾ ਜਗਤਾਰ ਸਿੰਘ ਜੀ ਅੱਡਾ ਨਾਥ ਦੀ ਖੂਹੀ, ਸਰਦੂਲ ਸਿੰਘ ਚੀਮਾ ਮੁਖੀ ਵਿਦਿਅਕ ਸੰਸਥਾਵਾਂ ਕਿਸ਼ਨਕੋਟ ਕਾਲਜ ਘੁਮਾਣ, ਏਡੀਸੀ ਲਖਵਿੰਦਰ ਸਿੰਘ ਰੰਧਾਵਾ, ਪਰਮਜੀਤ ਸਿੰਘ ਬਾਠ ਕਿਸਾਨ ਸੰਘਰਸ਼ ਕਮੇਟੀ ਹੁਸ਼ਿਆਰਪੁਰ, ਯਾਦਵਿੰਦਰ ਸਿੰਘ ਦਸੂਹਾ, ਪਰਮਜੀਤ ਸਿੰਘ ਸੰਧੂ, ਇਕਬਾਲ ਸਿੰਘ ਸ਼ਾਹ, ਸਤਨਾਮ ਸਿੰਘ ਜੱਜ, ਕੰਵਲਜੀਤ ਸਿੰਘ ਚਾਹਲ ਬਿਆਸ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਐਡਵੋਕੇਟ ਰਾਜਕੰਵਲਬੀਰ ਸਿੰਘ ਸੰਧੂ, ਐਡਵੋਕੇਟ ਪਰਮਵੀਰ ਸਿੰਘ ਰੰਧਾਵਾ, ਡਾਕਟਰ ਹਰਪ੍ਰੀਤ ਸਿੰਘ ਬੋਪਾਰਾਏ, ਡਾਕਟਰ ਅਜੇਪਾਲ ਸਿੰਘ ਰੰਧਾਵਾ, ਦਲਬੀਰ ਸਿੰਘ ਸੈਦੋਲੇਹਲ, ਕੰਵਰਦੀਪ ਸਿੰਘ ਮਾਨ ਇਕਬਾਲ ਸਿੰਘ ਮਾਨ, ਮਲਕੀਤ ਸਿੰਘ ਮਾਨ, ਮਾਸਟਰ ਸੁਖਦੇਵ ਸਿੰਘ ਜਲਾਲ, ਮਾਸਟਰ ਗੁਰਪ੍ਰੀਤ ਸਿੰਘ ਜਲਾਲ, ਬੂਟਾ ਸਿੰਘ ਜਲਾਲ, ਹਰਪ੍ਰੀਤ ਸਿੰਘ ਕੋਟ ਹਯਾਤ, ਦਲਜੀਤ ਸਿੰਘ ਰੰਧਾਵਾ ਉਦੋਨੰਗਲ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲਉਸਮਾਂ, ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ, ਠੇਕੇਦਾਰ ਹਰਜੀਤ ਸਿੰਘ ਰੰਧਾਵਾ, ਹਰਜਿੰਦਰ ਸਿੰਘ ਰੰਧਾਵਾ ਉਸਮਾ, ਬਿਕਰਮ ਸਿੰਘ ਰੰਧਾਵਾ ਖੱਬੇਰਾਜਪੂਤਾਂ, ਸੁਖਦੇਵ ਸਿੰਘ ਬੁੱਟਰ, ਐਡਵੋਕੇਟ ਵਰਿੰਦਰ ਸਿੰਘ ਮਹਿਤਾ, ਐਡਵੋਕੇਟ ਦਲਜੀਤ ਸਿੰਘ ਸ਼ੇਰਗਿੱਲ, ਐਡਵੋਕੇਟ ਹਰਪ੍ਰੀਤ ਸਿੰਘ ਸੰਧੂ ਆਦ ਨੇ ਹਾਜਰੀ ਭਰੀ ਅਤੇ ਆਈਆਂ ਸੰਗਤਾਂ ਦਾ ਧੰਨਵਾਦ ਸਾਬਕਾ ਰਾਜ ਸਭਾ ਮੈਂਬਰ ਭੁਪਿੰਦਰ ਸਿੰਘ ਮਾਨ ਨੇ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ਼੍ਰੀ ਗੁਰੂ ਤੇਗ. ਬਹਾਦਰ ਜੀ ਦੀ ਸ਼ਹਾਦਤ ਨੂੰ ਨਮਨ ਕਰਨ ਲਈ

# ਲਾਈਟ ਐਂਡ ਸਾਊਂਡ ਸ਼ੋਅ ਦੇਖਣ ਲਈ 45 ਮਿੰਟ ਦਾ ਸਮਾਂ ਜ਼ਰੂਰ ਕੱਢਣ ਜ਼ਿਲ੍ਹਾ ਨਿਵਾਸੀ : ਰਾਹੁਲ ਚਾਬਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਅਤੇ ਐਸ.ਐਸ.ਪੀ. ਸ਼੍ਰੀ ਸਰਤਾਜ ਸਿੰਘ ਚਾਹਲ ਨੇ ਇੱਥੇ ਸਰਕਾਰੀ ਰਣਬੀਰ ਕਾਲਜ ਵਿਖੇ 11 ਨਵੰਬਰ ਨੂੰ ਸ਼ਾਮ 5 ਵਜੇ ਤੋਂ ਰਾਤ 7:30 ਵਜੇ ਤੱਕ ਪੰਜਾਬ ਸਰਕਾਰ ਵੱਲੋਂ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

**ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ. ਵੱਲੋਂ ਰਣਬੀਰ ਕਾਲਜ ਵਿਖੇ 11 ਨਵੰਬਰ ਨੂੰ ਹੋਣ ਵਾਲੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਦਾ ਜਾਇਜ਼ਾ, ਅਧਿਕਾਰੀਆਂ ਨਾਲ ਮੀਟਿੰਗ**

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੰਗਤ ਨੂੰ ਨੌਵੇਂ ਪਾਤਸ਼ਾਹ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ ਮਹਾਨ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਲਈ ਸਮੂਹ ਜ਼ਿਲ੍ਹਾ ਨਿਵਾਸੀ ਇਹ ਇਤਿਹਾਸਕ ਲਾਈਟ ਐਂਡ ਸਾਊਂਡ ਸ਼ੋਅ ਆਪਣੇ ਪਰਿਵਾਰਾਂ ਤੇ ਦੋਸਤਾਂ ਸਮੇਤ ਦੇਖਣ ਲਈ ਸਰਕਾਰੀ ਰਣਬੀਰ ਕਾਲਜ, ਸੰਗਰੂਰ ਵਿਖੇ ਜ਼ਰੂਰ ਪੁੱਜਣ।

ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸ਼ਾਨਦਾਰ ਲਾਈਟ ਐਂਡ ਸਾਊਂਡ ਸ਼ੋਅ 45 ਮਿੰਟ ਦਾ ਹੋਵੇਗਾ ਅਤੇ ਇਸ ਤੋਂ ਪਹਿਲਾਂ 5:30 ਤੋਂ 6:30 ਵਜੇ ਤੱਕ ਢਾਡੀ ਵਾਰਾਂ ਨਾਲ ਗੁਰੂ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਸ਼ੋਅ ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ ਮਾਨਵਤਾ ਅਤੇ ਦਇਆ ਦੇ ਸੰਦੇਸ਼ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 11 ਨਵੰਬਰ ਨੂੰ ਸ਼ਾਮ 5 ਵਜੇ ਸ਼ੋਅ ਲਈ ਦਾਖਲਾ ਸ਼ੁਰੂ ਹੋਵੇਗਾ ਅਤੇ ਕੋਈ ਵੀ ਬਿਨ੍ਹਾਂ ਕਿਸੇ ਪਾਸ ਤੋਂ ਸ਼ੋਅ ਵਿੱਚ ਸ਼ਾਮਲ ਹੋ ਸਕਦਾ ਹੈ, ਜਿਸ ਲਈ ਹਰੇਕ ਨੂੰ ਖੁੱਲ੍ਹਾ ਸੱਦਾ ਹੈ। ਐਸ.ਐਸ.ਪੀ. ਸ਼੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਆਮ ਲੋਕਾਂ ਦੀ ਸਹੂਲਤ ਲਈ ਪੁਲਿਸ ਵਿਭਾਗ ਵੱਲੋਂ ਪਾਰਕਿੰਗ ਸਮੇਤ ਟਰੈਫ਼ਿਕ ਅਤੇ ਲਾਅ ਐਂਡ ਆਰਡਰ ਸਬੰਧੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਹਨਾਂ ਕਿਹਾ ਕਿ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਦੌਰਾਨ ਐਸ ਪੀ ਰਾਜੇਸ਼ ਛਿੱਬਰ, ਏਡੀਸੀ ਦਿਹਾਤੀ ਵਿਕਾਸ ਸੁਖਚੈਨ ਸਿੰਘ, ਐਸ.ਡੀ.ਐਮ ਚਰਨਜੋਤ ਸਿੰਘ ਵਾਲੀਆ, ਡੀ.ਐਸ.ਪੀ. ਗੁਰਪ੍ਰੀਤ ਸਿੰਘ ਸਮੇਤ ਪੁਲਿਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਵੀ ਮੌਜੂਦ ਸਨ।

### ਬਿਜਲੀ ਬੋਰਡ ਦੀ ਪ੍ਰਮੁੱਖ ਜਥੇਬੰਦੀ

# ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ ਮਹਿਨਾਵਾਰ ਮੀਟਿੰਗ ਹੋਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬਿਜਲੀ ਬੋਰਡ ਦੀ ਪ੍ਰਮੁੱਖ ਜਥੇਬੰਦੀ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ ਮਹਿਨਾਵਾਰ ਹੋਈ ਮੀਟਿੰਗ ਸਰਕਲ ਆਗੂ ਜਰਨੈਲ ਸਿੰਘ ਮਾਨਾਂ ਤੇ ਮਨਜੀਤ ਸਿੰਘ ਲੱਡਾ ਦੀ ਪ੍ਰਧਾਨਗੀ ਹੇਠ ਡਵੀਜ਼ਨ ਧੂਰੀ ਵਿਖੇ ਹੋਈ ।ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਪਿਛਲੇ ਦਿਨੀਂ ਜਥੇਬੰਦੀ ਦੇ ਜਾਝਰੂ ਮੈਂਬਰ ਧਰਮਪਾਲ ਸਿੰਘ ਧਰਮਾਂ ਜੋ ਸਦੀਵੀਂ ਵਿਛੋੜਾ ਦੇ ਗਏ ਸਨ ਉਨ੍ਹਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਉਸ ਉਪਰੰਤ ਮੀਟਿੰਗ ਸ਼ੁਰੂ ਕੀਤੀ ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਗਏ ਅਤੇ ਸਰਕਲ ਸੰਗਰੂਰ ਦੇ ਜਰਨਲ ਸਕੱਤਰ ਜਰਨੈਲ ਸਿੰਘ ਮਾਨਾਂ ਨੇ ਮੁਲਾਜਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਵਲੋਂ ਹਜਾਰਾਂ ਕਰੋੜ ਦੇ ਮੁਨਾਫੇ ਵਾਲੇ ਚੰਡੀਗੜ੍ਹ ਬਿਜਲੀ ਬੋਰਡ ਨੂੰ ਧੱਕੇਸ਼ਾਹੀ ਨਾਲ ਨਿੱਜੀ ਕੰਪਨੀ ਦੇ ਹਵਾਲੇ ਕਰਨ ਦੀ ਜਥੇਬੰਦੀ ਵਲੋਂ ਨਿਖੇਧੀ ਕੀਤੀ ਜਾਂਦੀ ਹੈ ਅਤੇ ਮੁਲਾਜਮਾਂ ਨੂੰ ਅਪੀਲ ਵੀ ਕੀਤੀ ਹੈ ਪੰਜਾਬ ਦੇ ਬਿਜਲੀ ਕਾਮਿਆਂ ਦੀਆਂ ਚੰਡੀਗੜ੍ਹ ਡਿਊਟੀਆਂ ਲਗਾਉਣ ਖਿਲਾਫ਼ 9 ਦਸੰਬਰ ਨੂੰ ਡਵੀਜ਼ਨ ਪੱਧਰ ਤੇ ਰੋਸ ਰੈਲੀਆਂ ਕੀਤੀਆਂ ਗਈਆਂ ਸੀ ਅਤੇ ਅੱਗੇ ਵੀ ਸਟੇਟ ਕਮੇਟੀ ਵੱਲੋਂ ਜਿਵੇਂ ਡਿਊਟੀਆਂ ਲਗਾਈਆਂ ਜਾਣਗੀਆਂ ਉਸ ਉੱਪਰ ਸਾਥੀਆਂ ਨੂੰ ਪਹਿਰਾ ਦੇਣ ਦੀ ਅਪੀਲ ਕੀਤੀ ਕਿਉਂਕਿ ਕਿਸੇ ਸਮੇਂ ਪੀ ਐੱਸ ਪੀ ਸੀ ਐੱਲ ਨੂੰ ਵੀ ਨਿੱਜੀ ਹੱਥਾਂ ਵਿੱਚ ਸੌਂਪੀਆਂ ਜਾ ਸਕਦਾ ਜੁਆਇੰਟ ਫੋਰਮ ਤੇ ਏਕਤਾ ਮੰਚ ਦੇ ਸੱਦੇ ਤੇ ਇੱਕਠੇ ਹੋ ਕੇ ਸੰਘਰਸ਼ ਕਰਨ ਲਈ ਤਿਆਰ ਰਹਿਣਾ। ਅਤੇ ਸਾਥੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜਥੇਬੰਦੀ ਦੇ ਵਿਸਤਾਰ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜਥੇਬੰਦੀ ਵਿੱਚ ਸ਼ਾਮਲ ਹੋਏ ਸਾਥੀ ਯਾਦਵਿੰਦਰ ਬੰਗਾਂਵਾਲੀ, ਗੁਰਦੀਪ ਸਿੰਘ ਧਾਂਦਰਾ, ਸਤਨਾਮ ਸਿੰਘ ਜਥੇਬੰਦੀ ਦੇ ਆਗੂਆਂ ਵੱਲੋਂ ਜਥੇਬੰਦੀ ਦੇ ਮੈਡਲ ਪਾ ਕੇ ਸਨਮਾਨ ਕੀਤਾ ਗਿਆ ਅਤੇ ਜਥੇਬੰਦੀ ਵੱਲੋਂ ਜੀ ਆਇਆਂ ਕਿਹਾ ਗਿਆ ।ਡਵੀਜ਼ਨ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਜਿਹੜੇ ਸਾਥੀ ਮੀਟਿੰਗ ਵਿੱਚ ਕਿਸੇ ਕਾਰਨਾਂ ਕਰਕੇ ਨਹੀਂ ਪੰਹੁਚ ਸਕੇ ਅਗਲੀ ਮੀਟਿੰਗ ਵਿੱਚ ਵੱਧ ਤੋਂ ਵੱਧ ਸਾਥੀ ਹਾਜਰੀ ਲਗਵਾਉਣ ਦੀ ਬੇਨਤੀ ਕੀਤੀ ਤੇ ਸਾਥੀਆਂ ਨੂੰ ਅਪੀਲ ਕੀਤੀ ਹੈ ਕਿ ਮੀਟਿੰਗ ਵਿੱਚ ਆ ਕੇ ਹੀ ਮਸਲੇ ਹੱਲ ਹੋ ਸਕਦੇ ਹਨ ਅਤੇ ਸਾਥੀਆਂ ਵਿੱਚ ਪੈਦਾ ਹੋਈ ਨਿਰਾਸ਼ਾ ਨੂੰ ਦੂਰ ਕੀਤਾ ਜਾ ਸਕਦਾ ਹੈ ।ਮੀਟਿੰਗ ਵਿਚ ਜਸਵੀਰ ਸ਼ਰਮਾਂ, ਅਮਰਜੀਤ ਦਾਸ ਮੀਮਸਾ, ਸੰਦੀਪ ਦੀਦਾਰਗੜ੍ਹ, ਇੰਦਰਜੀਤ ਕੁਮਾਰ, ਗੁਰਵਿੰਦਰ ਬਰੜਵਾਲ, ਹਰਦੀਪ ਕੁਮਾਰ, ਗੁਰਸੇਵਕ ਸਿੰਘ, ਕੁਲਦੀਪ ਸਿੰਘ ਬੱਬੂ, ਕੁਲਦੀਪ ਸਿੰਘ ਡਿੰਪੀ, ਖੁਸ਼ਾਰ ਸਿੰਘ, ਸੁਖਜੀਤ ਸਿੰਘ, ਜੱਗਾ ਸਿੰਘ ਮੀਮਸਾ, ਕਰਨਵੀਰ ਸਿੰਘ, ਜਸਵੀਰ ਸਿੰਘ ਸਲੇਮਪੁਰ, ਸੁਖਵੀਰ ਸਿੰਘ ਕੱਕੜਵਾਲ, ਸਮਸ਼ੇਰ ਸਿੰਘ, ਸੰਦੀਪ ਸਿੰਘ ਲੱਡਾ, ਸਰਬਜੀਤ ਸਿੰਘ, ਸੁਖਵੀਰ ਸਿੰਘ ਬਰੜਵਾਲ ਆਦਿ ਹਾਜ਼ਰ ਸਨ।

# ਕੇਂਦਰੀ ਪੰਜਾਬੀ ਲੇਖਕ ਸਭਾ (ਸ਼ੇਖੋਂ) ਦੀ ਮੁੱਖ ਮੰਤਰੀ ਪੰਜਾਬ ਨਾਲ ਖੁਸ਼ਗਵਾਰ ਮਾਹੌਲ 'ਚ ਹੋਈ ਮੀਟਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰੀ ਪੰਜਾਬੀ ਲੇਖਕ ਸਭਾ ਸ਼ੇਖੋਂ (ਰਜਿ) ਦੇ ਪ੍ਰਧਾਨ ਸ੍ਰੀ ਪਵਨ ਹਰਚੰਦਪੁਰੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੂੰ ਸੋਲਾ ਨੁਕਤਿਆਂ ਦਾ ਇੱਕ ਮੰਗ ਪੱਤਰ ਭੇਜਿਆ ਗਿਆ ਸੀ , ਮੁੱਖ ਮੰਤਰੀ ਵੱਲੋਂ ਮੰਗ ਪੱਤਰ ਨੂੰ ਵਿਚਾਰਨ ਉਪਰੰਤ ਕੇਂਦਰੀ ਪੰਜਾਬੀ ਲੇਖਕ ਸਭਾ ਸ਼ੇਖੋਂ ਦੇ ਪ੍ਰਧਾਨ ਸ੍ਰੀ ਪਵਨ ਹਰਚੰਦਪੁਰੀ ਅਤੇ ਸਭਾ ਦੇ ਮੈਂਬਰਾਂ ਨਾਲ ਖੁੱਲੀ ਤੇ ਖੁਸ਼ ਗਵਾਰ ਮਹੋਲ ਚ ਮੀਟਿੰਗ ਕੀਤੀ , ਬਹੁਤ ਹੀ ਵਿਸਥਾਰ ਨਾਲ ਗੱਲਬਾਤ ਕਰਦਿਆਂ ਸਾਰੇ ਨੁਕਤਿਆਂ ਤੇ ਉਸਾਰੂ ਸੋਚ ਨਾਲ ਗੱਲ ਬਾਤ ਕੀਤੀ ਗਈ, ਜਿਨ੍ਹਾਂ ਨੁਕਤਿਆਂ,ਚ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਸਾਹਿਤ, ਪੰਜਾਬੀ ਭਾਸ਼ਾ ਨੂੰ ਪੜ੍ਹਨ ਤੇ ਪੜਾਉਣ ਲਈ ਕਾਨੂੰਨ ਬਣਾਉਣਾ, ਲਾਇਬ੍ਰੇਰੀ ਸਬੰਧੀ ਕਾਨੂੰਨ ਬਣਾਉਣਾ, ਘਰਾਂ ਦੀਆਂ ਨੇਮ ਪਲੇਟਾਂ ਵਿਉਪਾਰਕ ਅਤੇ ਸਨਅਤੀ ਅਦਾਰਿਆਂ ਦੇ ਬੋਰਡ ਪੰਜਾਬੀ ਭਾਸ਼ਾ,ਚ ਲਿਖਣਾ, ਪੰਜਾਬ ਅੰਦਰ ਪੰਜਾਬੀ ਸਲਾਹਕਾਰ ਬੋਰਡ, ਦਾ ਗਠਨ ਕਰਨਾ ਕਮੇਟੀਆਂ ਦੀ ਨਿਯੁਕਤੀ ਕਰਨਾ, ਪੰਜਾਬੀ ਭਾਸ਼ਾ ਨੂੰ ਸਹੀ ਢੰਗ ਨਾਲ ਲਾਗੂ ਕਰਨ ਲਈ ਪੰਜਾਬੀ ਭਾਸ਼ਾ ਟ੍ਰਿਬਿਊਨਲ ਬਣਾਉਣਾ , ਲੇਖਕ ਭਵਨ ਅਤੇ ਪੰਜਾਬੀ ਭਾਸ਼ਾ ਵਿਭਾਗ ਪਟਿਆਲਾ ਤੋਂ ਐਨ ਸੀ ਸੀ ਦਾ ਕਬਜ਼ਾ ਖ਼ਤਮ ਕਰਵਾਉਣ, ਭਾਸ਼ਾ ਵਿਭਾਗ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਜਲਦੀ ਭਰਨਾ, ਸਾਹਿਤਕਾਰਾਂ ਨੂੰ ਲੇਖਕ ਪੈਨਸ਼ਨ ਸਕੀਮ ਤਹਿਤ ਪੈਨਸ਼ਨ ਦੇਣਾ , ਲੇਖਕਾਂ ਲਈ ਸਨਮਾਨ ਐਲਾਨ ਕੀਤੇ ਗਏ ਲੇਖਕਾਂ ਦਾ ਕੋਰਟ ਕੇਸਾਂ ਫੈਸਲਾ ਕਰਵਾਉਣਾ ਅਤੇ ਲੇਖਕਾਂ ਦੇ ਬਣਦੇ ਸਨਮਾਨ ਦਿਵਾਉਣਾਂ , ਅਤੇ ਪੰਜਾਬੀ ਭਾਸ਼ਾ ਨੂੰ ਸਹੀ ਅਰਥਾਂ ਵਿਚ ਲਾਗੂ ਕਰਵਾਉਣ, ਮੁੱਖ ਮੰਤਰੀ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੈਂਬਰਾਂ ਦੀ ਇਸ ਦਿਤੇ ਮੰਗ ਪੱਤਰ ਦੀ ਪ੍ਰਸੰਸਾ ਕੀਤੀ ਅਤੇ ਪੰਜਾਬੀ ਭਾਸ਼ਾ ਨੂੰ ਸਹੀ ਢੰਗ ਨਾਲ ਲਾਗੂ ਕਰਵਾਉਣ ਦਾ ਭਰੋਸਾ ਵੀ ਦਿਵਾਇਆ।

## ਵੋਟ ਤੁਹਾਨੂੰ ਆਪਣਾ ਰਾਜ ਲਿਆਉਣ ਲਈ ਲੈ ਕੇ ਦਿੱਤੀ ਸੀ ਨਾ ਕਿ ਵੇਚਣ ਲਈ : ਡਾ. ਜਗਜੀਵਨ ਸਿੰਘ



ਸਤਿਕਾਰਯੋਗ ਸਰਦਾਰ ਬੂਟਾ ਸਿੰਘ ਜੀ ਪੰਜਾਬ ਦੀ ਧਰਤੀ ਮੋਗੇ ਤੋਂ ਐਮਪੀ ਬਨਣ ਤੋਂ ਬਾਅਦ ਬਿਹਾਰ ਦੇ ਰਾਜਪਾਲ ਤੱਕ ਪਹੁੰਚੇ ਅਤੇ ਉਸ ਤੋਂ ਬਾਅਦ ਭਾਰਤ ਦੇ ਗ੍ਰਹਿ ਮੰਤਰੀ ਵੀ ਬਣੇ ।ਉਹਨਾਂ ਪ੍ਰਤੀ ਨਫਰਤੀ ਭੇਦਭਾਵ ਕਰਨਾ ਬਹੁਤ ਮੰਦਭਾਗਾ ਹੈ ਇਸ ਤਰਾਂ ਕਰਕੇ ਤੁਸੀਂ ਭਾਰਤ ਦੇ ਸੰਵਿਧਾਨ ਅਤੇ ਡਾਕਟਰ ਭੀਮ ਰਾਓ ਅੰਬੈਦਕਰ ਜੀ ਦੀ ਬੇਇਜਤੀ ਕੀਤੀ ਹੈ ਸਰਦਾਰ ਬੂਟਾ ਸਿੰਘ ਜੀ ਭਾਰਤ ਦੇ ਗ੍ਰਿਹ ਮੰਤਰੀ ਰਹਿ ਚੁੱਕੇ ਹਨ ।ਉਨਾਂ ਪ੍ਰਤੀ ਇਨੇ ਭੈੜੀ ਸ਼ਬਦਾਵਲੀ ਵਰਤਣੀ ਭੈੜੇ ਲੋਕਾਂ ਦੀ ਮਾਨਸਿਕਤਾ ਦਰਸਾਉਂਦੀ ਹੈ ।ਇਸ ਭਲੇ ਪੁਰਸ਼ ਨੂੰ ਸਾਰੇ ਗਰੀਬ ਭਾਈਚਾਰੇ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਮੇਰੀ ਬੇਨਤੀ ਹੈ ਕਿ ਸਾਰਾ ਗਰੀਬ ਭਾਈਚਾਰਾ ਬਸਪਾ ਦੇ ਨਾਲ ਜੁੜੇਅਤੇ ਮਾਣ ਸਨਮਾਨ ਦੀ ਜ਼ਿੰਦਗੀ ਬਤੀਤ ਕਰੇ ।ਕਿਉਂ ਗਾਲਾਂ ਖਾਂਦੇ ਹੋ ਯਾਰ ਟਕੇ ਟਕੇ ਦੇ ਬੰਦਿਆਂ ਕੋਲੋਂ ? ਯਾਰ ਜਿਹੜੇ ਆਪਣੇ ਕੱਪੜਿਆਂ ਦੀ ਸਿਲਾਈ ਨਹੀਂ ਟੇਲਰ ਮਾਸਟਰਾਂ ਨੂੰ ਦੇ ਸਕਦੇ ਜਿਹੜੇ ਤੁਹਾਡੇ ਤੋਂ ਵੀ ਗਰੀਬ ਨੇ ਉਹ ਤੁਹਾਨੂੰ ਚੰਗਾ ਮਾੜਾ ਬੋਲ ਜਾਣ ? ਇਹ ਉਹੀ ਬੰਦਾ ਜਿਸਨੇ ਉਚ ਅਹੁਦੇ ਤੇ ਰਹਿੰਦੇ ਹੋਏ ਸਰਕਾਰੀ ਬੱਸਾਂ ਦੀਆਂ ਬਾਡੀਆਂ ਬਣਾਉਣ ਵਿੱਚ ਚੰਗਾ ਚੋਖਾ ਮਾਲ ਖਾਧਾ ਸੀ ਇਹਨੂੰ ਤਾਂ ਉਂਝ ਹੀ ਡੁੱਬ ਕੇ ਮਰ ਜਾਣਾ ਚਾਹੀਦਾ ।ਜੇ ਉਹਨਾਂ ਨੂੰ ਸ਼ਰਮ ਨਹੀਂ ਆਉਂਦੀ ਤਾਂ ਸਾਨੂੰ ਸ਼ਰਮ ਜਰੂਰ ਕਰ ਲੈਣੀ ਚਾਹੀਦੀ ਹੈ। ਨਾਲੇ ਇਹ ਪਹਿਲੀ ਘਟਨਾ ਨਹੀਂ ਸਤਿਕਾਰਯੋਗ ਸਾਥੀਓ ਇਸ ਤੋਂ ਪਹਿਲਾਂ ਸੂਬੇ ਦੇ ਸਾਬਕਾ ਮੁੱਖ ਮੰਤਰੀ ਸਰਦਾਰ ਚੰਨੀ ਸਾਹਿਬ ਨੂੰ ਵੀ ਪੈਰਾਂ ਦੀ ਜੁੱਤੀ ਦੇ ਬਰਾਬਰ ਕਿਹਾ ਜਾ ਚੁੱਕਿਆ ਹੈ.. ਸ਼ਾਇਦ ਤੁਹਾਨੂੰ ਪਤਾ ਹੋਵੇ ਇੱਕ ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਨੇ ਸੀ ਕਿ ਗਧਿਆਂ ਅਤੇ ਘੋੜਿਆਂ ਵਿੱਚ ਫਰਕ ਹੁੰਦਾ ਹੈ ਜੇ ਚੋਣਾਂ ਵਿਚ ਗਧਿਆਂ ਨੂੰ ਵਿੱਚ ਜਗ੍ਹਾ ਦੇਵੋਗੇ ਤਾਂ ਹਾਰ ਤਾਂ ਹੋਣੀ ਹੀ ਹੈ ਜਾਣੀ ਆਪਣੀ ਹਾਰ ਦਾ ਭਾਂਡਾ ਉਹ ਗਰੀਬ ਲੋਕਾਂ ਉਤੇ ਭੰਨ ਰਹੇ ਹਨ। ਦੋਸਤੋ ਕਹਿਣਾ ਤਾਂ ਨਹੀਂ ਚਾਹੀਦਾ ਇਹ ਗੱਲ ਉਹ ਹੋ ਗਈ ਮਾਰੀ ਧਾੜ......... ਤੁਸੀਂ ਆਪ ਸਮਝਦਾਰ ਹੋ ਦਿਮਾਗ ਦੀ ਬੱਤੀ ਜਗਾਓ ਅਤੇ ਸੱਚ ਅਤੇ ਝੂਠ ਵਿੱਚ ਅੰਤਰ ਸਮਝੋ ਬਾਬਾ ਸਾਹਿਬ ਡਾਕਟਰ ਭੀਮ ਰਾ ਜੀ ਨੇ ਤੁਹਾਡੇ ਲਈ ਕੀ ਕੀ ਨਹੀਂ ਕੀਤਾ ? ਵੋਟ ਤੁਹਾਨੂੰ ਆਪਣਾ ਰਾਜ ਲਿਆਉਣ ਲਈ ਲੈ ਕੇ ਦਿੱਤੀ ਸੀ ਨਾ ਕਿ ਵੇਚਣ ਲਈ ਮੈਂ ਤਾਂ ਹੈਰਾਨ ਹਾਂ ਕਿ ਤੁਸੀਂ ਇਕੱਲੀ ਵੋਟ ਹੀ ਨਹੀਂ ਵੇਚਦੇ ਤੁਸੀਂ ਆਪਣੀਵੀ ਵੇਚ ਦਿੰਦੇ ਹੋ। ਸੋ ਸਿਆਣੇ ਬਣੋ ਸਾਡੇ ਗੁਰੂ ਸਾਹਿਬਾਨਾਂ ਦਾ ਜੋ ਸਾਡੇ ਲਈ ਹੁਕਮ ਹੈ ਕਿ ਅਸੀਂ ਗੁਲਾਮ ਹਾਂ ਅਤੇ ਆਜ਼ਾਦੀ ਲੈ ਕੇ ਆਉਣੀ ਹੈ,ਉਹ ਤਾਂ ਹੀ ਸੰਭਵ ਹੈ ਜੇ ਤੁਸੀਂ ਸਿਆਣੇ ਲੋਕ ਆਪਣੀ ਗਰੀਬ ਭਾਈਚਾਰੇ ਨੂੰ ਸਹੀ ਦਿਸ਼ਾ ਦੇ ਕੇ ਵੋਟ ਦਾ ਸਹੀ ਇਸਤੇਮਾਲ ਕਰਾਉਣ ਵਾਸਤੇ ਕਹੋਗੇ ਅਤੇ ਬੇਗਮਪੁਰਾ ਵਸਾਉਗੇ ।ਨਹੀਂ ਕੋਈ ਫਾਇਦਾ ਨਹੀਂ ਢੋਲਕੀਆਂ ਕੁੱਟਣ ਦਾ ਕੋਈ ਫਾਇਦਾ ਨਹੀਂ ਗੁਰੂ ਸਾਹਿਬਾਨ ਦੇ ਜਨਮ ਦਿਹਾੜੇ ਮਨਾਉਣ ਦਾ।

**-ਡਾਕਟਰ ਜਗਜੀਵਨ ਸਿੰਘ ਪ੍ਰਧਾਨ ਮਾਤਾ ਚੰਦ ਕੌਰ ਯਾਦਗਾਰੀ ਟਰਸਟ ਰਜਿ: ਸ਼ੇਰਪੁਰ ਜਿਲਾ ਸੰਗਰੂਰ ਪੰਜਾਬ**

## 350 ਸਾਲਾ ਸ਼ਤਾਬਦੀ ਸਮਾਗਮਾਂ ਨੂੰ ਮਨਾਉਣ ਲਈ ਪੰਜਾਬ ਸਰਕਾਰ ਸਿਰਫ਼ ਆਪਣੀ 'ਜ਼ਿੱਦ' ਪੂਰੀ ਕਰ ਰਹੀ ਹੈ : ਜਥੇਦਾਰ ਕੁਲਦੀਪ ਸਿੰਘ ਗੜਗੱਜ



**ਅੰਮ੍ਰਿਤਸਰ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਸਮਾਰੋਹ ਨੂੰ ਸਮਰਪਿਤ ਮੁੱਖ ਪ੍ਰੋਗਰਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਕਰਵਾਏ ਜਾ ਰਹੇ ਹਨ। ਸਮੂਹ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਸ਼ਿਰਕਤ ਕਰਨ ਦੀ ਅਪੀਲ ਕਰਦਿਆਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ, ਸੰਗਤਾਂ ਦੀ ਆਮਦ ਅਤੇ ਨਗਰ ਕੀਰਤਨਾਂ ਦਾ ਇੱਥੇ ਪੁੱਜਣਾ ਸ਼ੁਰੂ ਹੋ ਚੁੱਕਿਆ ਹੈ। ਪੰਜਾਬ ਸਰਕਾਰ ਵੱਲੋਂ ਵੱਖਰੇ ਤੌਰ 'ਤੇ ਕਰਵਾਏ ਜਾ ਰਹੇ ਸਮਾਗਮਾਂ 'ਤੇ ਪ੍ਰਤੀਕਿਰਿਆ ਦਿੰਦਿਆਂ ਜਥੇਦਾਰ ਗੜਗੱਜ ਨੇ ਕਿਹਾ ਕਿ ਧਾਰਮਿਕ ਸਮਾਗਮ ਕਰਵਾਉਣਾ ਸਰਕਾਰਾਂ ਦਾ ਕੰਮ ਨਹੀਂ, ਪਰੰਤੂ ਆਪਣੀ ਜ਼ਿੱਦ ਪੂਰੀ ਕਰਨ ਲਈ ਸਰਕਾਰ ਇਹ ਪ੍ਰੋਗਰਾਮ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸ਼ਹਿਰ ਭਰ ਵਿੱਚ ਵੱਡੇ ਸਪੀਕਰ ਲਗਾਏ ਗਏ ਹਨ, ਜੋ ਇਤਿਹਾਸ ਵਿੱਚ ਪਹਿਲਾਂ ਕਦੇ ਨਹੀਂ ਹੋਇਆ। ਜਥੇਦਾਰ ਨੇ ਸਪਸ਼ਟ ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਇਹ ਸਪੀਕਰ ਤੁਰੰਤ ਹਟਾਏ ਜਾਣ। ਜਥੇਦਾਰ ਗੜਗੱਜ ਨੇ ਕਿਹਾ ਕਿ ਸਾਡੇ ਸਾਰਿਆਂ ਦਾ ਇੱਕੋ ਮਕਸਦ ਹੈ ਕਿ ਸਾਰੇ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਯਾਦ ਕਰਨ ਤੇ ਉਹਨਾਂ ਦੇ ਦਰਸਾਏ ਮਾਰਗ 'ਤੇ ਚੱਲਣ। ਉਨ੍ਹਾਂ ਦੱਸਿਆ ਕਿ ਅੱਜ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਉਹਨਾਂ ਨੂੰ ਸਰਕਾਰੀ ਸਮਾਰੋਹਾਂ ਵਿੱਚ ਸ਼ਾਮਿਲ ਹੋਣ ਲਈ ਸੱਦਾ ਭੇਜਿਆ ਦਿੱਤਾ ਗਿਆ ਹੈ। ਉਨ੍ਹਾਂ ਸਰਕਾਰ ਵੱਲੋਂ ਜਾਰੀ ਕੀਤੇ ਪ੍ਰਚਾਰ ਸਮੱਗਰੀ ਉੱਤੇ ਅੰਗਰੇਜ਼ੀ ਭਾਸ਼ਾ ਦੇ ਪ੍ਰਯੋਗ 'ਤੇ ਅਫਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਪੰਜਾਬ ਨਾਲ ਸੰਬੰਧਤ ਧਾਰਮਿਕ ਤੇ ਇਤਿਹਾਸਕ ਸਮਾਗਮਾਂ ਦੀ ਸਮੱਗਰੀ ਸਿਰਫ਼ ਪੰਜਾਬੀ ਵਿੱਚ ਹੀ ਪ੍ਰਕਾਸ਼ਤ ਹੋਣੀ ਚਾਹੀਦੀ ਸੀ। ਜਥੇਦਾਰ ਨੇ ਕਿਹਾ ਕਿ ਜੇਕਰ ਸਰਕਾਰ ਆਪਣੀ ਜ਼ਿੱਦ 'ਤੇ ਅੜੀ ਹੋਈ ਹੈ, ਤਾਂ ਪੰਥ ਵੀ ਸ਼ਤਾਬਦੀ ਸਮਾਰੋਹਾਂ ਨੂੰ ਪੂਰੀ ਚੜ੍ਹਦੀ ਕਲਾ ਨਾਲ ਮਨਾਉਣ ਲਈ ਬਜਿੱਧ ਹੈ। ਉਨ੍ਹਾਂ ਕਿਹਾ ਕਿ ਜਿਹੜੇ ਕੰਮ ਸਰਕਾਰ ਦੇ ਕਰਨ ਵਾਲੇ ਸਨ, ਉਹ ਸ਼ਤਾਬਦੀ ਤੋਂ ਪਹਿਲਾਂ ਪੂਰੇ ਨਹੀਂ ਹੋ ਸਕੇ ਅਤੇ ਸਰਕਾਰ ਇਸ ਮਾਮਲੇ ਵਿੱਚ ਨਾਕਾਮ ਰਹੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ, ਸਕੱਤਰ ਪ੍ਰਤਾਪ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਅਤੇ ਐਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਵੀ ਹਾਜ਼ਰ ਸਨ।

ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ

# ਸੰਘਰਸ਼ੀ ਯੋਧੇ ਕੈਪਟਨ ਹਰਚਰਨ ਸਿੰਘ ਰੋਡੇ ਨਮਿਤ ਸ਼ਰਧਾਂਜਲੀ ਸਮਾਰੋਹ

## ਹੁਕਮਨਾਮਾ ਸਾਹਿਬ ਦੀ ਵਿਆਖਿਆ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿ: ਜਸਵੀਰ ਸਿੰਘ ਜੀ ਨੇ ਕੀਤੀ














(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਸਮਾਲਸਰ**, 10 **ਨਵੰਬਰ (ਆਵਾਜ਼ਿ ਕੌਮ ਬਿਊਰੋ)**-20ਵੀਂ ਸਦੀ ਦੇ ਮਹਾਨ ਸਿੱਖ ਯੋਧੇ ਜਰਨੈਲ ਕਥਨੀ-ਕਰਨੀ ਦੇ ਪੂਰੇ, ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ ਅਤੇ ਸਤਿਕਾਰਯੋਗ ਬਾਬਾ ਜੋਗਿੰਦਰ ਸਿੰਘ ਜੀ ਦੇ ਸਪੁੱਤਰ ਕੈਪਟਨ ਹਰਚਰਨ ਸਿੰਘ ਰੋਡੇ ਜੋ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 1 ਨਵੰਬਰ ਨੂੰ ਬਾਬਾ ਪਰਿਵਾਰ ਨੂੰ ਅਤੇ ਸਿੱਖ ਕੌਮ ਨੂੰ ਸਰੀਰ ਕਰਕੇ ਸਦੀਵੀਂ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਉਹਨਾਂ ਦੇ ਨਮਿੱਤ ਸਮੂਹ ਬਾਬਾ ਪਰਿਵਾਰ ਵਲੋਂ ਅਰੰਭ ਕਰਵਾਏ ਗਏ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਪਿੰਡ ਰੋਡੇ ਦੇ ਖੁੱਲ੍ਹੇ ਪੰਡਾਲ ਵਿੱਚ ਹੋਈ। ਜਿਸ ਵਿੱਚ ਲੱਖਾਂ ਸਿੱਖ ਸੰਗਤਾਂ ਤੇ ਪੂਰੇ ਦੇਸ਼ ਅਤੇ ਵਿਦੇਸ਼ਾਂ ਵਿਚੋਂ ਪਹੁੰਚੇ ਆਗੂਆਂ ਨੇ ਕੈਪਟਨ ਹਰਚਰਨ ਸਿੰਘ ਰੋਡੇ ਨੂੰ ਸਰਧਾਂਜਲੀਆਂ ਭੇਂਟ ਕੀਤੀਆਂ।

ਇਸ ਸਮੇਂ ਹੁਕਮਨਾਮਾ ਸਾਹਿਬ ਦੀ ਵਿਆਖਿਆ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜੱਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਕਰਦੇ ਹੋਏ ਸੰਗਤਾਂ ਨੂੰ ਪ੍ਰਮਾਤਮਾ ਦੇ ਭਾਣੇ ਵਿੱਚ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ ਅਤੇ ਕੈਪਟਨ ਹਰਚਰਨ ਸਿੰਘ ਰੋਡੇ ਦੇ ਜੀਵਨ 'ਤੇ ਸੰਖੇਪ ਰੂਪ ਵਿੱਚ ਵਿਚਾਰਾਂ ਸਾਂਝੀਆਂ ਕੀਤੀਆਂ। ਸਵਰਗੀ ਕੈਪਟਨ ਹਰਚਰਨ ਸਿੰਘ ਰੋਡੇ ਜੀ ਦੇ ਦੋ ਪੁੱਤਰ ਭਾਈ ਤਰਲੋਚਨ ਸਿੰਘ ਯੂ.ਐਸ.ਏ. ਅਤੇ ਭਾਈ ਹਰਪਾਲ ਸਿੰਘ ਤੇ ਤਿੰਨ ਧੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਉਪਰੰਤ ਭਾਈ ਸੁੱਚਾ ਸਿੰਘ ਛੋਟੇਪੁਰ ਸੀਨੀਅਰ ਅਕਾਲੀ ਆਗੂ ਨੇ ਸਿੱਖ ਸੰਗਤਾਂ ਨੂੰ ਦੱਸਿਆ ਮੇਰਾ ਕੈਪਟਨ ਸਾਹਿਬ ਨਾਲ ਬਹੁਤ ਪਿਆਰਾ ਸੀ ਉਹਨਾਂ ਨੇ ਮੈਨੂੰ ਜਦੋਂ ਵੀ ਮਿਲਣਾ ਬਾਣੀ ਪੜ੍ਹਨ ਵਾਸਤੇ ਕਹਿਣਾ ਤੇ ਨਾਲ ਇਹ ਵੀ ਕਹਿਣਾ ਕਿ ਸੁੱਚਾ ਸਿੰਘ ਹਰ ਰੋਜ਼ ਜਪੁਜੀ ਸਾਹਿਬ ਦੀ ਬਾਣੀ ਪੜ੍ਹਨੀ ਅਤੀ ਜਰੂਰੀ ਹੈ। ਉਪਰੰਤ ਭਾਈ ਰਘਬੀਰ ਸਿੰਘ ਜੀ ਬਾਲ ਸ਼ਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੁਨੀਆਂ ਵਿੱਚ ਅਜਿਹਾ ਕੋਈ ਕੋਨਾ ਨਹੀਂ ਹੋਵੇਗਾ ਜੋ ਇਸ ਬਾਬਾ ਪਰਿਵਾਰ ਨੂੰ ਨਹੀਂ ਜਾਣਦਾ ਹੋਵੇਗਾ। ਇਹ ਪਰਿਵਾਰ ਅੱਜ ਵੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਮਿਸ਼ਨ 'ਤੇ ਚੱਲਦਾ ਆ ਰਿਹਾ ਹੈ। ਉਪਰੰਤ ਜੱਥੇ: ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਯੂਨਾਇਟਿਡ ਅਕਾਲੀ ਦਲ ਨੇ ਵਿਚਾਰਾਂ ਸਾਂਝੀਆਂ ਕਰਦੇ ਕਿਹਾ ਕਿ ਜਦੋਂ ਤੋਂ ਬਾਬਾ ਜੋਗਿੰਦਰ ਸਿੰਘ ਨੇ 1984 ਦੇ ਭਿਆਨਕ ਸਮੇਂ ਤੋਂ ਕਮਾਨ ਸੰਭਾਲੀ ਉਸ ਸਮੇਂ ਤੋਂ ਲੈ ਕੇ ਹੁਣ ਤੱਕ ਦੇ 40 ਸਾਲਾਂ ਦੇ ਸਮੇਂ ਦੀ ਸਿੱਖ ਇਤਿਹਾਸ ਵਿੱਚ ਇੱਕ ਕਿਤਾਬ ਲਿਖੀ ਜਾ ਸਕਦੀ ਹੈ ਜਿਸ ਵਿੱਚ ਕੈਪਟਨ ਹਰਚਰਨ ਸਿੰਘ ਰੋਡੇ ਦਾ ਮੁੱਖ ਰੋਲ ਸੀ। ਉਹਨਾਂ ਸਮੇਂ ਸਿੱਖਾਂ ਨੂੰ ਥਾਣਿਆਂ ਵਿੱਚ ਚੁੱਕ ਕੇ ਲੈਜਾ ਕੇ ਤਸੱਦਦ ਦਿੱਤਾ ਜਾਂਦਾ ਸੀ ਤੇ ਕੈਪਟਨ ਸਾਹਿਬ ਅਤੇ ਭਾਈ ਜਸਵੀਰ ਸਿੰਘ ਖਾਲਸਾ ਜੀ ਆਪ ਸਿੱਖ ਲੋਕਾਂ ਦੀ ਪੈਰਵਾਈ ਲਈ ਥਾਣਿਆਂ ਵਿੱਚ ਜਾ ਕੇ ਪੈਰਵਾਈ ਕਰਦੇ ਤੇ ਉਹਨਾਂ ਨੂੰ ਛੁਡਵਾ ਕੇ ਲੈ ਕੇ ਆਉਂਦੇ ਸਨ ਇਸ ਪਰਿਵਾਰ ਦੀ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਹੈ, ਅੱਜ ਕੈਪਟਨ ਸਾਹਿਬ ਦੇ ਜਾਣ ਦਾ ਪਰਿਵਾਰ ਨੂੰ ਹੀ ਨਹੀਂ ਬਲਕਿ ਪੂਰੀ ਸਿੱਖ ਕੌਮ ਨੂੰ ਨਾ ਪੂਰਾ ਹੋਣ ਵਾਲਾ ਬਹੁਤ ਵੱਡਾ ਘਾਟਾ ਪਿਆ ਹੈ। ਜੱਥੇ: ਦਲੀਪ ਸਿੰਘ ਚਕਰ ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਨੇ ਕਿਹਾ ਕਿ ਬਾਬਾ ਪਰਿਵਾਰ ਦਾ ਇੱਕ ਇਤਿਹਾਸ ਬਣ ਗਿਆ ਹੈ ਜਿਸ ਨੂੰ ਦੁਨੀਆਂ ਸਦੀਆਂ ਤੱਕ ਯਾਦ ਕਰੇਗੀ।

ਇਸ ਦੇ ਨਾਲ ਹੀ ਐਡਵੋਕੇਟ ਰਾਜਦੇਵ ਸਿੰਘ ਖਾਲਸਾ ਸਾਬਕਾ ਐਮ.ਪੀ. ਨੇ ਕਿਹਾ 40 ਸਾਲ ਪਹਿਲਾਂ ਕੈਪਟਨ ਸਾਹਿਬ ਨੂੰ ਇਸ ਧਰਤੀ ਤੇ ਜਦੋਂ ਦਾ ਮਿਲਿਆ ਹਾਂ ਦੇਖਿਆ ਹੈ ਕਿ ਕੈਪਟਨ ਸਾਹਿਬ ਕਦੇ ਵੀ ਜ਼ਜ਼ਬਾਤੀ ਤੇ ਭਾਵੁਕ ਹੋ ਕੇ ਫ਼ੈਸਲੇ ਨਹੀਂ ਲੈਂਦੇ ਸਨ ਉਹ ਕੰਨਾਂ ਦੇ ਕੱਚੇ ਨਹੀਂ ਸਨ। ਉਹ ਹਮੇਸ਼ਾਂ ਬਹੁਤ ਹੀ ਸੂਝ-ਬੂਝ ਨਾਲ ਬਹੁਤ ਹੀ ਠਰਮੇ ਨਾਲ ਸਹੀ ਫ਼ੈਸਲੇ ਲੈਂਦੇ ਸਨ ਤੇ ਉਹਨਾਂ ਦੇ ਫ਼ੈਸਲੇ ਨੂੰ ਕਦੇ ਬਦਲਿਆ ਵੀ ਨਹੀਂ ਜਾਂਦਾ ਸੀ ਉਹਨਾਂ ਦਾ ਚਲੇ ਜਾਣਾ ਸਿੱਖ ਸਿਧਾਂਤਾਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ, ਪੰਥ ਦਾ ਸ਼ੰਘਰਸ਼ ਸ਼ੀਲ ਨੇਤਾ ਹੋਣ ਦਾ ਘਾਟਾ ਪਿਆ ਹੈ। ਇਸ ਉਪਰੰਤ ਦਿੱਲੀ ਗੁਰਦੁਆਰਾ ਮੈਨੇਜ਼ਮੈਂਟ ਕਮੇਟੀ ਵਲੋਂ ਸ੍ਰ. ਜਗਦੀਪ ਸਿੰਘ ਕਾਹਲੋਂ ਜਰਨਲ ਸਕੱਤਰ ਨੇ ਸਰਧਾਂਜਲੀ ਭੇਟ ਕਰਦੇ ਕਿਹਾ ਕੈਪਟਨ ਸਾਹਿਬ ਨੇ ਆਰਮੀ ਵਿੱਚ ਦੇਸ਼ ਦੇ ਪ੍ਰਤੀ ਨਿਰਪੱਖ ਸੱਚੀ ਸੇਵਾ ਨਿਭਾਈ ਉੱਥੇ ਪੰਥ ਵਾਸਤੇ ਸਿੱਖ ਕੌਮ ਲਈ ਜੇਲ੍ਹਾਂ ਕੱਟੀਆਂ। ਇਸ

ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ

# ਸੰਘਰਸ਼ੀ ਯੋਧੇ ਕੈਪਟਨ ਹਰਚਰਨ ਸਿੰਘ ਰੋਡੇ ਨਮਿਤ ਸ਼ਰਧਾਂਜਲੀ ਸਮਾਰੋਹ

**ਸਾਬਕਾ ਸੰਸਦ ਮੈਂਬਰ ਸ. ਸਿਮਰਨਜੀਤ ਸਿੰਘ ਮਾਨ, ਐਡ: ਰਾਜਦੇਵ ਸਿੰਘ ਖਾਲਸਾ, ਗਿ: ਹਰਪ੍ਰੀਤ ਸਿੰਘ, ਭਾਈ ਸੁੱਚਾ ਸਿੰਘ ਛੋਟੇਪੁਰ, ਜੱਥੇਦਾਰ ਮਨਪ੍ਰੀਤ ਸਿੰਘ ਇਆਲੀ, ਸ. ਗੁਰਮੀਤ ਸਿੰਘ ਖੁਡੀਆ ਖੇਤੀ ਮੰਤਰੀ, ਭਾਈ ਮੋਹਕਮ ਸਿੰਘ, ਗਿਆਨੀ ਰਣਜੀਤ ਸਿੰਘ ਹੈਡ ਗਰੰਥੀ ਬੰਗਲਾ ਸਾਹਿਬ ਦਿੱਲੀ ਸਮੇਤ ਅਨੇਕਾਂ ਸਿਆਸੀ, ਧਾਰਮਿਕ, ਸਮਾਜਿਕ ਤੇ ਹੋਰਨਾਂ ਜਥੇਬੰਦੀਆਂ ਵੱਲੋਂ ਬਾਬਾ ਪਰਿਵਾਰ ਨਾਲ ਆਪਣੀਆਂ ਯਾਦਾਂ ਨੂੰ ਸਾਂਝਾ ਕੀਤਾ ਗਿਆ।**

























(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਮਹਾਨ ਸ਼ਖ਼ਸੀਅਤ ਦੀ ਘਾਟ ਹਮੇਸ਼ਾਂ ਮਹਿਸੂਸ ਹੋਵੇਗੀ। ਜੱਥੇ ਬੂਟਾ ਸਿੰਘ ਰਣਸੀਂਹ ਕਾਰਜਕਾਰੀ ਪ੍ਰਧਾਨ ਅਕਾਲੀ ਦਲ ਯੂਨਾਈਟਡ ਨੇ ਕਿਹਾ ਮੈਂ ਕੈਪਟਨ ਸਾਹਿਬ ਨੂੰ ਆਪਣਾ ਪਿਤਾ ਸਮਝਦਾ ਸਾਂ ਜਿੰਨਾਂ ਦੁੱਖ ਉਨ੍ਹਾਂ ਦੇ ਜਾਣ ਦਾ ਭਾਈ ਤਰਲੋਚਨ ਸਿੰਘ ਤੇ ਭਾਈ ਹਰਪਾਲ ਸਿੰਘ ਨੂੰ ਹੈ ਉਹਨਾਂ ਹੀ ਦੁੱਖ ਅੱਜ ਮੈਨੂੰ ਵੀ ਹੈ। ਬਾਪੂ ਕੈਪਟਨ ਸਾਹਿਬ ਜਿੱਥੇ ਕੌਮ ਦੇ ਯੋਧੇ ਤੇ ਸੂਰਮੇ ਸਨ ਉਥੇ ਮੇਰੇ ਜੀਵਨ ਦੇ ਚਾਨਣ ਮੁਨਾਰੇ ਸਨ ਮੈਨੂੰ ਅੱਜ ਵੀ ਯਾਦ ਹੈ 1989 ਵਿੱਚ ਕੈਪਟਨ ਸਾਹਿਬ ਨੇ ਅੱਗੇ ਲੱਗ ਕੇ ਪਾਰਟੀ ਦੀ ਜਿੱਤ ਵਾਸਤੇ ਰਾਜਦੇਵ ਸਿੰਘ ਖਾਲਸਾ ਨੂੰ ਐਮ.ਪੀ. ਦੀ ਚੋਣ ਲੜਾਈ ਸੀ ਤੇ ਜਿਸ ਵਿੱਚ ਰਾਜਦੇਵ ਸਿੰਘ ਦੀ ਜਿੱਤ ਹੋਈ ਜਿਸ ਦਾ ਕਾਰਨ ਕੈਪਟਨ ਸਾਹਿਬ ਸਨ। ਕੈਪਟਨ ਸਾਹਿਬ ਨੇ ਆਪਣੀ ਆਰਮੀ ਦੀ ਸਾਰੀ ਪੈਨਸ਼ਨ 1984 ਤੋਂ ਬਾਅਦ ਸਿੱਖ ਸੰਘਰਸ਼ ਵਿੱਚ ਲਗਾ ਦਿੱਤੀ। ਗਿਆਨੀ ਰਣਜੀਤ ਸਿੰਘ ਹੈਡ ਗਰੰਥੀ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਨੇ ਕਿਹਾ ਬਾਪੂ ਕੈਪਟਨ ਹਰਚਰਨ ਸਿੰਘ ਦੇ ਸਹਿਯੋਗੀ ਜਿੰਨਾਂ ਨੇ 40 ਸਾਲ ਉਹਨਾਂ ਨਾਲ ਸਫ਼ਰ ਤਹਿ ਕੀਤਾ ਅੱਜ ਵੀ ਉਹਨਾਂ ਅੰਦਰ ਬਾਣੀ ਤੇ ਸਿੱਖੀ ਪ੍ਰਤੀ ਸੱਚੀ ਪ੍ਰੇਰਨਾ ਭਰੀ ਹੋਈ ਹੈ। ਜਿੰਨਾਂ ਨੇ ਸਾਡੀ ਕੌਮੀ ਸਿਆਸਤ ਬਾਰੇ ਸਾਨੂੰ ਅਹਿਸਾਸ ਕਰਵਾਇਆ ਸਾਨੂੰ ਜਗਾਇਆ ਅਗਰ ਉਹ ਨਾ ਹੁੰਦੇ ਤਾਂ ਸਾਲ 1990 ਤੋਂ ਬਾਅਦ ਜੋ ਅੱਜ ਹੈ ਉਹ ਕੁਝ ਨਹੀਂ ਹੋਣਾ ਸੀ। ਭਾਈ ਪ੍ਰਮਿੰਦਰ ਸਿੰਘ ਬਲ ਪ੍ਰਧਾਨ ਇੰਟਰਨੈਸ਼ਨਲ ਸਿੱਖ ਫ਼ੈਡਰੇਸ਼ਨ ਯੂ.ਕੇ. ਨੇ ਸੰਬੋਧਨ ਕਰਦੇ ਕਿਹਾ 1978 ਤੋਂ ਬਾਬਾ ਪਰਿਵਾਰ ਨੂੰ ਮਿਲੇ ਹਾਂ ਅੱਜ ਇਸ ਪਰਿਵਾਰ ਵਿਚੋਂ ਕੈਪਟਨ ਸਾਹਿਬ ਦੇ ਚਲੇ ਜਾਣ ਨਾਲ ਬਹੁਤ ਤਕੜਾ ਘਾਟਾ ਪਿਆ ਹੈ। ਉਪਰੰਤ ਬਾਅਦ ਸੰਤ ਬਾਬਾ ਅਮੀਰ ਸਿੰਘ ਜਵੱਦੀ ਟਕਸਾਲ ਨੇ ਸਰਧਾਂਜਲੀ ਭੇਟ ਕਰਦੇ ਕਿਹਾ ਇਸ ਪਰਿਵਾਰ ਨੂੰ ਨਾਮ ਸਿਮਰਨ ਦੇ ਨਾਲ ਨਾਲ ਵਾਹਿਗੁਰੂ ਨੇ ਸਹਾਦਤਾਂ ਵੀ ਬਖ਼ਸ਼ੀਆਂ ਹਨ ਸੱਚੇ ਪਾਤਿਸ਼ਾਹ ਪਰਿਵਾਰ ਨੂੰ ਬਲ ਬਖ਼ਸਣ ਗੁਰੂ ਸਾਹਿਬ ਮਿਹਰ ਕਰਨ। ਉਪਰੰਤ ਬਾਅਦ ਭਾਈ ਨਰੈਣ ਸਿੰਘ ਚੌੜਾ ਸ਼ੰਘਰਸ਼ਸੀਲ ਯੋਧੇ ਨੇ ਕਿਹਾ ਇਹੋ ਸੱਚੀ ਸਰਧਾਂਜਲੀ ਹੈ, ਜਜ਼ਬਾ, ਜੋਸ਼, ਹਾਲਾਤ ਤੇ ਦੁਸ਼ਮਣ ਨੂੰ ਪਹਿਚਾਨੀਏ ਤੇ ਪੰਥ ਲਈ ਜੀਵੀਏ ਤੇ ਸ਼ਰਧਾ ਨਾਲ ਪੰਥ ਦੀ ਸੇਵਾ ਕਰੀਏ। ਭਾਈ ਮੋਹਕਮ ਸਿੰਘ ਦਮਦਮੀ ਟਕਸਾਲ ਨੇ ਕਿਹਾ ਜਿੰਨਾਂ ਚਿਰ ਇਹਨਾਂ ਦਾ ਸਰੀਰ ਚੱਲਦਾ ਰਿਹਾ ਕੈਪਟਨ ਸਾਹਿਬ ਉਹਨਾਂ ਚਿਰ ਹਰ ਸੰਘਰਸ਼ ਵਿੱਚ ਅੱਗੇ ਰਹੇ ਜਿੰਨਾਂ ਨੇ ਬਾਬਾ ਠਾਕੁਰ ਸਿੰਘ, ਬਾਬਾ ਕਰਤਾਰ ਸਿੰਘ ਦੀ ਰੱਜ ਕੇ ਸੇਵਾ ਕੀਤੀ ਟਕਸਾਲ ਦੀ ਬਹੁਤ ਸੇਵਾ ਕੀਤੀ ਹੈ। ਇਸ ਸਮੇਂ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਇਸ ਪਰਿਵਾਰ ਦਾ ਮਜ਼ਬੂਤ ਥੰਮ ਸਾਡੇ ਵਿੱਚ ਨਹੀਂ ਰਿਹਾ, ਕੌਮ ਨੂੰ ਬਹੁਤ ਘਾਟਾ ਪਿਆ ਹੈ। ਇਸ ਮੌਕੇ ਸਮੇਂ ਜੱਥੇਦਾਰ ਮਨਪ੍ਰੀਤ ਸਿੰਘ ਇਆਲੀ, ਗੁਰਮੀਤ ਸਿੰਘ ਖੁਡੀਆ ਖੇਤੀ ਮੰਤਰੀ ਅਤੇ ਭਾਈ ਸੁਖਚੈਨ ਸਿੰਘ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਕਾਰਜਕਾਰੀ ਜਥੇਦਾਰ ਅਤੇ ਸ੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵਲੋਂ ਕੈਪਟਨ ਸਾਹਿਬ ਨੂੰ ਸਰਧਾਂਜਲੀਆਂ ਭੇਟ ਕਰਦੇ ਕਿਹਾ ਬਾਪੂ ਜੋਗਿੰਦਰ ਸਿੰਘ ਅਤੇ ਕੈਪਟਨ ਹਰਚਰਨ ਸਿੰਘ ਨੂੰ ਹਮੇਸ਼ਾਂ ਯਾਦ ਕੀਤਾ ਜਾਵੇਗਾ। ਇਸ ਉਪਰੰਤ ਭਾਈ ਦਰਸ਼ਨ ਸਿੰਘ ਮੰਡ ਜੋ ਪੀ.ਜੀ.ਆਈ. ਵਿਖੇ ਸਨ ਕੈਪਟਨ ਸਾਹਿਬ ਨੂੰ ਸਰਧਾਂਜਲੀ ਭੇਟ ਕਰਨ ਵਾਸਤੇ ਵਿਸ਼ੇਸ਼ ਤੌਰ ਤੇ ਪਹੁੰਚੇ। ਸੰਤ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਵਲੋਂ ਕੈਪਟਨ ਸਾਹਿਬ ਨੂੰ ਸਿੱਖ ਕੌਮ ਦੇ ਸੱਚੇ ਯੋਧੇ ਕਹਿ ਕੇ ਉਹਨਾਂ ਦੇ ਸ਼ੰਘਰਸ਼ੀ ਜੀਵਨ ਬਾਰੇ ਦੱਸਦੇ ਹੋਏ ਸਰਧਾਂਜਲੀ ਭੇਟ ਕੀਤੀ ਗਈ। ਉਪਰੰਤ ਬਾਅਦ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀਦਲ ਅੰਮ੍ਰਿਤਸਰ ਨੇ ਸਰਧਾਂਜਲੀ ਭੇਟ ਕਰਦੇ ਕਿਹਾ ਸਿੱਖ ਇਤਿਹਾਸ ਸਦੀਆਂ ਤੋਂ ਰੋਡੇ ਪਰਿਵਾਰ ਨਾਲ ਜੁੜਿਆ ਹੋਇਆ ਹੈ ਇਸ ਪਰਿਵਾਰ ਨੇ ਅੱਗੇ ਹੋ ਕੇ ਸੇਵਾ ਕੀਤੀ ਹੈ। ਇਸ ਸਮੇਂ ਗਿਆਨੀ ਬਾਬਾ ਸੁਰਜੀਤ ਸਿੰਘ ਸੋਧੀ ਪਹੁੰਚੇ ਹੋਏ ਸਨ ਉਹਨਾਂ ਦੇ ਸਾਰੇ ਹੀ ਵਿਦਿਆਰਥੀ ਸਿੰਘਾਂ ਵਲੋਂ ਹਾਜ਼ਰੀ ਭਰੀ ਗਈ।

ਸੰਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਭਾਈ ਕੁਲਦੀਪ ਸਿੰਘ ਸਕੱਤਰ ਐਸ.ਜੀ.ਪੀ.ਸੀ., ਸੰਤ ਬਾਬਾ ਹਰਚਰਨ ਸਿੰਘ ਰਮਦਾਸਪੁਰ ਵਾਲਿਆਂ ਵਲੋਂ ਸਿੰਘਾਂ ਦਾ ਜੱਥਾ, ਸੰਤ ਗਿਆਨੀ ਹਰਨਾਮ ਖਾਲਸਾ ਮੁਖੀ ਦਮਦਮੀ ਟਕਸਾਲ ਵਲੋਂ ਬਾਬਾ ਅਜੀਤ ਸਿੰਘ, ਬਾਬਾ ਬੋਹੜ ਸਿੰਘ, ਗਿ: ਸਾਹਿਬ ਸਿੰਘ ਜੀ, ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਦਸਤਾਰ ਲੈ ਕੇ ਪਹੁੰਚੇ ਸਕੱਤਰ ਸ੍ਰ. ਸੁਖਚੈਣ ਸਿੰਘ ਭੂਰਾ ਮੈਨੇਜਰ ਜਸਵੀਰ ਸਿੰਘ, ਭਾਈ ਦਰਬਾਰ ਸਿੰਘ, ਸੰਤ ਰੇਸ਼ਮ ਸਿੰਘ ਜੀ ਨਿਰਮਲ ਸ਼ੰਪ੍ਰਦਾਇ ਵਲੋਂ ਸੰਤ ਸੁਖਪ੍ਰੀਤ ਸਿੰਘ ਰਾਜੇਆਣਾ, ਬਾਬਾ ਹਰਜਿੰਦਰ ਸਿੰਘ ਮਟੀਲੀ ਵਾਲੇ, ਸ੍ਰ. ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ

### ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ

# ਸੰਘਰਸ਼ੀ ਯੋਧੇ ਕੈਪਟਨ ਹਰਚਰਨ ਸਿੰਘ ਰੋਡੇ ਨਮਿਤ ਸ਼ਰਧਾਂਜਲੀ ਸਮਾਰੋਹ

## * ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਦੇਸ਼ ਵਿਦੇਸ਼ਾਂ ਤੋਂ ਅਨੇਕਾਂ ਸੰਗਤਾਂ ਪੁੱਜੀਆਂ















ਸਰਕਾਰ, ਚੇਅਰਮੈਨ ਹਰਜਿੰਦਰ ਸਿੰਘ ਮੋਗਾ, ਭਾਈ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ, ਭਾਈ ਅਜਮੇਰ ਸਿੰਘ ਰੋਡੇ, ਭਾਈ ਬਲਵਿੰਦਰ ਸਿੰਘ ਰੋਡੇ, ਪ੍ਰਧਾਨ ਜਗਸੀਰ ਸਿੰਘ ਰੋਡੇ, ਬੂਟਾ ਸਿੰਘ ਨੰਬਰਦਾਰ, ਬਲਵਿੰਦਰ ਸਿੰਘ ਬਾਵਾ, ਜੱਥੇ: ਫੁੰਮਣ ਸਿੰਘ ਮੈਂਬਰ ਐਸ.ਜੀ.ਪੀ.ਸੀ. ਭਗਤਾ ਭਾਈ ਕਾ, ਗੁ: ਲੋਹਗੜ੍ਹ ਦੀਨਾ ਸਾਹਿਬ ਮੈਨੇਜਰ ਸਾਹਿਬ ਤੇ ਸਟਾਫ਼, ਭਾਈ ਮੁਖਤਿਆਰ ਸਿੰਘ ਮੁਖੀ, ਬਲਜੀਤ ਸਿੰਘ ਖਾਲਸਾ ਸੰਪਾਦਕ ਵੰਗਾਰ ਮੈਗਜੀਨ, ਬਾਬਾ ਹਰਨਾਮ ਸਿੰਘ ਮਹਿਲਪੁਰ ਬੁੰਗੇਵਾਲੇ, ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲ ਵਾਲੇ, ਡਾ: ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਕੀ, ਸੰਤ ਚਮਕੌਰ ਸਿੰਘ ਪੰਜਗਰਾਈਆਂ, ਮੈਨੇਜਰ ਨਿਰਮਲ ਸਿੰਘ ਕੋਲਿਆਂ ਵਾਲੀ, ਗਿ: ਤੇਜਬੀਰ ਸਿੰਘ ਦਮਦਮੀ ਟਕਸਾਲ ਅੰਮ੍ਰਿਤਸਰ, ਭਾਈ ਅਮੋਲਕ ਸਿੰਘ ਅਖਾੜਾ, ਸੰਤ ਬਾਬਾ ਅਮੀਰ ਸਿੰਘ, ਸ਼ਹੀਦ ਭਾਈ ਅਵਤਾਰ ਸਿੰਘ ਖੰਡੇ ਦੇ ਮਾਤਾ ਬੀਬੀ ਚਰਨਜੀਤ ਕੌਰ, ਜੱਥੇ: ਧਿਆਨ ਸਿੰਘ ਮੰਡ, ਸੰਤ ਬਾਬਾ ਬਲਵੀਰ ਸਿੰਘ ਲੰਗਿਆਣਾ ਵਾਲੇ, ਬਾਬਾ ਬਲਦੇਵ ਸਿੰਘ ਧਰਮਪੁਰੇ ਵਾਲੇ, ਸੁਖਪ੍ਰੀਤ ਸਿੰਘ ਰਾਜੇਆਣਾ, ਸੰਤ ਬਾਬਾ ਰੇਸ਼ਮ ਸਿੰਘ, ਹਰਜਿੰਦਰ ਸਿੰਘ ਮਟੀਲੀ ਵਾਲੇ (ਵਲੋਂ ਨਿਰਮਲ ਸੰਪਰਦਾਏ), ਬਾਬਾ ਸੁਰਜੀਤ ਸਿੰਘ ਮਹਿਰੋਂਵਾਲੇ, ਭਾਈ ਨਿਧੜਕ ਸਿੰਘ ਫ਼ੈਡਰੇਸ਼ਨ ਆਗੂ, ਜੱਥੇ: ਸਤਨਾਮ ਸਿੰਘ ਮਨਾਵਾਂ, ਜੱਥੇ: ਤੇਜਵੰਤ ਸਿੰਘ ਗਰੇਵਾਲਾ, ਸੁਖਜਿੰਦਰ ਸਿੰਘ ਗਰੇਵਾਲ ਸਮਾਲਸਰ, ਮਾ: ਗੁਰਸੇਵਕ ਸਿੰਘ ਭਰਾਤਾ ਸ਼ਹੀਦ ਭਾਈ ਨਿਰਮਲ ਸਿੰਘ, ਜਸਵਿੰਦਰ ਸਿੰਘ ਸਾਹੋਕੇ, ਗੁਰਜੰਟ ਸਿੰਘ ਭੁੱਟੋ, ਮਾਲਵਾ ਕਵਿਸ਼ਰ ਢਾਡੀ ਸਾਹਿਤ ਸਭਾ ਵੀਰਭਾਨ ਸਿੰਘ ਮੌੜ ਮਾਲਵਾ, ਬਲਵਿੰਦਰ ਸਿੰਘ ਭਗਤਾ ਚਮਕੌਰ ਸਿੰਘ ਕੌਰਾ ਸਮਾਲਸਰ, ਗਿ: ਭੁਪਿੰਦਰ ਸਿੰਘ ਗੁਰਮਤਿ ਵਿਦਿਆਲਾ ਮਖੂ, ਬਾਬਾ ਠਾਕੁਰ ਸਿੰਘ ਦੇ ਭਾਈ ਸੁਖਰਾਜ ਸਿੰਘ ਨਿਆਮੀਵਾਲਾ, ਸ.ਤਰਸੇਮ ਸਿੰਘ ਜੀ ਭਾਈ ਅੰਮ੍ਰਿਤਪਾਲ ਸਿੰਘ ਐਮ.ਪੀ. ਤਰਨ ਤਾਰਨ ਦੇ ਪਿਤਾ ਜੀ, ਬਰਜਿੰਦਰ ਸਿੰਘ ਮੱਖਣ ਬਰਾੜ ਸਵ: ਜੱਥੇਦਾਰ ਤੋਤਾ ਸਿੰਘ ਦੇ ਸਪੁੱਤਰ, ਗਿ: ਹਰਪ੍ਰੀਤ ਸਿੰਘ ਜੋਗੇਵਾਲਾ, ਜੱਥੇ: ਜਸਵੀਰ ਸਿੰਘ ਦਲ ਖਾਲਸਾ ਜਰਨਲ ਸਕੱਤਰ ਖਡੂਰ ਸਾਹਿਬ, ਸਤਨਾਮ ਸਿੰਘ ਮੰਡ, ਕੁਲਵੰਤ ਸਿੰਘ ਸਰਵਣ ਸਿੰਘ, ਕੁਲਵੰਤ ਸਿੰਘ ਮੰਡ ਵਾਲਾ, ਭਾਈ ਨਛੱਤਰ ਸਿੰਘ ਆਸਟੇਰੀਆ, ਜੱਥੇ: ਗੁਰਭੇਜ ਸਿੰਘ ਭੈਣੀ, ਬਾਬਾ ਹਰਮੇਲ ਸਿੰਘ ਸਰਦੂਲੇਵਾਲਾ, ਗਿ: ਗੁਰਸ਼ਰਨ ਸਿੰਘ ਭਲੂਰ ਵਾਲੇ, ਜਿੰਦਰ ਸਿੰਘ ਡਗਰੂ, ਬਲਵੰਤ ਸਿੰਘ ਬੁੱਧਸਿੰਘਵਾਲਾ, ਜਗਮੀਤ ਸਿੰਘ, ਸਖਮੰਦਰ ਸਿੰਘ, ਜਸਕਰਨ ਸਿੰਘ, ਹਰਮਨ ਸਿੰਘ, ਐਸ.ਜੀ.ਪੀ.ਸੀ. ਮੈਂਬਰ ਭਾਈ ਜਗਤਾਰ ਸਿੰਘ ਰੋਡੇ, ਸ਼ਹੀਦ ਭਾਈ ਹਰਜੀਤ ਸਿੰਘ ਸਰਪੰਚ ਦਾ ਪਰਿਵਾਰ ਆਦਿ ਸੰਗਤਾਂ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰਤ ਸਨ। ਇਸ ਸਮੇਂ ਅਰਦਾਸ ਗੁਰਦੁਆਰਾ ਜਨਮ ਅਸਥਾਨ ਦੇ ਮੁੱਖ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਨੇ ਕੀਤੀ। ਇਸ ਸਮੇਂ ਸਟੇਜ਼ ਸੈਕਟਰੀ ਦੀ ਸੇਵਾ ਨਿਭਾ ਰਹੇ ਮੁਖੀ ਬਾਬਾ ਸਵਰਨਜੀਤ ਸਿੰਘ ਮਿਸ਼ਨ ਸਹੀਦਾਂ ਤਰਨਾ ਦਲ ਨੇ ਦੂਰੋਂ ਨੇੜਿਉਂ ਪਹੁੰਚੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਸਮੇਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੇ ਜਲੇਬੀਆਂ ਦਾ ਲੰਘਰ ਅਤੁੱਟ ਵਰਤ ਰਿਹਾ ਸੀ। ਰਜਿੰਦਰ ਸਿੰਘ ਰਾਜਾ ਪ੍ਰਧਾਨ ਗੁਰਦਾਸਪੁਰ, ਜੋਗਿੰਦਰ ਸਿੰਘ ਫਿਰੋਜ਼ਪੁਰ, ਰਣਜੀਤ ਸਿੰਘ ਪ੍ਰਧਾਨ ਸ਼ੰਗਰੂਰ, ਐਡਵੋਕੇਟ ਸ੍ਰ. ਛਿੰਦਰਪਾਲ ਸਿੰਘ ਬਰਾੜ, ਸਿੰਘ ਸਾਹਿਬ ਗਿ: ਇੰਦਰਜੀਤ ਸਿੰਘ ਗ੍ਰੰਥੀ ਅਕਾਲ ਤਖ਼ਤ ਸਾਹਿਬ, ਜੱਥੇ: ਹਰਕ੍ਰਿਸ਼ਨ ਸਿੰਘ ਕੋਠੇ ਜੀਵਾ, ਜੱਥੇ: ਹਰਚੰਦ ਸਿੰਘ ਚਕਰ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਜੱਥੇਦਾਰ ਹਰਚੰਦ ਸਿੰਘ ਚਕਰ ਕਨਵੀਨਰ ਆਈ.ਪੀ.ਡੀ., ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਮੈਂਬਰ ਐਸ.ਜੀ.ਪੀ.ਸੀ. ਮੁਖ ਬੁਲਾਰਾ ਇੰਟਰਨੈਸ਼ਨਲ ਪੰਥਕਦਲ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਸਤਨਾਮ ਸਿੰਘ ਵੱਲੀਆਂ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਸੰਤ ਗੁਰਦੀਪ ਸਿੰਘ ਚੰਦਪੁਰਾਣਾ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ, ਸ. ਰਜਿੰਦਰ ਸਿੰਘ ਮਹਿਤਾ, ਭਾਈ ਬਲਵਿੰਦਰ ਸਿੰਘ ਅਲਗੋ ਖੁਰਦ, ਨਛੱਤਰ ਸਿੰਘ ਠੀਕਰੀਵਾਲਾ ਆਦਿ ਤੋਂ ਇਲਾਵਾ ਇੰਟਰਨੈਸ਼ਨਲ ਪੰਥਕਦਲ ਦੀ ਇੰਗਲੈਂਡ ਦੀ ਇਕਾਈ ਦੇ 42 ਮੈਂਬਰਾਂ ਵਲੋਂ ਅਫਸੋਸ-ਪੱਤਰ ਭੇਜ ਕੇ ਸਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਪਰਮਵੀਰ ਸਿੰਘ, ਸਰਬਨ ਸਿੰਘ ਮੰਡਵਾਲਾ, ਪਿੰਦਰ ਕਬੱਡੀ ਖਿਡਾਰੀ ਸਮਾਲਸਰ, ਕਬੀਰ ਸਿੰਘ ਧਰਮਪੁਰਾ, ਲਾਭ ਸਿੰਘ ਰੋਡੇ ਆਦਿ ਹਾਜ਼ਰ ਸਨ। ••

ਵਿਧਾਨ ਸਭਾ 'ਚ ਵਿਰੋਧੀ ਧਿਰ ਨੇਤਾ

# ਪ੍ਰਤਾਪ ਸਿੰਘ ਬਾਜਵਾ ਤਖਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ



**ਤਲਵੰਡੀ ਸਾਬੋ, 10 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅੱਜ ਸਿੱਖ ਕੌਮ ਦੇ ਚੌਥੇ ਤਖਤ,ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਪੁੱਜੇ। ਉਨਾਂ ਨੇ ਜਿੱਥੇ ਤਖਤ ਸਾਹਿਬ ਮੱਥਾ ਟੇਕਿਆ ਉੱਥੇ ਸੰਤ ਅਤਰ ਸਿੰਘ ਦੁਆਰਾ ਸਥਾਪਿਤ ਗੁ:ਬੁੰਗਾ ਮਸਤੂਆਣਾ ਦੇ ਮੁਖੀ ਬਾਬਾ ਕਾਕਾ ਸਿੰਘ ਨਾਲ ਉਨਾਂ ਦੀ ਰਿਹਾਇਸ਼ ਵਿਖੇ ਮੁਲਾਕਾਤ ਕੀਤੀ। ਤਖਤ ਸਾਹਿਬ ਪੁੱਜਣ ਤੇ ਪ੍ਰਤਾਪ ਸਿੰਘ ਬਾਜਵਾ ਦਾ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਹਲਕਾ ਮੌੜ ਤੇ ਤਲਵੰਡੀ ਸਾਬੋ ਤੋਂ ਕਾਫੀ ਵੱਡੀ ਗਿਣਤੀ ਇਕੱਤਰ ਕਾਂਗਰਸੀ ਵਰਕਰਾਂ ਨੇ ਭਰਵਾਂ ਸਵਾਗਤ ਕੀਤਾ।ਬਾਜਵਾ ਨੇ ਤਖਤ ਸਾਹਿਬ ਮੱਥਾ ਟੇਕਦਿਆਂ ਕੁਝ ਸਮਾਂ ਕੀਰਤਨ ਸ੍ਰਵਣ ਕੀਤਾ ਅਤੇ ਨਿਸ਼ਾਨ ਸਾਹਿਬ ਤੇ ਚੋਲਾ ਸਾਹਿਬ ਚੜਾਉਣ ਦੀ ਰਸਮ ਅਦਾ ਕਰਵਾਈ।ਬਾਜਵਾ ਕਰੀਬ ਇੱਕ ਘੰਟਾ ਤਖਤ ਸਾਹਿਬ ਕੰਪਲੈਕਸ ਰੁਕੇ। ਮੱਥਾ ਟੇਕਣ ਉਪਰੰਤ ਉਨਾਂ ਨੇ ਪੱਤਰਕਾਰਾਂ ਨਾਲ ਕਿਸੇ ਕਿਸਮ ਦੀ ਵੀ ਸਿਆਸੀ ਗੱਲ ਕਰਨ ਤੋਂ ਇਨਕਾਰ ਕਰਦਿਆਂ ਕਿਹਾ ਕਿ ਉਹ ਇੱਕ ਸ਼ਰਧਾਲੂ ਵਜੋਂ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਆਏ ਹਨ ਅਤੇ ਇਸ ਪਾਵਨ ਅਸਥਾਨ ਦੇ ਦਰਸ਼ਨ ਕਰਕੇ ਉਨਾਂ ਦੇ ਮਨ ਨੂੰ ਸਕੂਨ ਮਿਲਿਆ ਹੈ। ਉਨਾਂ ਦੱਸਿਆ ਕਿ ਉਨਾਂ ਨੇ ਇਸ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕਰਵਾਈ ਹੈ। ਤਖਤ ਸਾਹਿਬ ਮੱਥਾ ਟੇਕਣ ਉਪਰੰਤ ਪ੍ਰਤਾਪ ਸਿੰਘ ਬਾਜਵਾ ਨੇ ਸਾਬਕਾ ਵਿਧਾਇਕ ਸਿੱਧੂ ਤੇ ਹੋਰਨਾਂ ਕਾਂਗਰਸੀ ਆਗੂਆਂ ਸਮੇਤ ਇਲਾਕੇ ਦੀ ਪ੍ਰਸਿੱਧ ਧਾਰਮਿਕ ਸੰਸਥਾ ਗੁ:ਬੁੰਗਾ ਮਸਤੂਆਣਾ ਧਾਰਮਿਕ ਮਹਾਂਵਿਦਿਆਲਾ ਦੇ ਮੁਖੀ ਬਾਬਾ ਕਾਕਾ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਕਈ ਮਸਲਿਆਂ ਸਬੰਧੀ ਵੀਚਾਰ ਚਰਚਾ ਕੀਤੀ।ਬਾਬਾ ਕਾਕਾ ਸਿੰਘ ਨੇ ਬਾਜਵਾ ਸਮੇਤ ਹੋਰਨਾਂ ਆਗੂਆਂ ਨੂੰ ਸਿਰੋਪਾਉ ਦੀ ਬਖਸ਼ਿਸ ਕੀਤੀ। ਬਾਜਵਾ ਨਾਲ ਇਸ ਮੌਕੇ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਗੁਰਜੰਟ ਸਿੰਘ ਕੁੱਤੀਵਾਲ ਤੇ ਗੁਰਾ ਸਿੰਘ ਤੁੰਗਵਾਲੀ ਦੋਵੇਂ ਸਾਬਕਾ ਵਿਧਾਇਕ, ਨਰਿੰਦਰ ਸਿੰਘ ਭੁਲੇਰੀਆ ਸਾਬਕਾ ਚੇਅਰਮੈਨ, ਸੱਤਪਾਲ ਸਿੰਘ ਮੂਲੇਵਾਲ, ਸੁਖਬੀਰ ਸਿੰਘ ਚੱਠਾ, ਨਵਇੰਦਰ ਸਿੰਘ ਨਵੀ ਸਾਬਕਾ ਚੇਅਰਮੈਨ ਆਦਿ ਆਗੂ ਮੌਜੂਦ ਦਿਖਾਈ ਦਿੱਤੇ।

**ਜੀਤਮਹਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਨੇ ਕੀਤਾ ਭਰਵਾਂ ਸਵਾਗਤ**

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਲਈ

# ਮਿਸਲ ਸਤੁਲਜ ਦਾ ਜਥਾ ਰਵਾਨਾ



**ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ)** :— ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਕੇਂਦਰੀ ਪੰਜੇ ਤੋਂ ਬਚਾਉਣ ਦੇ ਲਈ 10 ਨਵੰਬਰ ਨੂੰ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਹਮਣੇ ਕੀਤੇ ਜਾ ਰਹੇ ਇਕੱਠ ਵਿੱਚ ਸ਼ਮੂਲੀਅਤ ਕਰਨ ਲਈ ਫਿਰੋਜ਼ਪੁਰ ਤੋਂ ਮਿਸਲ ਸਤਲੁਜ ਦੇ ਜਨਰਲ ਸਕੱਤਰ ਦਵਿੰਦਰ ਸਿੰਘ ਸੇਖੋਂ ਦੀ ਅਗਵਾਈ ਵਿੱਚ ਇੱਕ ਵੱਡਾ ਜੱਥਾ ਰਵਾਨਾ ਹੋਇਆ। ਇਸ ਮੌਕੇ ਬੋਲਦਿਆਂ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਇਹ ਇਕੱਲਾ ਯੂਨੀਵਰਸਿਟੀ ਦਾ ਮਸਲਾ ਨਹੀਂ ਇਕੱਲੀ ਯੂਨੀਵਰਸਿਟੀ ਹੀ ਪੰਜਾਬ ਦੀ ਨਹੀਂ ਚੰਡੀਗੜ੍ਹ ਹੀ ਪੰਜਾਬ ਦਾ ਇਹ ਲੜਾਈ ਕੱਲੀ ਯੂਨੀਵਰਸਿਟੀ ਦੀ ਨਹੀਂ ਇਹ ਯੂਨੀਵਰਸਿਟੀ ਤੋਂ ਸ਼ੁਰੂ ਹੋ ਕੇ ਚੰਡੀਗੜ੍ਹ ਦੇ ਪੰਜਾਬ ਹਵਾਲਗੀ ਤੱਕ ਜਾਰੀ ਰਹਿਣੀ ਚਾਹੀਦੀ ਹੈ। ਮਿਸਲ ਸਤਲੁਜ ਦੇ ਨੌਜਵਾਨ ਜੱਥੇ ਦੇ ਫਿਰੋਜਪੁਰ ਤੋਂ ਪ੍ਰਧਾਨ ਮਾਨ ਸਿੰਘ ਕਿਲੀ ਨੇ ਕਿਹਾ ਕਿ ਖਾਕੀ ਨਿਕਰ ਵਾਲੇ ਸਮਝ ਲੈਣ ਕਿ ਪੰਜਾਬ ਦਾ ਨੌਜਵਾਨ ਜਾਗ ਗਿਆ ਹੈ। ਜੀਰਾ ਸ਼ਰਾਬ ਫੈਕਟਰੀ ਮੋਰਚਾ ਤੋਂ ਰੋਮਨ ਬਰਾੜ ਨੇ ਕਿਹਾ ਇਹ ਪੰਜਾਬੀਅਤ ਤੇ ਹਮਲਾ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ। ਮਿਸਲ ਸਤਲੁਜ ਦੇ ਜੱਥੇ ਵਿੱਚ ਗੁਰਬੀਰ ਸਿੰਘ ਬੱਬੂ ਖੋਸਾ, ਜਸਪ੍ਰੀਤ ਸਿੰਘ ਸਰਾਂ, ਗੁਰਪ੍ਰੇਮ ਸਿੰਘ ਪਤਲੀ, ਗੁਰਮਨ ਸਿੰਘ ਨਿਜਾਮੀਵਾਲਾ, ਗੁਰਪ੍ਰੀਤ ਸਿੰਘ ਫਿੱਡੇ, ਗਗਨ ਫਿੱਡੇ, ਬੂਟਾ ਸਿੰਘ ਮਹੀਆਂ ਵਾਲਾ, ਅੰਮ੍ਰਿਤਪਾਲ ਸਿੰਘ ਜੀਰਾ, ਕਰਮਪਾਲ ਸਿੰਘ, ਗੁਰਮੀਤ ਸਿੰਘ ਸੁਲਹਾਨੀ, ਸਰਬਜੀਤ ਸਿੰਘ ਸਾਥੀਆਂ ਨਾਲ ਪਹੁੰਚੇ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਨਦੀਪ ਹਸਪਤਾਲ ਵੱਲੋਂ ਗੁਰਪੁਰਬ ਦੇ ਉਪਲੱਖ 'ਚ ਲਗਾਇਆ ਗਿਆ ਮੁ਼ਫਤ ਹੈਲਥ ਚੈੱਕਅੱਪ ਕੈਂਪ

**ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ)** :— ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਗੁਰਪੁਰਬ ਦੇ ਉਪਲੱਖ 'ਚ ਅਮਨਦੀਪ ਹਸਪਤਾਲ ਵੱਲੋਂ ਖਾਲਸਾ ਗੁਰਦੁਆਰਾ ਫਿਰੋਜ਼ਪੁਰ ਕੈਂਟ ਦੇ ਸਹਿਯੋਗ ਨਾਲ ਇੱਕ ਮੁ਼ਫ਼ਤ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ 100 ਤੋਂ ਵੱਧ ਮਰੀਜ਼ਾਂ ਨੇ ਪਹੁੰਚ ਕੇ ਵੱਖ—ਵੱਖ ਜਾਂਚਾਂ ਦਾ ਲਾਭ ਲਿਆ ਤੇ ਆਪਣੀਆਂ ਸਿਹਤ ਸਬੰਧੀ ਸਮੱਸਿਆਵਾਂ ਬਾਰੇ ਵਿਸ਼ੇਸ਼ਗਿਆ ਡਾਕਟਰਾਂ ਨਾਲ ਸਲਾਹ ਕੀਤੀ। ਜਾਣਕਾਰੀ ਦਿੰਦਿਆਂ ਅਮਨਦੀਪ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਹਸਪਤਾਲ ਦਾ ਮਕਸਦ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਤੇ ਸਮੇਂ—ਸਮੇਂ ਤੇ ਇਸ ਤਰ੍ਹਾਂ ਦੇ ਮੁ਼ਫ਼ਤ ਕੈਂਪਾਂ ਰਾਹੀਂ ਸਮਾਜ ਦੀ ਸੇਵਾ ਕਰਨੀ ਹੈ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਬਲੱਡ ਸ਼ੂਗਰ, ਬੀ.ਪੀ. ਤੇ ਈ.ਸੀ.ਜੀ. ਵਰਗੀਆਂ ਜਾਂਚਾਂ ਕੀਤੀਆਂ ਗਈਆਂ ਅਤੇ ਡਾਕਟਰਾਂ ਨੇ ਮਰੀਜ਼ਾਂ ਨੂੰ ਜੀਵਨ ਸ਼ੈਲੀ ਵਿੱਚ ਸੁਧਾਰ ਤੇ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਸੁਝਾਅ ਵੀ ਦਿੱਤੇ। ਇਸ ਮੌਕੇ ਖਾਲਸਾ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਤਿੰਦਰ ਸਿੰਘ ਨੇ ਅਮਨਦੀਪ ਹਸਪਤਾਲ ਦੀ ਇਸ ਸਮਾਜਿਕ ਪਹਿਲ ਦੀ ਸਰਾਹਨਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਿਹਤ ਕੈਂਪ ਲੋਕਾਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਹੇ ਹਨ। ਉਨ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਵਿੱਖ 'ਚ ਵੀ ਇਸ ਤਰ੍ਹਾਂ ਦੇ ਕੈਂਪ ਜਾਰੀ ਰੱਖਣ ਦੀ ਗੱਲ ਕਹੀ। ਡਾ: ਅਭਿਸ਼ੇਕ ਅਰੋੜਾ ਨੇ ਕਮੇਟੀ ਦੇ ਸਾਰੇ ਮੈਂਬਰਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਹਸਪਤਾਲ ਅੱਗੇ ਵੀ ਸਮਾਜ ਦੀ ਸੇਵਾ ਲਈ ਇਸ ਤਰ੍ਹਾਂ ਦੇ ਯਤਨ ਜਾਰੀ ਰੱਖੇਗਾ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਅਮਨਦੀਪ ਕੌਰ ਨੇ ਦੱਸਿਆ ਕਿ ਅਮਨਦੀਪ ਹਸਪਤਾਲ ਨੇ 5 ਬੈੱਡ ਨਾਲ ਸ਼ੁਰੂਆਤ ਕੀਤੀ ਸੀ ਤੇ ਹੁਣ ਇਹ 750 ਬੈਡ ਤੱਕ ਵਿਸਤਾਰ ਕਰ ਚੁੱਕਾ ਹੈ। ਹਸਪਤਾਲ ਵਿੱਚ ਇਸ ਵੇਲੇ 170 ਤੋਂ ਵੱਧ ਅਨੁਭਵੀ ਸਰਜਨ ਤੇ ਡਾਕਟਰ ਹਨ ਜਿਨ੍ਹਾਂ ਨੇ ਹੁਣ ਤੱਕ 5 ਲੱਖ ਤੋਂ ਵੱਧ ਜ਼ਿੰਦਗੀਆਂ ਨੂੰ ਬਿਹਤਰ ਕੀਤਾ ਹੈ।



# ਗੁਰੂ ਕਾਸ਼ੀ ਸਾਹਿਤ ਅਕਾਦਮੀ ਪੰਜਾਬ ਦਾ ਸਲਾਨਾ ਸਮਾਗਮ ਅੱਜ, (ਪੰਜ ਮਹਾਨ ਸਖਸ਼ੀਅਤਾਂ ਨੂੰ ਵੱਖ-ਵੱਖ ਅਵਾਰਡ ਨਾਲ ਕੀਤਾ ਜਾਵੇਗਾ ਸਨਮਾਨਿਤ



**ਤਲਵੰਡੀ ਸਾਬੋ, 10 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਰਜਿ: ਪੰਜਾਬ ਦੀ ਗਿਆਨੀ ਕੌਰ ਸਿੰਘ ਕੋਠਾਗੁਰੂ ਦੀ ਰਹਿਨੁਮਾਈ ਹੇਠ ਸ਼੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਲਾਇਬ੍ਰੇਰੀ ਤਲਵੰਡੀ ਸਾਬੋ ਵਿਖੇ ਅਹਿਮ ਮੀਟਿੰਗ ਹੋਈ। ਜਿਸ ਵਿੱਚ ਫ਼ੈਸਲਾ ਪ੍ਰਧਾਨ ਪ੍ਰੋ. (ਡਾ.) ਗੁਰਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਅਕਾਦਮੀ ਦਾ ਸਲਾਨਾ ਸਮਾਗਮ ਮਿਤੀ 11 ਨਵੰਬਰ 2025 ਨੂੰ ਗੁਰੂ ਕਾਸ਼ੀ ਯੂਨੀਵਰਸਿਟੀ ਸੀ. ਬਲਾਕ, ਲਾਅ ਵਿਭਾਗ, ਸੈਮੀਨਾਰ ਹਾਲ ਵਿਖੇ ਹੋਵੇਗਾ ਅਤੇ ਇਲਾਕੇ ਦੇ ਸਾਰੇ ਹੀ ਸਾਹਿਤਕਾਰਾਂ, ਕਵੀਆਂ, ਕਵੀਸ਼ਰਾਂ, ਲੇਖਕਾਂ, ਵਿਦਵਾਨਾਂ ਨੂੰ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਸੱਦਾ ਦਿੱਤਾ। ਸਮਾਗਮ ਦੌਰਾਨ ਮਹਾਨ ਸਖਸ਼ੀਅਤਾਂ ਡਾ. ਸਵਰਾਜ ਸਿੰਘ, ਪ੍ਰੋ. ਬ੍ਰਹਮ ਜਗਦੀਸ਼ ਸਿੰਘ, ਨਿੰਦਰ ਘੁਗਿਆਣਵੀ, ਸੁਲੱਖਣ ਸਰਹੱਦੀ ਤੇ ਬਲਦੇਵ ਸੜਕਨਾਮਾ ਨੂੰ ਵੱਖ-ਵੱਖ ਅਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਪ੍ਰੋ. (ਡਾ.) ਰਾਮੇਸ਼ਵਰ ਸਿੰਘ (ਵਾਈਸ ਚਾਂਸਲਰ) ਜੀ.ਕੇ.ਯੂ, ਮੁੱਖ ਮਹਿਮਾਨ ਵਜੋਂ ਹੋਣਗੇ ਸ਼ਾਮਿਲ ਅਤੇ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ (ਰਜਿਸਟਰਾਰ ਪ੍ਰੋ ਵਾਈਸ ਚਾਂਸਲਰ) ਤੇ ਪ੍ਰੋ. ਹਰਜਸਪਾਲ ਸਿੰਘ (ਕੈਂਪਸ ਡਾਇਰੈਕਟਰ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਪ੍ਰੋਗਰਾਮ ਕੋਆਰਡੀਨੇਟਰ ਗਗਨ ਫੂਲ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਹਾਜ਼ਰ ਕਵੀਆਂ ਦਾ ਕਵੀ ਦਰਬਾਰ ਹੋਵੇਗਾ ਅਤੇ ਚਾਰ ਪੁਸਤਕਾਂ ਲੋਕ ਅਰਪਣ ਕੀਤੀਆਂ ਜਾਣਗੀਆਂ। ਜਿਸ ਵਿੱਚ ਅਕਾਦਮੀ ਦੇ ਮੋਢੀ ਮੈਂਬਰ ਸਿਕੰਦਰ ਮਾਨਵ ਦੀ ਪਲੇਠੀ ਪੁਸਤਕ ਤਪਦੇ ਰਸਤੇ ਬਲਦੀਆਂ ਛਾਵਾਂ ਲੋਕ ਅਰਪਣ ਹੋਵੇਗੀ ਤੇ ਸਹਾਇਕ ਪ੍ਰੋਫੈਸਰ ਜਗਮੀਤ ਹਰਫ਼ (ਐਮ.ਆਰ ਸਰਕਾਰੀ ਕਾਲਜ ਫਾਜਿਲਕਾ ਇਸ ਪੁਸਤਕ ਉੱਪਰ ਪਰਚਾ ਪੜ੍ਹਨਗੇ। ਸਰਪ੍ਰਸਤ ਗਿਆਨੀ ਕੌਰ ਸਿੰਘ ਕੋਠਾਗੁਰੂ ਅਤੇ ਸੰਸਥਾਪਕ ਪ੍ਰਧਾਨ ਹਰਗੋਬਿੰਦ ਸਿੰਘ ਸ਼ੇਖਪੁਰੀਆ ਨੇ ਸ਼ੁਭਕਾਮਨਾਵਾਂ ਦਿੱਤੀਆਂ। ਮੀਟਿੰਗ ਦੌਰਾਨ ਚੇਅਰਮੈਨ ਦਰਸ਼ਨ ਸਿੰਘ ਪ੍ਰੀਤੀਮਾਨ, ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ ਵਿਗਿਆਨੀ ਅਤੇ ਵਿੱਤ ਸਕੱਤਰ ਪ੍ਰੀਤ ਕੈਂਥ ਆਦਿ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿਲਜੀਤ ਦੋਸਾਂਝ 'ਤੇ ਮੰਡਰਾ ਰਿਹਾ ਖ਼ਤਰਾ ; ਹੁਣ ਆਕਲੈਂਡ 'ਚ ਹੋਣ ਵਾਲੇ ਸ਼ੋਅ ਨੂੰ ਲੈ ਕੇ ਮਿਲੀ ਧਮਕੀ

**ਆਕਲੈਂਡ, 10 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਇੱਕ ਵਾਰ ਫਿਰ ਖਾਲਿਸਤਾਨ ਹਮਾਇਤੀਆਂ ਦੇ ਨਿਸ਼ਾਨੇ 'ਤੇ ਹਨ। ਗਾਇਕ ਦੇ ਆਰਾ ਵਰਲਡ ਟੂਰ ਦੇ ਨਾਲ-ਨਾਲ ਨਿਊਜ਼ੀਲੈਂਡ ਦੇ ਆਕਲੈਂਡ ਵਿੱਚ ਹੋਣ ਵਾਲੇ ਉਨ੍ਹਾਂ ਦੇ ਆਉਣ ਵਾਲੇ ਕੰਸਰਟ ਨੂੰ ਖਾਲਿਸਤਾਨ ਪੱਖੀ ਸਮੂਹਾਂ ਵੱਲੋਂ ਧਮਕੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਾਲਾਂਕਿ, ਦਿਲਜੀਤ ਦੋਸਾਂਝ ਨੇ ਅਜੇ ਤੱਕ ਇਸ ਘਟਨਾ 'ਤੇ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ, ਪਰ ਆਪਣੇ ਗੀਤਾਂ ਨਾਲ ਪ੍ਰਸ਼ੰਸਕਾਂ ਨੂੰ ਮੋਹਿਤ ਕਰਨਾ ਜਾਰੀ ਰੱਖਿਆ ਹੈ। ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਨੂੰ ਫਿਰ ਤੋਂ ਖਾਲਿਸਤਾਨੀ ਸਮਰਥਕਾਂ ਵੱਲੋਂ ਧਮਕੀਆਂ ਮਿਲ ਰਹੀਆਂ ਹਨ। ਕੁਝ ਦਿਨ ਪਹਿਲਾਂ ਉਨ੍ਹਾਂ ਦੇ ਪਰਥ ਕੰਸਰਟ ਦੌਰਾਨ ਵੀ ਇਸੇ ਤਰ੍ਹਾਂ ਦੀ ਗੜਬੜ ਦੀ ਰਿਪੋਰਟ ਮਿਲੀ ਸੀ। ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ ਉਨ੍ਹਾਂ ਦੇ ਸ਼ੋਅ ਦੌਰਾਨ ਖਾਲਿਸਤਾਨ ਪੱਖੀ ਨਾਅਰੇ ਲਗਾਏ ਗਏ ਸਨ। ਹੁਣ, ਆਕਲੈਂਡ ਵਿੱਚ ਉਸਦੇ ਅਗਲੇ ਸੰਗੀਤ ਸਮਾਰੋਹ ਲਈ ਇੱਕ ਚਿਤਾਵਨੀ ਜਾਰੀ ਕੀਤੀ ਗਈ ਹੈ। ਇਹ ਧਮਕੀਆਂ ਅਮਰੀਕਾ ਸਥਿਤ ਕੱਟੜਪੰਥੀ ਗੁਰਪਤਵੰਤ ਸਿੰਘ ਪੰਨੂ ਦੀ ਸਿੱਖਸ ਫਾਰ ਜਸਟਿਸ ਵੱਲੋਂ ਆ ਰਹੀਆਂ ਹਨ, ਜਿਸਨੇ ਪਹਿਲਾਂ ਗਾਇਕ ਨੂੰ ਨਿਸ਼ਾਨਾ ਬਣਾਇਆ ਹੈ। ਵਧਦੇ ਤਣਾਅ ਦੇ ਬਾਵਜੂਦ, ਦੋਸਾਂਝ ਨੇ ਅਡੋਲ ਰਹਿਣ ਦੀ ਚੋਣ ਕੀਤੀ ਹੈ। ਉਹ ਇੰਸਟਾਗ੍ਰਾਮ 'ਤੇ ਆਪਣੇ ਸੰਗੀਤ ਸਮਾਰੋਹਾਂ ਦੀਆਂ ਖੁਸ਼ੀਆਂ ਭਰੀਆਂ ਫੋਟੋਆਂ ਸਾਂਝੀਆਂ ਕਰਨਾ ਜਾਰੀ ਰੱਖਦਾ ਹੈ, ਅਤੇ ਆਪਣਾ ਸੁਨੇਹਾ ਸਕਾਰਾਤਮਕ ਅਤੇ ਸਾਦਾ ਰੱਖਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਗੁਰਵੰਸਦੀਪ ਸਿੰਘ**

ਪਿਤਾ ਮਨਦੀਪ ਸਿੰਘ, ਮਾਤਾ ਹਰਪ੍ਰੀਤ ਕੌਰ, ਚੌਕ ਮਹਿਤਾ, ਪੰਜਾਬ ਟੈਂਟ ਹਾਊਸ ਚੌਕ ਮਹਿਤਾ ( ਵੇਰਵਾ ਫੋਟੋ ਬਾਬਾ ਸੁਖਵੰਤ ਸਿੰਘ ਚੰਨਣਕੇ)

ਆਵਾਜ਼ਿ ਕੌਮ AWAZE QAUM International Newspaper & WEB TV

ਕੈਪਟਨ ਹਰਚਰਨ ਸਿੰਘ ਰੋਡੇ ਦੇ ਪਾਠ ਦੇ ਭੋਗ ਤੇ ਅੰਤਿਮ ਅਰਦਾਸ ਵਿਚ

# ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਤੇ ਸੰਗਤਾਂ ਨੇ ਭਰੀ ਹਾਜ਼ਰੀ







**ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ)** :— 20ਵੀਂ ਸਦੀ ਦੇ ਮਹਾਨ ਸਿੱਖ ਯੋਧੇ ਕਥਨੀ ਕਰਨੀ ਦੇ ਪੂਰੇ, ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਭਗਤਾਂ ਅਤੇ ਸਤਿਕਾਰਯੋਗ ਬਾਬਾ ਜ਼ੋਗਿੰਦਰ ਸਿੰਘ ਦੇ ਸਪੁੱਤਰ ਕੈਪਟਨ ਹਰਚਰਨ ਸਿੰਘ ਰੋਡੇ ਜ਼ੋ ਕਿ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 1 ਨਵੰਬਰ 2025 ਦਿਨ ਸ਼ਿਨਚਰਵਾਰ ਨੂੰ ਸਦੀਵੀਂ ਵਿਛੋੜਾ ਦੇ ਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ ਸਨ, ਅੱਜ ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜ਼ਿਲ੍ਹਾ ਮੋਗਾ ਵਿਖੇ ਅਰਦਾਸ ਸਮਾਰੋਹ ਹੋਇਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਰਾਗੀ ਜਥਿਆਂ ਵੱਲੋਂ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ, ਰਾਜਨੀਤਕ ਪਾਰਟੀ ਦੇ ਆਗੂ, ਧਾਰਮਿਕ ਜਥੇਬੰਦੀਆਂ ਦੇ ਆਗੂ ਹਾਜ਼ਰ ਹੋਏ। ਇਸ ਮੌਕੇ ਭਾਈ ਕੁਲਦੀਪ ਸਿੰਘ ਡੱਲਾ, ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਜਥੇਦਾਰ ਹਰਚੰਦ ਸਿੰਘ ਪੰਜਾਬ ਪ੍ਰਧਾਨ, ਜਥੇਦਾਰ ਦਲੀਪ ਸਿੰਘ ਚੱਕਰ ਆਲ ਇੰਡੀਆ ਕਨਵੀਨਰ, ਭਾਈ ਹਰਕ੍ਰਿਸ਼ਨ ਸਿੰਘ, ਰਵਿੰਦਰ ਸਿੰਘ ਕਾਕਾ, ਗਿ: ਸੁਖਜਿੰਦਰ ਸਿੰਘ ਹਰਦਿਆਲੇਆਣਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਜਥੇਦਾਰ ਸਾਹਿਬ ਸਿੰਘ ਬਲਾਕ ਪ੍ਰਧਾਨ, ਜਰਨੈਲ ਸਿੰਘ ਮੱਲੋਕੇ ਜਨਰਲ ਸਕੱਤਰ, ਭਾਈ ਸਾਹਿਬ ਭਾਈ ਕਾਰਜ ਸਿੰਘ ਹਜ਼ੂਰੀ ਰਾਗੀ ਜਥਾ ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਕੁਲਦੀਪ ਸਿੰਘ ਰੋਡੇ ਸਕੱਤਰ ਐਸ.ਜੀ.ਪੀ.ਸੀ, ਸਿੰਘ ਸਾਹਿਬ ਗਿਆਨੀ ਜ਼ਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਕਥਾਵਾਚਕ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਵੀਹਵੀਂ ਸਦੀ ਦੇ ਮਹਾਨ ਜਰਨੈਲ ਯੋਧੇ, ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਸਪੁੱਤਰ ਭਾਈ ਸਾਹਿਬ ਭਾਈ ਈਸ਼ਰ ਸਿੰਘ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਸੰਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਭਾਈ ਈਸ਼ਰ ਸਿੰਘ ਸਪੁੱਤਰ ਸੰਤ ਭਿੰਡਰਾਂ ਵਾਲੇ, ਭਾਈ ਕੁਲਦੀਪ ਸਿੰਘ ਸਕੱਤਰ ਐਸ.ਜੀ.ਪੀ.ਸੀ, ਸੰਤ ਬਾਬਾ ਹਰਚਰਨ ਸਿੰਘ ਰਮਦਾਸਪੁਰ ਵਾਲਿਆਂ ਵੱਲੋਂ ਸਿੰਘ ਆਏ, ਸੰਤ ਗਿ: ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਵੱਲੋਂ ਬਾਬਾ ਅਜੀਤ ਸਿੰਘ, ਬਾਬਾ ਬੋਹੜ ਸਿੰਘ, ਗਿ: ਸਾਹਿਬ ਸਿੰਘ, ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਦਸਤਾਰ ਲੈ ਪਹੁੰਚੇ ਸਕੱਤਰ ਸੁਖਦੇਵ ਸਿੰਘ ਭੂਰਾ, ਮੈਨੇਜਰ ਜ਼ਸਵੀਰ ਸਿੰਘ ਦਰਬਾਰ ਸਿੰਘ, ਦਿੱਲੀ ਸਿੱਖ ਗੁ: ਮੈਨੇਜਮੈਂਟ ਕਮੇਟੀ ਵੱਲੋਂ ਜਗਦੀਪ ਸਿੰਘ ਕਾਹਲੋ ਜਨਰਲ ਸਕੱਤਰ, ਸਿੰਘ ਸਾਹਿਬ ਗਿ: ਰਣਜੀਤ ਸਿੰਘ ਹੈਡ ਗ੍ਰੰਥੀ ਗੁ: ਬੰਗਲਾ ਸਾਹਿਬ ਦਿੱਲੀ, ਜਥੇਦਾਰ ਸੁੱਚਾ ਸਿੰਘ ਛੋਟੇਪੁਰ ਅਕਾਲੀ ਆਗੂ, ਸੰਤ ਰੇਸ਼ਮ ਸਿੰਘ ਨਿਰਮਲ ਸੰਪ੍ਰਦਾਇ ਵੱਲੋਂ, ਸੰਤ ਸੁਖਪ੍ਰੀਤ ਸਿੰਘ ਰਾਜੇਆਣਾ, ਬਾਬਾ ਹਰਜਿੰਦਰ ਸਿੰਘ ਮਟੀਲੀ ਵਾਲੇ, ਜਥੇਦਾਰ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਯੂਨਾਈਟਿਡ ਅਕਾਲੀ ਦਲ, ਜਥੇਦਾਰ ਪਰਮਜੀਤ ਸਿੰਘ ਸਹੋਲੀ, ਰਾਜਦੇਵ ਸਿੰਘ ਸਾਬਕਾ ਐਮ.ਪੀ, ਕੁਲਤਾਰ ਸਿੰਘ ਸੰਧਵਾ ਸਪੀਕਰ ਵਿਧਾਨ ਸਭਾ ਪੰਜਾਬ ਸਰਕਾਰ, ਚੇਅਰਮੈਨ ਹਰਜਿੰਦਰ ਸਿੰਘ ਮੋਗਾ, ਭਾਈ ਨਰਾਇਣ ਸਿੰਘ ਚੌੜਾ ਸੰਘਰਸ਼ੀ ਯੋਧੇ, ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ, ਜਥੇਦਾਰ ਫੁੰਮਣ ਸਿੰਘ ਮੈਂਬਰ ਐਸ.ਜੀ.ਪੀ.ਸੀ ਭਗਤਾ ਭਾਈ ਕਾ ਦਸਤਾਰ, ਗੁ: ਲੋਹਗੜ੍ਹ ਦੀਨਾ ਸਾਹਿਬ ਮੈਨੇਜਰ ਸਾਹਿਬ ਤੇ ਸਟਾਫ, ਜਥੇਦਾਰ ਬੂਟਾ ਸਿੰਘ ਰਣਸੀਂਹ ਕਾਰਜਕਾਰੀ ਪ੍ਰਧਾਨ ਯੂਨਾਈਟਿਡ ਅਕਾਲੀ ਦਲ, ਬਲਜੀਤ ਸਿੰਘ ਖਾਲਸਾ ਸੰਪਾਦਕ ਵੰਗਾਰ ਮੈਗਜੀਨ, ਸੁਆਮੀ ਬਾਬਾ ਹਰਨਾਮ ਸਿੰਘ ਮਾਹਿਲਪੁਰ ਬੁੰਗੇਵਾਲੇ, ਸੰਤ ਬਾਬਾ ਬਲਦੇਵ ਸਿੰਘ ਜ਼ੋਗੇਵਾਲ ਵਾਲੇ, ਡਾ: ਸੰਤ ਬਾਬਾ ਗੁਰਨਾਮ ਸਿੰਘ ਡਰੌਲੀ ਭਾਈ ਕੀ, ਸੰਤ ਚਮਕੌਰ ਸਿੰਘ ਪੰਜ ਗਰਾਂਈਆਂ, ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਮੈਨੇਜਰ ਨਿਰਮਲ ਸਿੰਘ ਕੋਲਿਆਂ ਵਾਲੀ ਮੁਕਤਸਰ ਦਸਤਾਰ, ਗਿ: ਤੇਜਬੀਰ ਸਿੰਘ ਦਮਦਮੀ ਟਕਸਾਲ ਅੰਮ੍ਰਿਤਸਰ, ਸੰਤ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ, ਪਰਮਿੰਦਰ ਸਿੰਘ ਬੱਬੂ ਪ੍ਰਧਾਨ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਯੂ.ਕੇ, ਭਾਈ ਅਮੋਲਕ ਸਿੰਘ ਅਖਾੜਾ ਸੰਤ ਬਾਬਾ ਗੁਰਬਚਨ ਸਿੰਘ ਦੇ ਪੋਤਰੇ, ਬਾਬਾ ਜ਼ੋਗਿੰਦਰ ਸਿੰਘ ਪੀ.ਏ, ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ, ਸ਼ਹੀਦ ਭਾਈ ਅਵਤਾਰ ਸਿੰਘ ਖੰਡੇ ਦੇ ਮਾਤਾ ਬੀਬੀ ਚਰਨਜੀਤ ਕੌਰ, ਜਥੇ: ਧਿਆਨ ਸਿੰਘ ਮੰਡ, ਸੰਤ ਬਾਬਾ ਬਲਵੀਰ ਸਿੰਘ ਲੰਮਿਆਂ ਵਾਲੇ, ਬਾਬਾ ਬਲਦੇਵ ਸਿੰਘ ਧਰਮਪੁਰੇ ਵਾਲੇ, ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਸੁਖਪ੍ਰੀਤ ਸਿੰਘ ਰਾਜੇਆਣਾ ਸੰਤ ਬਾਬਾ ਰੇਸ਼ਮ ਸਿੰਘ, ਬਾਬਾ ਹਰਜਿੰਦਰ ਸਿੰਘ ਸਟੀਲੀ ਵਾਲੇ ਨਿਰਮਲ ਸੰਪ੍ਰਦਾਇ ਵੱਲੋਂ, ਬਾਬਾ ਸੁਰਜੀਤ ਸਿੰਘ ਮਹਿਰੋ ਵਾਲੇ ਦਸਮ ਗ੍ਰੰਥ ਸਾਹਿਬ ਦੀ ਸੇਵਾ, ਭਾਈ ਨਿਧੜਕ ਸਿੰਘ ਫੈਡਰੇਸ਼ਨ ਆਗੂ, ਜਥੇਦਾਰ ਸਤਨਾਮ ਸਿੰਘ ਬਰਾੜ ਮਨਾਵਾਂ, ਜਥੇਦਾਰ ਤੇਜਵੰਤ ਸਿੰਘ ਗਰੇਵਾਲ ਨਾਰੰਗਵਾਲ ਵਾਲੇ ਦਮਦਮੀ ਟਕਸਾਲ, ਮਨਪ੍ਰੀਤ ਸਿੰਘ ਇਆਲੀ ਅਕਾਲੀ ਆਗੂ, ਗਿ: ਭੁਪਿੰਦਰ ਸਿੰਘ ਗੁਰਮਤਿ ਵਿਦਿਆਲਾ ਮਖੂ ਬਾਬਾ ਠਾਕੁਰ ਸਿੰਘ ਜੀ ਦੇ ਅਸਥਾਨ, ਭਾਈ ਸੁਖਰਾਜ ਸਿੰਘ ਨਿਆਮੀਵਾਲਾ, ਭਾਈ ਗੁਰਮੀਤ ਸਿੰਘ ਖੁਡੀਆ ਖੇਤੀ ਮੰਤਰੀ ਪੰਜਾਬ ਸਰਕਾਰ, ਜਗਦੇਵ ਸਿੰਘ ਖੁਡੀਆ ਸਾਬਕਾ ਐਮ.ਪੀ ਦੇ ਸਪੁੱਤਰ, ਤਰਸੇਮ ਸਿੰਘ ਭਾਈ ਅੰਮ੍ਰਿਤਪਾਲ ਸਿੰਘ ਐਮ.ਪੀ ਤਰਨਤਾਰਨ ਦੇ ਪਿਤਾ, ਬਰਜਿੰਦਰ ਸਿੰਘ ਮੱਖਣ ਬਰਾੜ ਸੁਖਚੈਨ ਸਿੰਘ ਚਾਚਾ ਜੀ, ਸਵ: ਜਥੇ. ਤੋਤਾ ਸਿੰਘ ਦੇ ਸਪੁੱਤਰ ਗਿ: ਹਰਪ੍ਰੀਤ ਸਿੰਘ ਜ਼ੋਗੇਵਾਲ ਤੋਂ ਸੰਤ ਬਾਬਾ ਬਲਦੇਵ ਸਿੰਘ ਜੀ, ਜਥੇਦਾਰ ਜ਼ਸਵੀਰ ਸਿੰਘ ਖਡੂਰ ਸਾਹਿਬ ਦਲ ਖਾਲਸਾ ਜਨਰਲ ਸਕੱਤਰ, ਦਰਸ਼ਨ ਸਿੰਘ ਮੰਡ ਸਾਹਿਬ ਦੇ ਸਪੁੱਤਰ ਸਤਨਾਮ ਸਿੰਘ, ਜਥੇ. ਧਿਆਨ ਸਿੰਘ ਮੰਡ, ਸਵਰਣ ਸਿੰਘ, ਕੁਲਵੰਤ ਸਿੰਘ ਮੰਡ ਵਾਲਾ, ਭਾਈ ਨਛੱਤਰ ਸਿੰਘ ਅਸਟਰੀਆ ਯੋਰਪ, ਜਥੇ: ਗੁਰਭੇਜ਼ ਸਿੰਘ ਭੈਣੀ ਮੱਸਾ ਸਿੰਘ, ਜਥੇ: ਹਰਕ੍ਰਿਸ਼ਨ ਸਿੰਘ ਕੋਠੇ ਜੀਵਾ, ਰਜਿੰਦਰ ਸਿੰਘ ਰਾਜਾ ਪ੍ਰਧਾਨ ਗੁਰਦਾਸਪੁਰ, ਜ਼ੋਗਿੰਦਰ ਸਿੰਘ ਫ਼ਿਰੋਜ਼ਪੁਰ, ਕੁਲਦੀਪ ਸਿੰਘ, ਰਣਜੀਤ ਸਿੰਘ ਸੰਗਰੂਰ, ਇੰਟਰਨੈਸ਼ਨਲ ਪੰਥਕ ਦਲ ਦੀ ਯੂ.ਕੇ, ਕੈਨੇਡਾ, ਅੰਮ੍ਰਿ, ਐਡਵੋਕੇਟ ਛਿੰਦਰਪਾਲ ਸਿੰਘ ਬਰਾੜ, ਸਿੰਘ ਸਾਹਿਬ ਗਿ: ਇੰਦਰਜੀਤ ਸਿੰਘ ਗ੍ਰੰਥੀ ਅਕਾਲ ਤਖਤ ਸਾਹਿਬ, ਬਾਬਾ ਹਰਮੇਲ ਸਿੰਘ ਸਰਦੂਲੇਵਾਲਾ, ਗਿ: ਗੁਰਸ਼ਰਨ ਸਿੰਘ ਭਲੂਰ ਵਾਲੇ, ਜਥੇਦਾਰ ਹਰਚੰਦ ਸਿੰਘ ਚੱਕਰ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਜਥੇਦਾਰ ਹਰਚੰਦ ਸਿੰਘ ਚੱਕਰ ਕਨਵੀਨਰ ਆਈ.ਪੀ.ਡੀ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਐਸ.ਜੀ.ਪੀ.ਸੀ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਆਈ.ਪੀ.ਡੀ, ਰਘਵੀਰ ਸਿੰਘ ਵਾਲਸਾਲ ਪ੍ਰਧਾਨ ਯੂ.ਕੇ ਆਈ.ਪੀ.ਡੀ, ਵਾਜੇ ਕੌਮ ਟੀ.ਵੀ ਤੇ ਅਖਬਾਰ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਐਸ.ਜੀ.ਪੀ.ਸੀ, ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦਆਬਾ, ਸੰਤ ਬਾਬਾ ਸਤਨਾਮ ਸਿੰਘ ਵੱਲੀਆ ਪ੍ਰਧਾਨ ਧਾਰਮਿਕ ਵਿੰਗ ਆਈ.ਪੀ.ਡੀ, ਸੰਤ ਗਰਦੀਪ ਸਿੰਘ ਚੰਦਪੁਰਾਣਾ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅਮਰਜੀਤ ਸਿੰਘ ਚਾਵਲਾ, ਰਜਿੰਦਰ ਸਿੰਘ ਮਹਿਤਾ, ਮਾਲਵਾ ਕਵੀਸ਼ਰੀ ਢਾਡੀ ਸਾਹਿਤ ਸਭਾ ਵੱਲੋਂ ਬੀਰ ਭਾਨ ਸਿੰਘ ਮੌੜ, ਬਲਵਿੰਦਰ ਸਿੰਘ ਭਗਤਾ ਭਾਈ ਕਾ, ਭਾਈ ਬਲਵਿੰਦਰ ਸਿੰਘ ਅਲਗੋ ਖੁਰਦ ਫੌਜ਼ ਵਿਚੋਂ ਜਥੇਦਾਰ ਨਛੱਤਰ ਸਿੰਘ ਠੀਕਰੀ ਵਾਲਾ ਆਦਿ ਹਾਜ਼ਰ ਸਨ। ਅਖੀਰ ਵਿਚ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਰੋਡੇ ਖਾਲਸਾ ਨੇ ਸਮੂਹ ਆਏ ਹੋਏ ਮਹਾਂਪੁਰਸ਼ਾਂ, ਸੰਤ ਸਮਾਜ ਦੇ ਆਗੂਆਂ, ਧਾਰਮਿਕ ਅਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਜਥੇਬੰਦੀ ਵਿਚ ਹਰ ਵਰਕਰ ਸੇਵਾ ਵਿਚ ਯੋਗਦਾਨ ਪਾਵੇ—ਪ੍ਰਦੀਪ ਭੁੱਲਰ



ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ) :— ਸਮਾਜ ਸੇਵੀ ਸੰਸਥਾਵਾਂ ਵਿੱਚ ਕੰਮ ਕਰਨ ਵਾਲੇ ਉੱਘੇ ਸਮਾਜ ਸੇਵਕ ਅਤੇ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਮਲਵਾਲ ਇਕਾਈ ਦੇ ਸੀਨੀਅਰ ਆਗੂ ਪ੍ਰਦੀਪ ਸਿੰਘ ਭੁੱਲਰ ਕਰਨੈਲ ਟੈਂਟ ਹਾਊਸ ਵੱਲੋਂ ਭਾਰਤੀ ਕਿਸਾਨ ਯੂਨੀਅਨ ਖੋਸਾ ਜਿਲਾ ਫਿਰੋਜਪੁਰ ਦੇ ਪ੍ਰਧਾਨ ਦਲੀਪ ਸਿੰਘ ਸੰਧੂ, ਮਨਜੀਤ ਸਿੰਘ ਔਲਖ ਸੂਬਾ ਮੀਤ ਪ੍ਰਧਾਨ, ਸੁਰਜੀਤ ਸਿੰਘ ਜਿਲ੍ਹਾ ਖਜਾਨਚੀ, ਗੁਰਨਾਮ ਸਿੰਘ ਜਿਲ੍ਹਾ ਮੀਤ ਪ੍ਰਧਾਨ, ਸੁਖਦੇਵ ਸਿੰਘ ਲਾਇਲਪੁਰ, ਅਵਤਾਰ ਸਿੰਘ ਦੀ ਹਾਜਰੀ ਵਿਚ ਜ਼ਿਲ੍ਹੇ ਵਾਸਤੇ ਦਰੀਆਂ ਭੇਂਟ ਕੀਤੀਆਂ। ਇਸ ਸਮੇਂ ਮਨਜੀਤ ਸਿੰਘ ਔਲਖ ਸੂਬਾ ਮੀਤ ਪ੍ਰਧਾਨ, ਦਲੀਪ ਸਿੰਘ ਜਿਲ੍ਹਾ ਪ੍ਰਧਾਨ ਵੱਲੋਂ ਪਰਦੀਪ ਸਿੰਘ ਭੁੱਲਰ ਦਾ ਧੰਨਵਾਦ ਕੀਤਾ ਅਤੇ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਜਥੇਬੰਦੀ ਦੀ ਚੜਦੀ ਕਲਾ ਲਈ ਹਰ ਵਰਕਰ ਕੋਈ ਵੀ ਸੇਵਾ ਕਰ ਸਕਦਾ ਹੈ ਜਥੇਬੰਦੀ ਵਿਚ ਹਰ ਵਰਕਰ ਦਾ ਪੂਰਾ ਮਾਨ ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਪਰਦੀਪ ਸਿੰਘ ਭੁੱਲਰ ਨੇ ਕਿਹਾ ਕਿ ਮੈਨੂੰ ਬਹੁਤ ਜਿਆਦਾ ਖੁਸੀ ਹੋਈ ਕਿ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਸਾਡੇ ਪਿੰਡ ਮੱਲਵਾਲ ਕਦੀਮ ਤੋਂ ਦਲੀਪ ਸਿੰਘ ਸੰਧੂ ਨੂੰ ਜਿਲਾ ਪ੍ਰਧਾਨ ਬਣਾ ਕੇ ਬਹੁਤ ਵੱਡਾ ਮਾਣ ਬਖਸ਼ਿਆ ਹੈ। ਉਨਾਂ ਕਿਹਾ ਕਿ ਜ਼ਿਲਾ ਜਥੇਬੰਦੀ ਵਲੋ ਜਦੋਂ ਵੀ ਕੋਈ ਸੰਘਰਸ਼ ਲੜਿਆ ਜਾਣਾ ਹੈ ਤਾਂ ਦਰੀਆਂ ਦੀ ਬਹੁਤ ਜਿਆਦਾ ਲੋੜ ਪੈਂਦੀ ਹੈ ਤਾਂ ਇਸ ਕਰਕੇ ਮੈਂ ਸ਼ੁਰੂਆਤ ਕਰਦਿਆ ਜਥੇਬੰਦੀ ਨੂੰ ਦਰੀਆਂ ਦੇਣ ਦੀ ਸੇਵਾ ਕੀਤੀ ਹੈ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਰੈਨਬੋ ਫੈਸਟ ਈਵੈਂਟ ਕਰਵਾਇਆ



ਫ਼ਿਰੋਜ਼ਪੁਰ, 10 ਨਵੰਬਰ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਵਿੱਚ ਚੱਲ ਰਿਹਾ ਹੈ। ਸਕੂਲ ਦੇ ਵਿਹੜੇ ਵਿੱਚ ਅੱਜ ਰੈਨਬੋ ਫੈਸਟ ਈਵੈਂਟ ਦਾ ਆਯੋਜਨ ਬੜੀ ਧੂਮ—ਧਾਮ ਨਾਲ ਕੀਤਾ ਗਿਆ, ਬੀਤੇ ਕੁਝ ਦਿਨਾਂ ਤੋਂ ਇਸ ਈਵੈਂਟ ਦੀਆਂ ਤਿਆਰੀਆਂ ਬੜੇ ਉਤਸ਼ਾਹ ਨਾਲ ਚੱਲ ਰਹੀਆਂ ਸਨ। ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਸਕੂਲ ਦੇ ਚੈਅਰਮੈਨ ਡਾ: ਹੀਰਾ ਲਾਲ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਸਕੂਲ ਪ੍ਰਬੰਧਨ ਕਮੇਟੀ ਦੇ ਮੈਂਬਰਾਂ ਨੂੰ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਸਵਾਗਤ ਕਰਕੇ ਕੀਤੀ ਗਈ। ਸਕੂਲ ਦੇ ਆਲੇ—ਦੁਆਲੇ ਦੇ ਆਸ—ਪਾਸ ਅਤੇ ਕਲੱਬਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਵੱਖ—ਵੱਖ ਕਿਸਮਾਂ ਦੇ ਸਟਾਲ ਲਗਾਏ ਗਏ, ਕਈ ਤਰ੍ਹਾਂ ਦੇ ਖੇਡ, ਖਿਡੌਣੇ, (ਵਿਭਿੰਨ ਕਿਸਮ ਦੇ ਗਿਆਨਵਰਧਕ ਪੁਸਤਕਾਂ) ਜਿਨ੍ਹਾਂ ਦਾ ਉਦੇਸ਼ ਬੱਚਿਆਂ ਵਿੱਚ ਪੜ੍ਹਨ ਹੁਨਰ ਵਿੱਚ ਵਾਧਾ ਕਰਨਾ, ਪੰਜਾਬ ਦੀ ਮਹਿਕ ਸਟਾਲ ਤੇ ਪੰਜਾਬੀ ਵਿਰਾਸਤ ਤੋਂ ਵਸਤੂਆਂ ਬੱਚਿਆਂ ਨੂੰ ਦਿਖਾਉਣਾ, ਫਲੇਮ ਲੈਸ ਕੁਕਿੰਗ, ਕਲਾਂ ਪ੍ਰਦਰਸ਼ਨੀ ਵੱਖ—ਵੱਖ ਕਿਸਮਾਂ ਦੀਆਂ ਹੱਥਾਂ ਤੋਂ ਬਣੀਆਂ ਵਸਤੂਆਂ ਆਦਿ ਦੇ ਸਟਾਲ ਲਾਏ। ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਵਿਗਿਆਨ ਅਤੇ ਗਣਿਤ ਵਿਸ਼ਿਆਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ ਵਿਦਿਆਰਥੀਆਂ ਨੇ ਵੱਖ—ਵੱਖ ਮਾਡਲ ਬਣਾਉਣ ਲਈ ਆਪਣੀ ਪ੍ਰਤਿਭਾ ਦਿਖਾਈ ਜਿਸ ਦਾ ਉਦੇਸ਼ ਵਿਦਿਆਰਥੀ ਅਤੇ ਜਨਸਾਧਾਰਨ ਪ੍ਰਤੀ ਵਿਗਿਆਨ ਅਤੇ ਵਿਗਿਆਨਕ ਉਪਲਬਧੀਆਂ ਬਾਰੇ ਜਾਣਕਾਰੀ ਦੇਣਾ ਸੀ। ਇਸ ਦੌਰਾਨ ਗਣਿਤ ਦੇ ਮਾਡਲਾਂ ਦੀ ਵਰਤੋਂ ਵਿੱਚ ਵਿਦਿਆਰਥੀਆਂ ਦੁਆਰਾ ਗਣਿਤ ਬਾਰੇ ਸਿੱਖਣ ਦੀ ਪ੍ਰਤੀਕਿਰਿਆ ਕੀਤੀ ਗਈ। ਸਕੂਲ ਦੀ ਸਜਾਵਟ ਨੇ ਸਕੂਲ ਦੀ ਸ਼ੋਭਾ ਵਿੱਚ ਚਾਰ ਚੰਨ ਲਗਾਏ, ਪ੍ਰੋਗਰਾਮ ਵਿੱਚ ਆਏ ਮਾਤਾ—ਪਿਤਾ ਅਤੇ ਬੱਚਿਆਂ ਨੇ ਲੋਕ ਖੇਡਾਂ, ਝੂਲੇ ਅਤੇ ਖਾਣ ਪੀਣ ਦੇ ਸਟਾਲ ਅਤੇ ਡੀਜੇ ਤੇ ਨੱਚਣ ਦਾ ਭਰਪੂਰ ਆਨੰਦ ਉਠਾਇਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਜਾਣਕਾਰੀ ਦਿੱਤੀ ਗਈ ਕਿ ਕਿ ਰੇਨਬੋ ਫੈਸਟ ਦਾ ਮੁੱਖ ਉਦੇਸ਼ ਵਿੱਤੀ ਸਾਖਰਤਾ ਬਾਰੇ ਦੱਸਣਾ ਹੈ। ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ—ਨਾਲ ਨਿੱਜੀ ਖਰਚ, ਨਿਵੇਸ਼ ਅਤੇ ਵਪਾਰ ਕਰਨਾ ਵਰਗੀ ਜਾਣਕਾਰੀ ਪ੍ਰਦਾਨ ਕਰਨਾ ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਬੱਚਿਆਂ ਵਿੱਚ ਏਕਤਾ, ਸਹਿਯੋਗ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਹੁੰਦੀ ਹੈ। ਸਕੂਲ ਪ੍ਰਿੰਸੀਪਲ ਅਤੇ ਪ੍ਰਬੰਧਕਾਂ ਦੁਆਰਾ ਸਾਰੇ ਵਿਅਕਤੀਆਂ ਅਤੇ ਅਧਿਆਪਕਾਂ ਨੂੰ ਇਸ ਪ੍ਰੋਗਰਾਮ ਦੀ ਸਫਲਤਾਪੂਰਵਕ ਨੇਪਰੇ ਚਾੜ੍ਹਨ ਦੀ ਵਧਾਈ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243